ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

# ਸਾਂਝੀ ਸੋਚ

SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-11 ISSUE 1791 | 4 July, 2024 Thursday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260


## ਅਮਰੀਕੀ ਚੋਣਾਂ: ਬਾਇਡਨ ਨਾਲੋਂ ਕਮਲਾ ਹੈਰਿਸ ਦੇ ਜਿੱਤਣ ਦੇ ਮੌਕੇ ਜ਼ਿਆਦਾ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਭਾਰਤੀ-ਅਫਰੀਕੀ ਮੂਲ ਦੀ ਅਮਰੀਕੀ ਉਪ ਰਾਸ਼ਟਰਪਤੀ ਕਮਲਾ ਹੈਰਿਸ ਜੇਕਰ ਰਾਸ਼ਟਰਪਤੀ ਚੋਣ ਵਿਚ ਖੜ੍ਹਦੀ ਹੈ, ਤਾਂ ਰਾਸ਼ਟਰਪਤੀ ਜੋਅ ਬਾਇਡਨ ਨਾਲੋਂ ਉਨ੍ਹਾਂ ਦੇ ਜਿੱਤਣ ਦੇ ਜ਼ਿਆਦਾ ਮੌਕੇ ਹਨ। ਇਹ ਗੱਲ ਸੀ.ਐੱਨ.ਐੱਨ. ਦੇ ਇੱਕ ਤਾਜ਼ਾ ਸਰਵੇਖਣ ਵਿਚ ਕਹੀ ਗਈ ਹੈ।

ਪਿਛਲੇ ਹਫ਼ਤੇ ਐਟਲਾਂਟਾ ਵਿਚ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਬਹਿਸ ਵਿਚ ਨਿਰਾਸ਼ਾਜਨਕ ਪ੍ਰਦਰਸ਼ਨ ਤੋਂ ਬਾਅਦ ਦੇਸ਼ ਦੇ ਅਗਲੇ ਰਾਸ਼ਟਰਪਤੀ ਵਜੋਂ ਬਾਇਡਨ (81) ਦੀ ਪ੍ਰਵਾਨਗੀ ਦਰਜਾਬੰਦੀ ਵਿਚ ਗਿਰਾਵਟ ਆਈ ਹੈ। ਰਾਸ਼ਟਰਪਤੀ ਚੋਣ ਤੋਂ ਪਹਿਲਾਂ ਬਾਇਡਨ ਅਤੇ ਟਰੰਪ ਵਿਚਾਲੇ ਪਹਿਲੀ ਬਹਿਸ ਤੋਂ ਬਾਅਦ ਸੱਤਾਧਾਰੀ ਡੈਮੋਕ੍ਰੇਟਿਕ ਪਾਰਟੀ 'ਚ ਇਹ ਮੰਗ ਉੱਠ ਰਹੀ ਹੈ ਕਿ ਬਾਇਡਨ ਨੂੰ ਪਿੱਛੇ ਹਟਣਾ ਚਾਹੀਦਾ ਹੈ ਅਤੇ 5 ਨਵੰਬਰ ਨੂੰ ਹੋਣ ਵਾਲੀਆਂ ਰਾਸ਼ਟਰਪਤੀ ਚੋਣਾਂ ਲਈ ਪਾਰਟੀ ਵੱਲੋਂ ਕਿਸੇ ਹੋਰ ਨੂੰ ਮੌਕਾ ਦਿੱਤਾ ਜਾਵੇ। ਸੀ.ਐੱਨ.ਐੱਨ. ਦੇ ਸਰਵੇਖਣ ਮੁਤਾਬਕ ਟਰੰਪ ਲੋਕਪ੍ਰਿਅਤਾ ਦੇ ਮਾਮਲੇ ਵਿਚ ਬਾਇਡਨ ਤੋਂ ਛੇ ਅੰਕ ਅੱਗੇ ਹਨ। ਸਰਵੇਖਣ 'ਚ ਹੈਰਿਸ ਅਤੇ ਟਰੰਪ ਵਿਚਾਲੇ ਹੋਣ ਵਾਲੇ ਕਾਲਪਨਿਕ ਮੁਕਾਬਲੇ ਨੂੰ ਲੈ ਕੇ ਵੀ ਸਰਵੇਖਣ ਕੀਤਾ ਗਿਆ ਸੀ, ਜਿਸ ਮੁਤਾਬਕ 47 ਫੀਸਦੀ ਰਜਿਸਟਰਡ ਵੋਟਰ ਟਰੰਪ ਦਾ ਸਮਰਥਨ ਕਰਦੇ ਹਨ, ਜਦਕਿ 45 ਫੀਸਦੀ ਹੈਰਿਸ ਦੇ ਸਮਰਥਕ ਹਨ, ਜਿਸ ਦਾ ਮਤਲਬ ਹੈ ਕਿ ਉਨ੍ਹਾਂ ਦੇ ਆਹਮੋ-ਸਾਹਮਣੇ ਹੋਣ ਦੀ ਸਥਿਤੀ 'ਚ ਮੁਕਾਬਲਾ ਨੇੜੇ ਹੋ ਜਾਵੇਗਾ।



ਇਸ ਦੌਰਾਨ ਬਾਇਡਨ ਨੇ ਬਹਿਸ ਵਿਚ ਆਪਣੇ ਨਿਰਾਸ਼ਾਜਨਕ ਪ੍ਰਦਰਸ਼ਨ ਲਈ ਆਪਣੇ ਹਾਲੀਆ ਵਿਦੇਸ਼ੀ ਦੌਰਿਆਂ ਕਾਰਨ ਆਈ ਥਕਾਵਟ ਨੂੰ ਜ਼ਿੰਮੇਵਾਰ ਠਹਿਰਾਇਆ।

## ਫੌਜ ਦੀ ਵਰਦੀ 'ਚ ਘੁੰਮਦੇ ਨਜ਼ਰ ਆਏ 3 ਸ਼ੱਕੀ, ਪੁਲਿਸ ਵੀ ਅਲਰਟ

**ਪਠਾਨਕੋਟ ਸਾਂਝੀ ਸੋਚ ਬਿਊਰੋ**

ਪੰਜਾਬ ਦੇ ਪਠਾਨਕੋਟ 'ਚ 3 ਸ਼ੱਕੀ ਲੋਕਾਂ ਦੀਆਂ ਤਸਵੀਰਾਂ ਵਾਇਰਲ ਹੋ ਰਹੀਆਂ ਹਨ। ਇੱਥੇ ਨੰਗਲਪੁਰ ਇਲਾਕੇ ਵਿੱਚ ਦੇਖੇ ਗਏ ਇਹ ਤਿੰਨੇ ਸ਼ੱਕੀ ਫੌਜੀ ਵਰਦੀ ਵਿੱਚ ਸਨ। ਉਸ ਨੇ ਲੰਬੀ ਦਾੜ੍ਹੀ ਵੀ ਰੱਖੀ ਹੋਈ ਸੀ। ਇਹ ਦੇਖ ਕੇ ਜਦੋਂ ਲੋਕਾਂ ਨੂੰ ਸ਼ੱਕ ਹੋਇਆ ਤਾਂ ਉਨ੍ਹਾਂ ਤੁਰੰਤ ਪੁਲਿਸ ਨੂੰ ਫੋਨ ਕਰਕੇ ਸੂਚਨਾ ਦਿੱਤੀ।ਇਨ੍ਹਾਂ ਸ਼ੱਕੀ ਵਿਅਕਤੀਆਂ ਦੇ ਨਜ਼ਰ ਆਉਣ ਦੀ ਖ਼ਬਰ ਮਿਲਦਿਆਂ ਹੀ ਪੁਲਿਸ ਵੀ ਚੌਕਸ ਹੋ ਗਈ ਅਤੇ ਪੂਰੇ ਇਲਾਕੇ ਦੀ ਤਲਾਸ਼ੀ ਲਈ ਛ ਕਈ ਘੰਟਿਆਂ ਦੀ ਭਾਲ ਤੋਂ ਬਾਅਦ ਵੀ ਇਨ੍ਹਾਂ ਵਿਅਕਤੀਆਂ ਦਾ ਕੋਈ ਸੁਰਾਗ ਨਹੀਂ ਮਿਲਿਆ। ਹਾਲਾਂਕਿ ਇਸ ਦੇ ਬਾਵਜੂਦ ਇਲਾਕੇ 'ਚ ਸੁਰੱਖਿਆ ਬਲਾਂ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਹੈ।ਪਠਾਨਕੋਟ ਵਿੱਚ ਵਾਇਰਲ ਹੋ ਰਹੀ ਇਹ ਤਸਵੀਰ 29-30 ਜੂਨ ਦੀ ਦੱਸੀ ਜਾ ਰਹੀ ਹੈ। ਫਿਲਹਾਲ ਪੁਲਿਸ ਇਸ ਪੂਰੇ ਮਾਮਲੇ ਦੀ ਜਾਂਚ ਵਿੱਚ ਜੁਟੀ ਹੋਈ ਹੈ।ਪੁਲਿਸ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ ਫੌਜ ਅਤੇ ਸੀਮਾ ਸੁਰੱਖਿਆ ਬਲਾਂ (ਭਸ਼ਢ) ਨਾਲ ਮਿਲ ਕੇ ਪਠਾਨਕੋਟ ਦੇ ਬਮਿਆਲ ਇਲਾਕੇ 'ਚ ਕਰੀਬ ਛੇ ਘੰਟੇ ਤੱਕ ਤਲਾਸ਼ੀ ਮੁਹਿੰਮ ਚਲਾਈ। ਹਾਲਾਂਕਿ ਉਨ੍ਹਾਂ ਨੂੰ ਕੁਝ ਵੀ ਸ਼ੱਕੀ ਨਹੀਂ ਮਿਲਿਆ। ਪੁਲਿਸ ਨੇ ਕਿਹਾ ਕਿ ਸਾਵਧਾਨੀ ਦੇ ਤੌਰ 'ਤੇ ਇਲਾਕੇ 'ਚ ਸੁਰੱਖਿਆ ਕਰਮਚਾਰੀ ਤਾਇਨਾਤ ਕੀਤੇ ਜਾਣਗੇ।ਦਸ ਦਈਏ ਕਿ ਕੁਝ ਦਿਨ ਪਹਿਲਾਂ ਵੀ ਪਠਾਨਕੋਟ ਵਿੱਚ ਵੀ ਦੋ ਅਜਿਹੇ ਹੀ ਸ਼ੱਕੀ ਵਿਅਕਤੀ ਦੇਖੇ ਗਏ ਸਨ ਅਤੇ ਹੁਣ ਇੱਕ ਵਾਰ ਫਿਰ ਇਨ੍ਹਾਂ ਵਿਅਕਤੀਆਂ ਦੇ ਦੇਖਣ ਨਾਲ ਲੋਕਾਂ ਵਿੱਚ ਡਰ ਦਾ ਮਾਹੌਲ ਹੈ। ਇਸ ਤੋਂ ਪਹਿਲਾਂ ਇੱਥੋਂ ਦੇ ਕੋਟ ਭੱਟੀਆਂ ਇਲਾਕੇ ਵਿੱਚ ਇੱਕ ਵਿਅਕਤੀ ਨੇ ਦੋ 'ਸ਼ੱਕੀ ਵਿਅਕਤੀਆਂ' ਨੂੰ ਦੇਖ ਕੇ ਪੁਲੀਸ ਨੂੰ ਸੂਚਨਾ ਦਿੱਤੀ ਸੀ। ਇਹ ਪਿੰਡ ਜੰਮੂ-ਕਸ਼ਮੀਰ ਦੇ ਕਠੂਆ ਜ਼ਿਲ੍ਹੇ ਦੀ ਸਰਹੱਦ ਨਾਲ ਲੱਗਦਾ ਹੈ।ਇਸ ਤੋਂ ਪਹਿਲਾਂ 2015 'ਚ ਗੁਰਦਾਸਪੁਰ ਦੇ ਦੀਨਾਨਗਰ 'ਚ ਅੱਤਵਾਦੀ ਹਮਲਾ ਹੋਇਆ ਸੀ, ਜਦਕਿ ਪਠਾਨਕੋਟ ਏਅਰਬੇਸ 'ਤੇ 2016 'ਚ ਅੱਤਵਾਦੀਆਂ ਨੇ ਹਮਲਾ ਕੀਤਾ ਸੀ। ਅਜਿਹੇ 'ਚ ਪੁਲਸ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਨਹੀਂ ਕਰਨਾ ਚਾਹੁੰਦੀ। ਪੁਲੀਸ ਇਨ੍ਹਾਂ ਦੋਵਾਂ ਜ਼ਿਲ੍ਹਿਆਂ ਦੇ ਬੱਸ ਸਟੈਂਡ ਅਤੇ ਰੇਲਵੇ ਸਟੇਸ਼ਨ 'ਤੇ ਵੀ ਨਜ਼ਰ ਰੱਖ ਰਹੀ ਹੈ।


Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
ਹੋਰ ਜਾਣਕਾਰੀ ਲਈ ਸੰਪਰਕ ਕਰੋ:
+1 (209) 303-1260 +91 81463-20009

Law Offices of
Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**





Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.





# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

EQUAL HOUSING OPPORTUNITY

**Refinance @2.75% APR or lower**



Apply online at www.lendingassets.com and check out the live lowest rates on our website


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ SANJHI SOCH ਸਾਂਝੀ ਸੋਚ

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road, Suite H2-167 Modesto, CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਕੀ ਸਾਕਾ ਨੀਲਾ ਤਾਰਾ ਲਈ ਇਕੱਲੀ ਇੰਦਰਾ ਗਾਂਧੀ ਹੀ ਜ਼ਿੰਮੇਂਵਾਰ ਸੀ

ਜੂਨ 1984 ਦਾ ਪਹਿਲਾ ਹਫ਼ਤਾ ਸਿੱਖ ਕੌਮ ਲਈ ਬੜਾ ਮੰਦਭਾਗਾ ਅਤੇ ਕਦੇ ਵੀ ਨਾ ਭੁੱਲਣ ਯੋਗ ਨਾਸੂਰ ਬਣ ਗਿਆ ਜਿਸ ਦੀ ਟੀਸ ਸਿੱਖ ਹਿਰਦਿਆਂ ਵਿਚ ਰਹਿੰਦੀ ਦੁਨੀਆਂ ਤੱਕ ਪੈਂਦੀ ਰਹੇਗੀ। ਇਸ ਕੁਲੇਹਿਣੇ ਦਿਹਾੜੇ ਸਿੱਖ ਕੌਮ ਦਾ ਵਿਰਾਸਤੀ ਅਤੇ ਬਹੁਤ ਮੁਕੱਦਸ ਸਥਾਨ ਸ੍ਰੀ ਆਕਾਲ ਤਖਤ ਸਾਹਿਬ ਭਾਰਤੀ ਹਕੂਮਤ ਦਾ ਹੁਕਮ ਮੰਨਦਿਆਂ ਸਾਡੀ ਆਪਣੀ ਹੀ ਫੌਜ ਨੇ ਤੋਪਾਂ ਅਤੇ ਟੈਂਕਾਂ ਦੇ ਗੋਲਿਆਂ ਨਾਲ ਢਹਿ ਢੇਰੀ ਕਰ ਦਿੱਤਾ ਗਿਆ ਸੀ ਅਤੇ ਰੂਹਾਨੀਅਤ ਦਾ ਮੁਜੱਸਮਾ ਪਵਿੱਤਰ ਸ੍ਰੀ ਦਰਬਾਰ ਸਾਹਿਬ ਨੂੰ ਵੀ ਗੋਲੀਆਂ ਨਾਲ ਜ਼ਖ਼ਮੀ ਕਰ ਦਿੱਤਾ ਗਿਆ ਅਤੇ ਇਕ ਗੋਲੀ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੀੜ ਵੀ ਜ਼ਖਮੀ ਹੋ ਗਈ ਅਤੇ ਤਾਬੇ ਬੈਠਾ ਇਕ ਸਿੰਘ ਵੀ ਸ਼ਹੀਦ ਹੋ ਗਿਆ ਸੀ ।
ਇਸ ਤੋਂ ਇਲਾਵਾ ਪੰਜਾਬ ਵਿਚਲੇ ਤਿੰਨ ਦਰਜਨ ਦੇ ਕਰੀਬ ਗੁਰੂ ਘਰਾਂ ਤੇ ਫੌਜ ਨੇ ਹਮਲਾ ਕਰਕੇ ਬੇਅਦਬੀ ਕੀਤੀ ਅਤੇ ਹਜ਼ਾਰਾਂ ਬੇਗੁਨਾਹ ਸਿੱਖ ਬੱਚੇ ਬੱਚੀਆਂ, ਨੌਜਵਾਨਾਂ, ਔਰਤਾਂ ਅਤੇ ਬਜ਼ੁਰਗਾਂ ਦਾ ਕੱਤਲੇਆਮ ਕੀਤਾ ਅਤੇ ਸੈਂਕੜੇ ਨੌਜਵਾਨ ਗ੍ਰਿਫਤਾਰ ਕਰਕੇ ਦੂਰ ਦੁਰਾਡੇ ਦੀਆਂ ਜੇਲਾਂ ਵਿੱਚ ਬੰਦ ਕਰ ਦਿੱਤਾ।
ਸਿੱਖ ਕੌਮ ਦਾ ਸ਼ਹੀਦੀਆਂ ਨਾਲ ਬਹੁਤ ਡੂੰਘਾ ਰਿਸ਼ਤਾ ਹੈ ਹੱਕ ਸੱਚ ਦੀ ਲੜਾਈ ਲੜਦਿਆਂ ਸਾਡੇ ਰਹਿਬਰਾਂ ਨੇ ਮੌਤ ਰਾਣੀ ਨੂੰ ਵਰਿਆ ਪਰ ਕਿਸੇ ਵੀ ਜਾਬਰ ਸਾਹਮਣੇ ਗੋਡੇ ਨਹੀਂ ਟੇਕੇ। ਸ਼ਾਇਦ ਹੀ ਦੁਨੀਆਂ ਦੀ ਕਿਸੇ ਕੌਮ ਦੇ ਹਿੱਸੇ ਇਹੋ ਜਿਹਾ ਅਮੀਰ ਜੁਝਾਰੂ ਵਿਰਸਾ ਆਇਆ ਹੋਵੇ । ਦੁਨੀਆਂ ਦੀਆਂ ਕੁੱਲ ਜੰਗਾਂ ਨਿੱਜ ਲਈ ਲੜੀਆਂ ਗਈਆਂ ਪਰ ਇਕੋ ਹੀ ਕੌਮ ਦੇ ਰਹਿਬਰਾਂ ਨੇ ਜਾਬਰਾਂ ਦੁਵਾਰਾ ਕੀਤੇ ਜ਼ੁਲਮ ਅਤੇ ਅਨਿਆਂ ਖਿਲਾਫ ਹਿੱਕਾ ਡਾਹਕੇ ਲੜਾਈਆਂ ਲੜੀਆਂ ਅਤੇ ਮੁਜਲੂਮਾਂ ਅਤੇ ਜ਼ੁਲਮ ਸਹਿੰਦੇ ਨਿਤਾਣਿਆ ਲਈ ਵੀ ਸਹਾਦਿਤਾਂ ਦੇ ਜਾਮ ਪੀਤੇ। ਸਾਕਾ ਨੀਲਾ ਤਾਰਾ ਨੂੰ ਸਿੱਖ ਕੌਮ ਆਪਣੇ ਖਿਲਾਫ ਤੀਜਾ ਘੱਲੂਘਾਰਾ ਮੰਨਦੀ ਹੈ। ਸਾਕੇ ਅਤੇ ਸ਼ਹੀਦੀਆਂ ਸਾਡੇ ਲਈ ਬਿਲਕੁਲ ਵੀ ਓਪਰੇ ਨਹੀਂ। ਸਿੱਖ ਕੌਮ ਸ਼ਬਦ ਗੁਰੂ ਤੋਂ ਲੈਕੇ ਸ਼ਮਸ਼ੀਰ ਤੱਕ ਦਾ ਸਫ਼ਰ ਹੈ। ਸਾਡੇ ਪਹਿਲੇ ਰਹਿਬਰ ਜਿਸਨੂੰ ਅਸੀਂ ਕੁੱਲ ਦੁਨੀਆ ਦਾ ਰਹਿਬਰ ਵੀ ਆਖ ਲਈਏ ਤਾਂ ਕੋਈ ਅਤਿਕਥਨੀ ਨਹੀਂ ਹੋਵੇਗੀ। ਬਾਬੇ ਨਾਨਕ ਨੇ ਹੱਕ ਸੱਚ ਦੀ ਕਿਰਤ ਦਾ ਹੋਕਾ ਦਿੱਤਾ ਅਤੇ ਨਾਮ ਜਪਣ ਅਤੇ ਆਪਣੀ ਕਿਰਤ ਚੋਂ ਲੋੜਮੰਦਾਂ ਲਈ ਦਸਵੰਧ ਦਾ ਸੰਕਲਪ ਵੀ ਪ੍ਰਚਾਰਿਆ। ਸਰਬੱਤ ਦਾ ਭਲਾ ਵੀ ਸਿੱਖ ਧਰਮ ਦਾ ਫਲਸਫਾ ਹੈ। ਸਿੱਖ ਕੌਮ ਲਈ ਪਹਿਲਾਂ ਸਾਕਾ ਜਹਾਂਗੀਰ ਬਾਦਸ਼ਾਹ ਨੇ ਸਾਡੇ ਪੰਜਵੇਂ ਰਹਿਬਰ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਲਾਹੌਰ ਨੇੜੇ ਲੰਘਦੀ ਰਾਵੀ ਕਿਨਾਰੇ ਤੱਤੀ ਤਵੀ ਤੇ ਬਿਠਾ ਕੇ ਸਿਰ ਚ ਤੱਤਾ ਰੇਤਾ ਪਾਕੇ ਅਤੇ ਹੋਰ ਤਸੀਹੇ ਦੇਣ ਤੋਂ ਬਾਅਦ ਸ਼ਰੀਰ ਨਾਲ ਭਾਰੀ ਪੱਥਰ ਬੰਨਕੇ ਰਾਵੀ ਨਦੀ ਵਿਚ ਰੋੜ੍ਹ ਕੇ ਸ਼ਹੀਦ ਕਰ ਦਿੱਤਾ ਗਿਆ । ਇਸ ਤੋ ਬਾਅਦ ਕੌਮ ਵਿੱਚ ਜੁਝਾਰੂ ਜੱਜਬਾ ਭਾਰੂ ਹੁੰਦਾ ਗਿਆ ਅਤੇ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਮੀਰੀ ਪੀਰੀ ਦੀਆਂ ਦੋ ਤਲਵਾਰਾਂ ਧਾਰਨ ਕੀਤੀਆਂ ਅਤੇ ਭਗਤੀ ਦੇ ਰਸਤੇ ਤੇ ਚੱਲਦਿਆਂ ਜੇ ਦੁਸ਼ਮਣ ਲਲਕਾਰੇ ਤਾਂ ਇੱਟ ਦਾ ਜਵਾਬ ਪੱਥਰ ਨਾਲ ਕਿਵੇਂ ਦੇਣਾ ਹੈ ਦਾ ਜਜ਼ਬਾ ਸਿੱਖ ਸੇਵਕਾਂ ਵਿੱਚ ਭਰਨਾ ਸ਼ੁਰੂ ਕੀਤਾ। ਉਸ ਤੋਂ ਬਾਅਦ ਇਸੇ ਨੀਤੀ ਤੇ ਚੱਲਦਿਆਂ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਦੀ ਸਾਜਨਾ ਕੀਤੀ ਅਤੇ ਸਿੰਘਾਂ ਦੀ ਫੌਜ ਤਿਆਰ ਕੀਤੀ।
ਗੁਰੂ ਸਾਹਿਬ ਨੇ ਦੱਸਿਆ ਕਿ ਨਾ ਕਿਸੇ ਨੂੰ ਡਰਾਉਣਾ ਅਤੇ ਨਾ ਹੀ ਕਿਸੇ ਤੋਂ ਡਰਨਾ ਹੈ। ਜ਼ੁਲਮ ਕਰਨਾ ਵੀ ਪਾਪ ਅਤੇ ਜ਼ੁਲਮ ਸਹਿਣਾ ਵੀ ਪਾਪ ਹੱਕ ਸੱਚ ਤੇ ਚਲਦਿਆਂ ਧਰਮ ਲਈ ਮਰ ਮਿਟਣਾ ਪਰ ਈਨ ਨਹੀਂ ਮੰਨਣੀ। ਹਮੇਸ਼ਾ ਨਿਮਾਣੇ ਅਤੇ ਗਰੀਬ ਦੀ ਬਾਂਹ ਫੜਨੀ। ਸਿਦਕੋਂ ਨਹੀਂ ਡੋਲਣਾਂ ਅਤੇ ਇਸੇ ਰਾਹ ਤੇ ਚਲਦਿਆਂ ਗੁਰੂ ਸਾਹਿਬ ਆਪਣਾ ਸਰਬੰਸ ਵਾਰ ਗਏ ਅਤੇ ਪੰਥ ਖਾਲਸਾ ਦੇ ਰਹਿਬਰ ਹੋ ਨਿਬੜੇ ।
ਗੁਰੂ ਦੇ ਸਿੰਘ ਵੀ ਆਪਣੇ ਰਹਿਬਰ ਦੇ ਵਿਖਾਏ ਰਾਹ ਉਪਰ ਅਡੋਲ ਪਹਿਰਾ ਦਿੰਦੇ ਹੋਏ ਹੱਕ ਸੱਚ ਅਤੇ ਧਰਮ ਲਈ ਜੂਝਦਿਆਂ ਬੇਅੰਤ ਕੁਰਬਾਨੀਆਂ ਦਿੱਤੀਆਂ ਅਤੇ ਦੇਸ਼ ਤੇ ਚੜ੍ਹਕੇ ਆਏ ਜਾਬਰਾਂ ਦਾ ਹਿੱਕ ਡਾਹ ਕੇ ਮੁਕਾਬਲਾ ਕੀਤਾ। ਨਾਦਰਸ਼ਾਹ ਅਤੇ ਅਹਿਮਦ ਸ਼ਾਹ ਅਬਦਾਲੀ ਵਰਗਿਆਂ ਨੂੰ ਸੋਚਣ ਤੇ ਮਜਬੂਰ ਕਰ ਦਿੱਤਾ ਕਿ ਘੋੜਿਆਂ ਦੀਆਂ ਕਾਠੀਆਂ ਨੂੰ ਘਰ ਸਮਝਣ ਵਾਲੀ ਇਸ ਕੌਮ ਨੂੰ ਡੱਕਣਾ ਕੋਈ ਸੌਖਾ ਨਹੀਂ।
ਆਪਣੇ ਅਹਿਲਕਾਰਾਂ ਦੀਆਂ ਚੁੱਕਾਂ ਵਿੱਚ ਆਏ ਅਤੇ ਆਪਣੇ ਉਪਰ ਹੋਏ ਗੁਰੀਲੇ ਹਮਲਿਆਂ ਦਾ ਬਦਲਾ ਲੈਣ ਲਈ ਸਿੱਖਾਂ ਦਾ ਖੁਰਾ ਖੋਜ ਮਿਟਾਉਣ ਲਈ ਜ਼ੋਰਦਾਰ ਹਮਲੇ ਕੀਤੇ ਪਰ ਖਾਲਸਾ ਆਪਣੇ ਸਯੋਗ ਜਥੇਦਾਰਾਂ ਦੀ ਅਗਵਾਈ ਹੇਠ ਡੱਟਕੇ ਮੁਕਾਬਲਾ ਕਰਦਾ ਰਿਹਾ ਅਤੇ ਬੇਸ਼ਕ ਇਹਨਾਂ ਹਮਲਿਆਂ ਨਾਲ ਕੌਮ ਦਾ ਜਾਨ ਮਾਲ ਦਾ ਬਹੁਤ ਭਾਰੀ ਨੁਕਸਾਨ ਹੋਇਆ ਅਤੇ ਬੇਅੰਤ ਕਸ਼ਟ ਸਹਾਰਦਿਆਂ ਅਬਦਾਲੀ ਦੁਵਾਰਾ ਦੋ ਘੱਲੂਘਾਰਿਆਂ ਵਿਚੋਂ ਵੀ ਕੌਮ ਗੁੱਜਰੀ ਪਰ ਜੁਝਾਰੂ ਖਾਲਸੇ ਨੇ ਈਣ ਨਹੀਂ ਮੰਨੀ। ਪਹਿਲਾਂ ਛੋਟਾ ਘੱਲੂਘਾਰਾ ਅਤੇ ਸੋਲਾਂ ਕੁ ਸਾਲਾਂ ਬਾਅਦ ਵੱਡਾ ਘੱਲੂਘਾਰਾ ਕੁੱਪ ਰਹੀੜਾ ਦੇ ਛੰਭ ਵਿਚ ਵਾਪਰਿਆ ਹਜ਼ਾਰਾਂ ਦੀ ਗਿਣਤੀ ਚ ਔਰਤਾਂ,ਬੱਚੇ , ਬਜ਼ੁੱਰਗ ਅਤੇ ਜੰਗਜੂ ਨੌਜਵਾਨ ਸ਼ਹੀਦੀਆਂ ਪਾ ਗਏ ਅਤੇ ਰਹਿੰਦੇ ਸਿੰਘ ਛੁੱਪ ਛੁੱਪਾ ਜੰਗਲਾਂ ਵੱਲ ਚਲੇ ਗਏ ਅਤੇ ਖਾਲਸੇ ਦਾ ਹੋਸਲਾ ਵੇਖੋ ਛੇ ਮਹੀਨੇ ਬਾਅਦ ਹੀ ਲੁੱਟ ਕੇ ਮੁੜ ਰਹੀਆਂ ਅਬਦਾਲੀ ਦੀਆਂ ਫੌਜਾਂ ਤੇ ਗੁਰੀਲਾ ਹੱਲਾ ਬੋਲ ਕੇ ਮਾਲ ਅਸਬਾਬ ਲੁੱਟ ਲਿਆ। ਬੇਸ਼ਕ ਕੌਮ ਕਦੇ ਵੀ ਡੋਲੀ ਨਹੀਂ ਕਿਉਂਕਿ ਕੁਰਬਾਨੀਆਂ ਤਾਂ ਇਹਦਾ ਸ਼ੌਂਕ ਹੈ ਪਰ ਜਿਹੜਾ ਤੀਜਾ ਘੱਲੂਘਾਰਾ ਇਸ ਲਈ ਅਸਹਿ ਅਤੇ ਅਤੀ ਅੰਤ ਦੁੱਖਦਾਈ ਇਸ ਲਈ ਹੈ ਕਿ ਇਹ ਆਪਣੇ ਹੀ ਦੇਸ਼ ਦੇ ਤੱਤਕਾਲੀ ਹੁਕਮ ਰਾਣਾ ਨੇ ਆਪਣੇ ਹੀ ਦੇਸ਼ ਦੀਆਂ ਫੌਜਾਂ ਦੁਵਾਰਾ ਕਰਵਾਇਆ ਗਿਆ ਹਮਲਾ ਸੀ ਜਿਸ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਸਿੱਖ ਕੌਮ ਆਪਣੀ ਸੀਮਤ ਆਬਾਦੀ ਚੋਂ 80 ਫ਼ੀਸਦੀ ਕੁਰਬਾਨੀਆਂ ਇਕੱਲੀ ਨੇ ਦਿਤੀਆਂ ਅਤੇ ਬਾਅਦ ਵਿੱਚ ਹੋਈਆਂ ਚਾਰ ਜੰਗਾਂ,ਜੋਂ ਸਾਡੇ ਤੇ ਥੋਪੀਆਂ ਗਈਆਂ ਸਨ , ਵਿਚ ਸਾਡੇ ਸਿੱਖ ਫੌਜੀ ਜਵਾਨ ਬੜੀ ਦਲੇਰੀ ਨਾਲ ਹਿੱਕਾਂ ਡਾਹ ਕੇ ਲੜੇ ਅਤੇ ਸੱਭ ਤੋਂ ਵੱਧ ਸ਼ਹੀਦੀਆਂ ਪਾਈਆਂ। ਸਾਕਾ ਨੀਲਾ ਤਾਰਾ ਤੋਂ ਬਾਅਦ ਕਾਰਗਿਲ ਯੁੱਧ ਵਿਚ ਫੌਜ ਦੀ 8 ਸਿੱਖ ਬਟਾਲੀਅਨ ਨੇ ਆਪਣੀ ਬੇਜੋੜ ਸਕਤੀ ਅਤੇ ਦੇਸ਼ ਭਗਤੀ ਦਾ ਸਬੂਤ ਦਿੰਦੇ ਹੋਏ ਦੁਸ਼ਮਣ ਦੇ ਦੰਦ ਖੱਟੇ ਕੀਤੇ ਅਤੇ ਜਿੱਤ ਪ੍ਰਾਪਤ ਕੀਤੀ। ਬੇਸ਼ਕ ਇਸ ਦਾ ਸਿਹਰਾ ਸਾਡੀ ਸੁਮੁੱਚੀ ਫੌਜ ਦੇ ਸਿਰ ਵੱਝਦਾ ਹੈ ਪਰ ਬ੍ਰਗੇਡੀਅਰ ਸਰਦਾਰ ਕੁਲਦੀਪ ਸਿੰਘ ਕਾਹਲੋਂ ਮੁਤਾਬਕ 8 ਸਿੱਖ ਬਟਾਲੀਅਨ ਦਾ ਵਿਲੱਖਣ ਯੋਗਦਾਨ ਸੀ । ਕੋਈ ਇਕ ਵੀ ਅਜਿਹਾ ਖੇਤਰ ਨਹੀਂ ਜਿੱਥੇ ਪੰਜਾਬੀਆਂ ਅਤੇ ਖਾਸ ਕਰ ਸਿੱਖ ਕੌਮ ਦਾ ਵਿਸ਼ੇਸ਼ ਯੋਗਦਾਨ ਨਾ ਰਿਹਾ ਹੋਵੇ। ਹਰੀ ਕ੍ਰਾਂਤੀ ਰਾਹੀਂ ਖੇਤੀਬਾੜੀ ਚ ਇੰਨਕਲਾਬ ਲਿਆਉਣ ਵਿੱਚ ਪੰਜਾਬ ਅਤੇ ਹਰਿਆਣਾ ਮੋਢੀ ਸਨ ਜੋਂ ਕਿ ਕਦੇ ਪੰਜਾਬ ਦਾ ਹੀ ਅੰਗ ਸੀ। ਖੇਡਾਂ ਵਿਚ ਵੀ ਸਿੱਖ ਖਿਡਾਰੀਆਂ ਦਾ ਵਿਤੋਂ ਬਾਹਰੀ ਯੋਗ ਦਾਨ ਹੈ। ਇਹ ਘੱਲੂਘਾਰਾ ਕਿਵੇਂ ਵਾਪਰਿਆ ਕਿਉਂ ਵਾਪਰਿਆ ਇਹ ਬਹੁਤ ਲੰਮਾ ਚੌੜਾਂ ਵਖਿਆਨ ਹੈ। ਬੇਸ਼ਕ ਵਿਸ਼ੇਸ਼ ਤੌਰ ਤੇ ਉਸ ਸਮੈਂ ਦੀ ਤੱਤਕਾਲੀ ਸ਼ਾਸਕ ਸ੍ਰੀ ਮਤੀਂ ਇੰਦਰਾਂ ਗਾਂਧੀ ਸੀ ਅਤੇ ਸਿੱਖਾਂ ਨਾਲ ਵਿਸ਼ੇਸ਼ ਕਿੜ ਕੱਢਣ ਲਈ ਉਸਨੇ ਵਿਸ਼ੇਸ਼ ਹਾਲਾਤ ਪੈਦਾ ਕੀਤੇ ਇਹ ਕੋਈ ਗੁੱਝੇ ਨਹੀਂ ਰਹੇ ਪਰ ਸਵਾਲਾਂ ਦਾ ਸਵਾਲ ਇਹ ਹੈ ਬੇਸ਼ੱਕ ਉਹ ਇਹ ਸਾਰਾ ਖ਼ਾਕਾ ਆਪਣੇ ਦਿਮਾਗ ਚ ਬੈਠਾਈ ਬੈਠੀ ਸੀ ਫਿਰ ਵੀ ਇਕ ਜੰਗਜੂ ਕੌਮ ਦੇ ਵਿਰਾਸਤੀ ਕੇਂਦਰ ਸ੍ਰੀ ਆਕਾਲ ਤਖਤ ਸਾਹਿਬ ਤੇ ਹਮਲਾ ਕਰਨਾ ਇੰਨਾ ਆਸਾਨ ਕੰਮ ਨਹੀਂ ਸੀ ਜੇਕਰ ਉਸਨੂੰ ਅੰਦਰੋਂ ਅਤੇ ਬਾਹਰੋਂ ਕੁਝ ਵਿਸ਼ੇਸ਼ ਤਾਕਤਾਂ ਮੂਕ ਸਹਿਮਤੀ ਨਾ ਦਿੰਦੀਆਂ।
ਸੱਭ ਤੋਂ ਪਹਿਲਾਂ ਜਿਥੋਂ ਤੱਕ ਧਰਮ ਮੋਰਚਾ ਲਾਈ ਬੈਠੇ ਅਕਾਲੀਆਂ ਦੀ ਅਤੇ ਕਾਂਗਰਸ ਚ ਬੈਠੇ ਸਿੱਖਾਂ ਦੀ ਗੱਲ ਹੈ ਸੱਭ ਤੋ ਪਹਿਲਾਂ ਸਮਝੌਤੇ ਦੇ ਨਾਮ ਹੇਠ ਅਕਾਲੀਆਂ ਲੀਡਰਾਂ ਨੂੰ ਥਕਾ ਲਿਆ ਗਿਆ ਉਸਨੂੰ ਪਤਾ ਸੀ ਮੈਂ ਦੇਣਾ ਕੁੱਛ ਨਹੀਂ ਬਸ ਮੱਸਲੇ ਨੂੰ ਲਟਕਾਉਣਾ ਹੀ ਇਕੋ ਇਕ ਮਕਸਦ ਸੀ। ਬਹੁਤ ਤੇਜ਼ ਤਰਾਰ ਸਿਆਸਤਦਾਨ ਸੀ ਉਹ ਭਿੰਡਰਾਂਵਾਲੇ ਸੰਤਾਂ ਦੀ ਚੜ੍ਹਤ ਤੋਂ ਪ੍ਰੇਸ਼ਾਨ ਅਕਾਲੀ ਲੀਡਰਾਂ ਦਾ ਰੁੱਖ ਵੀ ਦੇਖ ਰਹੀ ਸੀ ਅਤੇ ਮੀਟਿੰਗ ਦਰ ਮੀਟਿੰਗ ਕਰਕੇ ਇਕ ਕਿਸਮ ਨਾਲ ਥਕਾ ਲਿਆ ਸੀ ਅਤੇ ਸਰਦਾਰ ਬੂਟਾ ਸਿੰਘ ਵਰਗੇ ਕਾਂਗਰਸੀ ਵੀ ਸਿਥੇ ਪੈ ਚੁੱਕੇ ਸਨ। ਉਹ ਅਕਾਲੀ ਲੀਡਰਾਂ ਦੀ ,ਸੰਤ ਭਿੰਡਰਾਂਵਾਲਿਆਂ ਬਾਬਤ ਡਰੀ ਸਹਿਮੀ ਸੋਚ , ਮਹਿਸੂਸ ਕਰ ਚੁੱਕੀ ਸੀ । ਮਈ ਦੇ ਅਖੀਰ ਚ ਹੋਈ ਮੀਟਿੰਗ ਚ ਉਸਨੇ ਚੰਗੀ ਤਰ੍ਹਾਂ ਭਾਂਪ ਲਿਆ ਸੀ ਅਕਾਲੀ ਆਗੂ ਇਹ ਭਾਣਾ ਵਰਤ ਜਾਣ ਪਿਛੋਂ ਵੱਡੇ ਵੱਡੇ ਧੜੱਲੇਦਾਰ ਸਿਆਸੀ ਬਿਆਨਾਂ ਤੋਂ ਵੱਧ ਕੁੱਝ ਨਹੀਂ ਕਰਨਗੇ ਅਤੇ ਕਈ ਲੋਕ ਤਾਂ ਅਕਾਲੀ ਆਗੂਆਂ ਦੀ ਮੂਕ ਸਹਿਮਤੀ ਦੀ ਗੱਲ ਵੀ ਕਰਦੇ ਹਨ ਅਤੇ ਇਕ ਗੁਪਤ ਚਿੱਠੀ ਦੀ ਗੱਲ ਵੀ ਸਿਆਸੀ ਗਲਿਆਰਿਆਂ ਚ ਘੁੰਮੀ ਪਰ ਸਚਾਈ ਬਾਰੇ ਕੁੱਝ ਨਹੀਂ ਕਿਹਾ ਜਾ ਸਕਦਾ ਪਰ ਜਿਸ ਤਰ੍ਹਾਂ ਬਾਅਦ ਵਿੱਚ ਆਈ ਅਕਾਲੀ ਭਾਜਪਾ ਸਰਕਾਰ ਦਾ ਰਵਈਆ ਸਾਕਾ ਨੀਲਾ ਤਾਰਾ ਬਾਬਤ ਪ੍ਰਤੀ ਰਿਹਾ ਉਹ ਕਈ ਸ਼ੰਕੇ ਜ਼ਰੂਰ ਖੜ੍ਹੇ ਕਰਦਾ। ਸੁਮੇਧ ਸੈਣੀ ਵਰਗੇ ਜ਼ਾਲਮ ਅਫਸਰ ਨੂੰ ਪੰਜਾਬ ਪੁਲਸ ਦਾ ਮੁਖੀ ਥਾਪਣਾ ਅਤੇ ਇਜ਼ਹਾਰ ਆਲਮ ਦੇ ਪਰਵਾਰ ਨੂੰ ਵੱਕਾਰੀ ਅਹੁਦੇ ਬਖਸ਼ਣਾ ਸ਼ੱਕ ਜ਼ਰੂਰ ਪੈਦਾ ਕਰਦਾ। ਇਕ ਵੀ ਝੂਠੇ ਮੁਕਾਬਲੇ ਦੀ ਪੜਤਾਲ ਨਾ ਕਰਵਾਉਣ ਅਤੇ ਸਾਰੇ ਮਾਮਲੇ ਦੀ ਛਾਣਬੀਣ ਕਰਨ ਲਈ ਜਸਟਿਸ ਅਜੀਤ ਸਿੰਘ ਜੀ ਦੀ ਅਗਵਾਈ ਚ ਬਣਿਆ ਗੈਰ ਸਰਕਾਰੀ ਕਮਿਸ਼ਨ ਉਪਰ ਹਾਈ ਕੋਰਟ ਦੁਵਾਰਾ ਪਬੰਦੀ ਲਗਵਾ ਦੇਣਾ ਬਹੁਤ ਗੁੱਝਾ ਇਸ਼ਾਰਾ ਕਰਦਾ ਜਾਪਦਾ ਹੈ। ਸਾਕਾ ਨੀਲਾ ਤਾਰਾ ਵਾਪਰਨ ਤੋਂ ਬਾਅਦ ਅਕਾਲੀ ਦਲ ਨੇ ਸਿਰੇ ਦੀ ਸਿੱਖ ਵਿਰੋਧੀ ਪਾਰਟੀ ਭਾਰਤੀ ਜਨਤਾ ਪਾਰਟੀ ਨਾਲ ਪਤੀ ਪਤਨੀ ਵਾਲਾ ਨਾਤਾ ਗੰਢਕੇ ਰਾਜਭਾਗ ਦਾ ਸੁੱਖ ਮਾਣਨਾ ਲੋਕ ਦਿਲਾਂ ਚ ਸ਼ੰਕੇ ਪੈਦਾ ਕਰਦਾ।
ਲਾਲ ਕ੍ਰਿਸ਼ਨ ਅਡਵਾਨੀ ਆਪਣੀ ਕਿਤਾਬ , ਮਾਈ ਕੰਟਰੀ ਮਾਈ ਲਾਈਫ , ਵਿਚ ਸਪੱਸ਼ਟ ਹੀ ਲਿਖਦਾ ਕਿ ਇੰਦਰਾ ਗਾਂਧੀ ਅਕਾਲ ਤਖ਼ਤ ਤੇ ਹਮਲਾ ਕਰਨ ਸਬੰਧੀ ਝਿਜਕ ਰਹੀ ਸੀ ਪਰ ਮੈਂ ਉਸ ਨੂੰ ਇਹ ਕੰਮ ਜਲਦੀ ਕਰਨ ਨੂੰ ਕਿਹਾ ਅਤੇ ਬਾਅਦ ਵਿੱਚ ਅਟੱਲ ਬਿਹਾਰੀ ਵਾਜਪਾਈ ਨੇ ਇੰਦਰਾਂ ਨੂੰ ਦੁਰਗਾ ਦਾ ਖਿਤਾਬ ਦਿੱਤਾ। ਇੰਦਰਾਂ ਗਾਂਧੀ ਵਾਜਪਾਈ ਨਾਲ ਅਕਸਰ ਹੀ ਸਿਆਸੀ ਮਸਲਿਆਂ ਉਪਰ ਵਿਚਾਰ ਵਟਾਂਦਰਾ ਕਰਦੀ ਸੀ ਅਤੇ ਸੋਨੀਆ ਗਾਂਧੀ ਵੀ ਆਪਣੀਂ ਸੱਸ ਦੀ ਨਸੀਹਤ ਤੇ ਦੁਚਿੱਤੀ ਸਮੇਂ ਵਾਜਪਾਈ ਦੀ ਸਲਾਹ ਲੈਂਦੀ ਸੀ ਇਸਦਾ ਜ਼ਿਕਰ ਇਕ ਮਹਿਲਾ ਪੱਤਰਕਾਰ ਨੇ ਆਪਣੀ ਇਕ ਕਿਤਾਬ ਵਿਚ ਕੀਤਾ ਹੈ। ਬਾਕੀ ਹਰ ਇਕ ਨੇ ਸਾਡੀਆਂ ਹੱਕੀ ਮੰਗਾਂ ਨੂੰ ਟੀਰੀ ਅੱਖ ਨਾਲ ਹੀ ਵੇਖਿਆ। ਸਰਕਾਰ ਨੇ ਬੜੀ ਖੋਟੀ ਨੀਤ ਨਾਲ ਗੋਦੀ ਮੀਡੀਏ ਰਾਹੀਂ ਸਾਰੇ ਦੇਸ਼ ਚ ਸਾਡਾ ਵੱਖਵਾਦੀ ਅਕਸ ਪੇਸ਼ ਕੀਤਾ। ਕਦੇ ਵੀ ਸੰਤ ਭਿੰਡਰਾਂਵਾਲਿਆਂ ਨੇ ਸਿਧੇ ਖਾਲਿਸਤਾਨ ਨਹੀਂ ਮੰਗਿਆ ਸੀ ਅਸਲ ਚ ਮੁੱਦਾ ਤਾਂ ਸਿਰਫ ਪੰਜਾਬ ਤੋਂ ਖੋਹੇ ਹੱਕ ਵਾਪਸ ਮੰਗਣੇ ਸਨ ਗੋਦੀ ਮੀਡੀਏ ਨੇ ਤਾਂ ਕਿਸਾਨ ਅੰਦੋਲਨ ਨੂੰ ਵੀ ਅੱਤਵਾਦ ਦਾ ਰੂਪ ਦੇਣ ਦੀ ਕੋਸ਼ਿਸ਼ ਕੀਤੀ ਪਰ ਸਫ਼ਲ ਨਹੀਂ ਹੋ ਸਕੇ। ਪੰਜਾਬ ਦੇ ਹਿੰਦੂ ਵੀਰ ਵੀ ਭੁਲਚਾਏ ਗਏ ਅਤੇ ਸਿੱਖਾਂ ਦੀ ਹਰ ਜਾਇਜ਼ ਮੰਗ ਨੂੰ ਟੀਰ ਪਾਕੇ ਵੇਖਦੇ ਰਹੇ। ਪੰਜਾਬੀ ਭਾਸ਼ਾ ਦੇ ਨਾਂ ਤੇ ਪੰਜਾਬੀ ਸੂਬਾ ਮੰਗਣਾ ਵੀ ਖਾਲਿਸਤਾਨ ਦਾ ਭੂਤ ਬਣ ਗਿਆ। ਸ਼ੁਰੂ ਵਿਚ ਅੰਗਰੇਜ਼ਾਂ ਕੋਲ ਮਾਸਟਰ ਤਾਰਾ ਸਿੰਘ ਜ਼ਰੂਰ ਇਸ ਮੁੱਦੇ ਨੂੰ ਉਭਾਰਦੇ ਰਹੇ ਸਨ ਪਰ ਬਾਅਦ ਵਿੱਚ ਉਹਨਾਂ ਨਹਿਰੂ ਅਤੇ ਗਾਂਧੀ ਦੁਵਾਰਾ ਦਿੱਤੇ ਗਏ ਵਾਅਦਿਆਂ ਤੇ ਵਿਸ਼ਵਾਸ ਕਰਕੇ ਸਿੱਖਾਂ ਦੀ ਹੋਣੀ ਨੂੰ ਪੂਰੀ ਤਰ੍ਹਾਂ ਭਾਰਤ ਨਾਲ ਜੋੜ ਦਿੱਤਾ ਬੇਸ਼ਕ ਉਹ ਵਾਅਦੇ ਵਫ਼ਾ ਨਹੀਂ ਹੋਏ। ਅੱਜ਼ ਵੀ ਮੁੱਠੀ ਭਰ ਲੋਕਾਂ ਵਲੋਂ ਖਾਲਿਸਤਾਨ ਦੇ ਨਾਹਰੇ ਲਾ ਕੇ ਸੁਮੁੱਚੇ ਸਿੱਖ ਜਗਤ ਦਾ ਨੁਕਸਾਨ ਕੀਤਾ ਜਾ ਰਿਹਾ। ਕਿਸੇ ਤਰਾਂ ਵੀ ਪੰਜਾਬ ਅਤੇ ਸਿੱਖ ਕੌਮ ਦੇ ਹਿੱਤ ਵਿੱਚ ਨਹੀਂ। ਮੁਕਦੀ ਗੱਲ ਕਿਸੇ ਵੀ ਸਿਆਸੀ ਪਾਰਟੀ ਨੇ ਸਿੱਖਾਂ ਦਾ ਦਰਦ ਨਹੀ ਸੱਮਝਿਆ ਅਤੇ ਸਾਰੀਆਂ ਸਿਆਸੀ ਧਿਰਾਂ ਦੀ ਮੂਕ ਸਹਿਮਤੀ ਸੀ ਜਿਸਦਾ ਤਤਕਾਲੀ ਸ਼ਾਸਕ ਨੂੰ ਪੂਰਾ ਅਹਿਸਾਸ ਸੀ ਅਤੇ ਉਸ ਨੇ ਆਪੂ ਬਣਾਏ ਇਸ ਮਹੋਲ ਦਾ ਫਾਇਦਾ ਚੁੱਕਿਆ । ਇਥੋਂ ਤੱਕ ਬਰਤਾਨੀਆ ਦੀ ਤੱਤਕਾਲੀ ਪ੍ਰਧਾਨ ਮੰਤਰੀ ਮਾਰਗਰੇਟ ਥੈਚਰ ਦਾ ਵੀ ਹਲਕਾ ਜਿਹਾ ਥਾਪੜਾ ਇੰਦਰਾਂ ਗਾਂਧੀ ਨੂੰ ਮਿਲਿਆ।
ਜਿਥੋਂ ਤੱਕ ਬਾਜਾਤੇ ਖੁੱਦ ਇੰਦਰਾ ਗਾਂਧੀ ਦਾ ਸਵਾਲ ਉਹ ਪੂਰਾ ਮਨ ਬਣਾ ਚੁੱਕੀ ਸੀ ਪਹਿਲਾਂ ਫੌਜੀ ਜਨਰਲ ਸਿਨਹਾਂ ਸਾਹਿਬ ਦੀ ਡਿਊਟੀ ਲਾਈ ਸੀ ਪਰ ਉਹ ਆਪਣੇ ਦੇਸ਼ ਦੇ ਲੋਕਾਂ ਖਿਲਾਫ ਜਾਣ ਲਈ ਤਿਆਰ ਨਾ ਹੋਏ ਬਲਕਿ ਉਹਨਾਂ ਸੁਝਾਅ ਦਿੱਤਾ ਕਿ ਸੰਤ ਭਿੰਡਰਾਂਵਾਲਿਆਂ ਅਤੇ ਉਸਦੇ ਪੈਰੋਕਾਰਾਂ ਨੂੰ ਕਾਬੂ ਕਰਨ ਦੇ ਹੋਰ ਵੀ ਤਰੀਕੇ ਵਰਤੇ ਜਾ ਸਕਦੇ ਹਨ ਪਰ ਇੰਦਰਾ ਨੇ ਉਹਨਾਂ ਦਾ ਸੁਝਾਅ ਨਹੀਂ ਮੰਨਿਆ ਕਿਉਂਕਿ ਉਹ ਤਾਂ ਸਿਖਾਂ ਨੂੰ ਸਬਕ ਸਿਖਾਉਣ ਲਈ ਬਜਿੱਦ ਸੀ।
ਉਸਦਾ ਸਬੂਤ ਇਹ ਹੈ ਕਿ ਇਕ ਪਾਸੇ ਅਕਾਲੀਆਂ ਨਾਲ ਗੱਲ ਬਾਤ ਦਾ ਢੌਂਗ ਰਚਾ ਰਹੀ ਸੀ ਦੂਸਰੇ ਪਾਸੇ ਜਨਵਰੀ,1984 ਤੋਂ ਹੀ ਦੇਹਰਾਦੂਨ ਲਾਗੇ ਉਤਰਾਖੰਡ ਦੀਆਂ ਪਹਾੜੀਆਂ ਵਿਚਕਾਰ ਸੁਮੁੱਚੇ ਦਰਬਾਰ ਸਾਹਿਬ ਕੰਪਲੈਕਸ ਦੀ ਇਮਾਰਤ ਦੀ ਨਕਲ ਕਰਕੇ ਫ਼ੌਜੀ ਅਭਿਆਸ ਕਰਵਾਇਆ ਜਾ ਰਿਹਾ ਸੀ।
ਉਹ ਐਮਰਜੈਂਸੀ ਵਿੱਚ ਅਕਾਲੀ ਦੱਲ ਦੀ ਸ਼ਮੂਲੀਅਤ ਕਰਕੇ ਸਿੱਖਾਂ ਨਾਲ ਡਾਢ੍ਹੀ ਨਰਾਜ਼ ਸੀ ਉਹ ਅਕਾਲੀ ਦਲ ਨੂੰ ਐਮਰਜੈਂਸੀ ਦਾ ਵਿਰੋਧ ਨਾ ਕਰਨ ਤੇ ਪੰਜਾਬ ਦੀ ਹਰ ਮੰਗ ਮੰਨਣ ਨੂੰ ਤਿਆਰ ਸੀ ਇੱਥੇ ਅਕਾਲੀ ਦੱਲ ਦੇ ਕੁੱਝ ਆਗੂਆਂ ਦੇ ਸਵਾਰਥ ਕਰਕੇ ਅਕਾਲੀ ਦਲ ਬਹੁਤ ਵੱਡੀ ਸਿਆਸੀ ਗਦਾਰੀ ਕਰ ਗਿਆ ਪੰਜਾਬ ਅਤੇ ਪੰਜਾਬ ਵਾਸੀਆਂ ਨਾਲ । ਐਮਰਜੈਂਸੀ ਤੋਂ ਬਾਅਦ ਜਨਤਾ ਦੱਲ ਦੀ ਕੇਂਦਰ ਵਿੱਚ ਸਰਕਾਰ ਚ ਸ਼ਾਮਲ ਹੋ ਕੇ ਪੰਜਾਬ ਬਾਰੇ ਕੁਝ ਨਹੀਂ ਕਰ ਸਕਿਆ ਅਸਲ ਚ ਨਿੱਜ ਭਾਰੀ ਪੈ ਗਿਆ। ਸਦੀਆਂ ਤੱਕ ਪੰਜਾਬ ਇਸ ਦਾ ਸੰਤਾਪ ਭੋਗੇਂਗਾ ਇੱਥੇ ਇਹ ਸ਼ੇਅਰ ਬੜਾ ਢੁਕਦਾ।

ਇਤਿਹਾਸ ਕੇ ਪੰਨੋਂ ਸੇ ਆਖਰ ਯੇਹ ਸਦਾ ਆਈ
ਲਮਹੋਂ ਨੇ ਖ਼ਤਾ ਕੀ ਥੀ ਸੱਦੀਓ ਨੇ ਸਜ਼ਾ ਪਾਈ।

ਮੇਰਾ ਇਸ ਸਾਰੇ ਬਿਰਤਾਂਤ ਨੂੰ ਲਿੱਖਣ ਦਾ ਮੱਤਲਬ ਇੰਦਰਾਂ ਗਾਂਧੀ ਨੂੰ ਕਲੀਨ ਚਿੱਟ ਦੇਣਾ ਨਹੀਂ ਉਹ ਤਾਂ ਕਹਾਣੀਆਂ ਪਾ ਪਾ ਕੇ ਇਕ ਬਿਰਤਾਂਤ ਸਿਰਜ ਰਹੀ ਸੀ ਇਸ ਸਾਰੇ ਨਾਵਲ ਦਾ ਅਤੇ ਇਸਦਾ ਅੰਤ ਵੀ ਉਸਨੂੰ ਪਤਾ ਸੀ ਪਰ ਆਪਣੇ ਅੰਤ ਤੋਂ ਅਣਜਾਣ ਸੀ । ਮੈਂ ਤਾਂ ਗੱਲ ਕਰ ਰਿਹਾ ਹਾਂ ਉਹਨਾਂ ਲੋਕਾਂ ਦੀ ਜਿਹਨਾਂ ਲੋਕਾਂ ਨੇ ਪਰਦੇ ਪਿੱਛੇ ਰਹਿਕੇ ਇੰਦਰਾ ਗਾਂਧੀ ਦੇ ਮੋਢੇ ਤੇ ਰੱਖਕੇ ਆਪਣੀਆਂ ਗੰਨਾ ਸਿੱਖ ਕੌਮ ਵਿਰੁੱਧ ਚਲਾਈਆਂ ਅਤੇ ਦੁੱਖ ਦੀ ਗੱਲ ਉਸ ਵਿਚ ਆਪਣੇ ਵੀ ਸ਼ਾਮਲ ਸਨ। ਇੰਦਰਾਂ ਗਾਂਧੀ ਨੇ ਇਹ ਕਾਰਵਾਈ ਕਰਨੀਂ ਹੀ ਕਰਨੀਂ ਸੀ ਬਘਿਆੜ ਨੇ ਲੇਲਾ ਖਾਣਾ ਹੀ ਖਾਣਾ ਸੀ ਬੇਸ਼ਕ ਲੇਲਾ ਕਿੰਨੀਆਂ ਵੀ ਸਚਾਈਆਂ ਦੱਸਦਾ। ਛੇ ਜੂਨ ਨੂੰ ਸ਼ੰਤ ਜਰਨੈਲ ਸਿੰਘ ,ਜਨਰਲ ਸ਼ਬੇਗ ਸਿੰਘ , ਭਾਈ ਅਮਰੀਕ ਸਿੰਘ ਅਤੇ ਹੋਰ ਪ੍ਰਮੁੱਖ ਖਾੜਕੂ ਸ਼ਹੀਦੀਆਂ ਪਾ ਜਾਂਦੇ ਹਨ ਪਰ ਸੱਤ ਜੂਨ ਨੂੰ ਸਿੱਖ ਰੈਫਰੈਂਸ ਲਾਇਬ੍ਰੇਰੀ ਨੂੰ ਅੱਗ ਲਾਈ ਜਾਂਦੀ ਹੈ ਜਿਸ ਵਿਚ ਬਹੁਤ ਅਣਮੋਲ ਸਿੱਖ ਇਤਿਹਾਸ ਨਾਲ ਜੁੜਿਆ ਸਾਹਿਤ ਅਤੇ ਸਿੱਖਾਂ ਵਿਰਾਸਤ ਦੀਆਂ ਅਸੀਮ ਵਸਤਾਂ ਸੜਕੇ ਸਵਾਹ ਹੋ ਜਾਂਦੀਆਂ ਹਨ ਅਤੇ ਬਹੁਤ ਕੀਮਤੀ ਵਿਰਾਸਤੀ ਵਸਤਾਂ ਫੌਜ ਉਠਾ ਕੇ ਲੈ ਜਾਂਦੀ ਹੈ ਜਿਸਦਾ ਅੱਜ ਤੱਕ ਥਹੁ ਪਤਾ ਨਹੀਂ ਲੱਗਿਆ । ਇਸ ਤੋਂ ਪਤਾ ਚਲਦਾ ਹੈ ਕਿ ਸੰਤਾਂ ਨੂੰ ਗ੍ਰਿਫਤਾਰ ਕਰਨਾ ਮਹਿਜ ਇਕ ਬਹਾਨਾ ਸੀ ਉਸਦਾ ਮਕ਼ਸਦ ਤਾਂ ਸਾਰੀ ਸਿੱਖ ਕੌਮ ਤੋਂ ਬਦਲਾ ਲੈਣਾ ਅਤੇ ਸਿੱਖ ਕੌਮ ਦੀ ਨਸਲਕੁਸ਼ੀ ਕਰਨਾ ਸੀ। ਸਾਕਾ ਨੀਲਾ ਤਾਰਾ
ਸੋ ਜੂਨ ਚੁਰਾਸੀ ਚ ਵਰਤਿਆ ਇਹ ਤੀਜਾ ਘੱਲੂਘਾਰਾ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਅਤੇ ਇਹਦੇ ਜ਼ਖਮਾਂ ਦੀ ਚੀਸ ਸਦੀਆਂ ਤੱਕ ਪੈਂਦੀ ਰਹੇਗੀ ਅਤੇ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਵੀ ਆਪਣੇ ਹਿਰਦਿਆਂ ਵਿਚ ਇਸਦੀ ਚਸਕ ਮਹਿਸੂਸ ਕਰਨਗੀਆਂ ਅਤੇ ਸਿੱਖ ਕੌਮ ਦੀਆਂ ਦੇਸ਼ ਪ੍ਰਤੀ ਕੀਤੀਆਂ ਕੁਰਬਾਨੀਆਂ ਅਤੇ ਦਿੱਲੀ ਤੱਖ਼ਤ ਤੇ ਕਾਬਜ਼ ਰਹੀਆਂ ਸਿਆਸੀ ਧਿਰਾਂ ਦੀ ਅਕਿਰਤਘੱਣਤਾ ਦੀ ਰੜਕ ਵੀ ਸੀਨੇ ਵਿਚ ਪੈਂਦੀ ਰਹੇਗੀ । ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਵੀ ਇਤਿਹਾਸ ਦੇ ਪੰਨਿਆਂ ਚ ਮੂੰਹ ਛੁਪਾਕੇ ਰੋਇਆ ਕਰਨਗੀਆਂ ਅਤੇ ਦਿੱਲੀ ਤੱਖ਼ਤ ਦੀ ਨਫ਼ਰਤ ਅਤੇ ਅਸਵੇਦਨਸੀਲਤਾ ਉਪਰ ਹਰਾਣੀ ਵੀ ਪ੍ਰਗਟ ਕਰਿਆ ਕਰਨਗੀਆਂ ਕਿ ਦੇਸ਼ ਪ੍ਰਤੀ ਇੰਨੀਆਂ ਕੁਰਬਾਨੀਆਂ ਦੇਣ ਵਾਲੀ ਕੌਮ ਦੇ ਲਈ ਭਾਰਤ ਦੇ ਮਹਾਨ ਲੋਕ ਵੀ ਹਾਅ ਦਾ ਨਾਹਰਾ ਨਾ ਮਾਰ ਸਕੇ ਕਿਉਂਕਿ ਹਾਕਮ ਤਾਂ ਕਈ ਵਾਰ ਸੱਤਾ ਦੇ ਨਸ਼ੇ ਵਿਚ ਮੱਖਮੂਰ ਹੁੰਦੇ ਹਨ। ਇਤਿਹਾਸ ਗਵਾਹ ਰਹੇਗਾ ਕਿ ਸਿੱਖ ਕੌਮ ਅਤੇ ਭਾਰਤ ਮਹਾਨ ਨੂੰ ਇੱਕ ਦੂੱਜੇ ਤੋਂ ਵੱਖ ਕਰਕੇ ਨਹੀਂ ਵੇਖਿਆ ਜਾ ਸਕਦਾ। ਇਹ ਮੁੱਠੀ ਭਰ ਭਾੜੇ ਦੇ ਬੰਦੇ ਅਤੇ ਕੁਝ ਕੁ ਮੁਤੱਸਵੀ ਸਿਆਸਤ ਦਾਨ ਆਪਣੇ ਤੱਤਿਆਂ ਨਾਹਰਿਆਂ ਅਤੇ ਗੁੱਝੇ ਉਦੇਸ਼ਾਂ ਸਦਕਾ ਜੋਂ ਸੁਮੁੱਚੀ ਸਿੱਖ ਕੌਮ ਨੂੰ ਆਪਣੇ ਦੇਸ਼ ਭਗਤੀ ਦੇ ਆਸ਼ੇ ਤੋਂ ਥਿੜਕਾਉਣਾ ਚਾਹੁੰਦੇ ਹਨ ਕਦੇ ਕਾਮਯਾਬ ਨਹੀਂ ਹੋਣਗੇ ਅਤੇ ਪੰਜਾਬ ਅਤੇ ਭਾਰਤ ਸਿੱਖਾਂ ਦੀ ਕਰਮਭੂਮੀ ਸੀ ,ਹੈ ਅਤੇ ਰਹੇਗੀ ਕਿਉਂਕਿ ਕਰਿਤਘਣ ਕੌਮਾਂ ਹਮੇਸ਼ਾਂ ਆਪਣੇ ਦੇਸ਼ ਅਤੇ ਸਮਾਜ ਪ੍ਰਤੀ ਸੰਵੇਦਨਸ਼ੀਲ ਹੁੰਦੀਆਂ ਹਨ। ਬੇਸ਼ਕ ਬਹੁਤ ਕੁਝ ਗੱਲ਼ਤ ਵਾਪਰਿਆ ਪਰ ਸਿੱਖ ਕੌਮ ਦੇ ਬਹਾਦਰ ਫ਼ੌਜੀ ਕਦੇ ਵੀ ਦੁਸ਼ਮਣ ਦੀ ਕੈਰੀ ਨਜ਼ਰ ਆਪਣੇ ਦੇਸ਼ ਤੇ ਨਹੀਂ ਪੈਣ ਦੇਣਗੇ ਇਸ ਦਾ ਪ੍ਰਤੱਖ ਪ੍ਰਮਾਣ ਕਾਰਗਿਲ ਦੀ ਜੰਗ ਅਤੇ ਪਿਛਲੇ ਸਮੇਂ ਚੀਨ ਅਤੇ ਭਾਰਤੀ ਫੌਜਾਂ ਵਿਚਕਾਰ ਹੋਈਆਂ ਝੜਪਾਂ ਵਿਚ ਸਿੱਖ ਫੌਜੀਆਂ ਦਾ ਬਾਜ਼ਾਂ ਵਾਂਗੂ ਜੂਝਕੇ ਸ਼ਹੀਦੀਆਂ ਪਾਉਣੀਆਂ। ਵਕਤ ਦੇ ਹਾਕਮਾਂ ਨੂੰ ਵੀ ਚਾਹੀਦਾ ਹੈ ਕਿ ਸਿੱਖ ਕੌਮ ਦੀਆਂ ਦੇਸ਼ ਪ੍ਰਤੀ ਕੀਤੀਆਂ ਘਾਲਣਾਵਾਂ ਨੂੰ ਇਨਸਾਫ ਦੀ ਅੱਖ ਨਾਲ ਵਾਚਣ ਅਤੇ ਇਸ ਕੌਮ ਨੂੰ ਬਣਦਾ ਕੌਮੀਂ ਸਨਮਾਨ ਦਿੱਤਾ ਜਾਵੇ । ਰੱਬ ਸੱਭ ਨੂੰ ਸਮੱਤ ਬਖਸ਼ੇ। ਆਮੀਨ !

ਸਾਂਝੀ ਸੋਚ

ਬਲਰਾਜ ਸਿੰਘ ਬਰਾੜ



# GINNY BEDI LAW PC



**Ginny Bedi Attorney**

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

**ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।**

**255 N Market St Ste 150 San Jose CA 95110**

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com


SAI JEWELERS
Making Every Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜ੍ਹੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday | 11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# ਇਸਤਰੀ ਜਾਗ੍ਰਿਤੀ ਮੰਚ ਵੱਲੋਂ ਐੱਮ.ਐੱਲ.ਏ ਦੀ ਸ਼ਹਿ 'ਤੇ ਹੁਸ਼ਿਆਰਪੁਰ 'ਚ ਮਜ਼ਦੂਰਾਂ 'ਤੇ ਹੋਏ ਅੰਨੇ ਤਸ਼ੱਦਦ ਦੀ ਸਖ਼ਤ ਨਿੰਦਾ

ਹੁਸ਼ਿਆਰਪੁਰ
ਸਾਂਝੀ ਸੋਚ ਬਿਊਰੋ



ਇਸਤਰੀ ਜਾਗ੍ਰਿਤੀ ਮੰਚ ਵੱਲੋਂ ਹੁਸ਼ਿਆਰਪੁਰ ਵਿੱਚ ਪੇਂਡੂ ਮਜ਼ਦੂਰ ਯੂਨੀਅਨ ਦੇ ਰੋਸ ਪ੍ਰਦਰਸ਼ਨ ਦੌਰਾਨ ਪੁਲਿਸ ਵੱਲੋਂ ਔਰਤਾਂ ਨੂੰ ਵਿਸ਼ੇਸ਼ ਰੂਪ ਵਿੱਚ ਟਾਰਗੇਟ ਬਣਾ ਕੇ ਉਹਨਾਂ ਉੱਪਰ ਲਾਠੀਚਾਰਜ਼ ਕਰਨਾ ਤੇ ਔਰਤਾਂ ਨੂੰ ਗੰਭੀਰ ਰੂਪ ਵਿੱਚ ਸੱਟਾਂ ਮਾਰਨ ਦੀ ਇਸਤਰੀ ਜਾਗਰਤੀ ਮੰਚ ਨੇ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਲਾਠੀਚਾਰਜ ਤੇ ਖਿੱਚਧੂਹ ਦੌਰਾਨ ਇਸਤਰੀ ਜਾਗ੍ਰਿਤੀ ਮੰਚ ਜਲੰਧਰ ਏਰੀਆ ਕਮੇਟੀ ਮੈਂਬਰ ਬਲਵਿੰਦਰ ਕੌਰ ਬੇਹੋਸ਼ ਹੋ ਗਏ, ਜਿਸ ਕਾਰਣ ਉਹਨਾਂ ਨੂੰ ਹਸਪਤਾਲ 'ਚ ਦਾਖਿਲ ਕਰਾਉਣਾ ਪਿਆ।

ਇਸਤਰੀ ਜਾਗ੍ਰਿਤੀ ਮੰਚ ਦੇ ਜਰਨਲ ਸਕੱਤਰ ਅਮਨਦੀਪ ਕੌਰ ਦਿਓਲ ਤੇ ਪ੍ਰੈੱਸ ਸਕੱਤਰ ਜਸਵੀਰ ਕੌਰ ਜੱਸੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਪਣੇ ਐਮ.ਐਲ.ਏ ਦੇ ਰੱਵਈਏ ਦੇ ਖਿਲਾਫ ਕਾਰਵਾਈ ਕਰਨ ਦੀ ਦਲਿਤ ਨਾਲ ਆਪਣੀ ਕਿੜ੍ਹ ਕੱਢ ਰਹੀ ਹੈ। ਉਹਨਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਲਿਤਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ। ਆਮ ਆਦਮੀ ਦੇ ਐਮ.ਐਲ.ਏ. ਨੂੰ ਸਵਾਲ ਪੁੱਛ ਰਹੇ ਮਜ਼ਦੂਰ ਨੌਜਵਾਨਾਂ ਨੂੰ ਚੁੱਕ ਕੇ ਜੇਲ ਵਿੱਚ ਸਿੱਟ ਦੇਣਾ ਉਸ ਦਾ ਦਲਿਤਾਂ ਪ੍ਰਤੀ ਝੂਠਾ ਹੇਜ ਤੋਂ ਪਰਦਾ ਚੁੱਕਦਾ ਹੈ। ਇੱਕ ਇੱਕ ਪਾਸੇ ਉਹ ਦਲਿਤ ਹਤੈਸ਼ੀ ਹੋਣ ਦਾ ਦਾਅਵਾ ਕਰ ਰਹੀ ਹੈ, ਦੂਜੇ ਪਾਸੇ ਮਜਦੂਰਾਂ ਯੂਨੀਅਨ ਦੇ ਆਗੂਆਂ ਦੀ ਰਿਹਾਈ ਲਈ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਦੌਰਾਨ ਮਜ਼ਦੂਰਾਂ ਅਤੇ ਔਰਤਾਂ ਉੱਤੇ ਅੰਨਾ ਲਾਠੀਚਾਰਜ਼ ਕਰਕੇ ਭਾਜਪਾ ਦੀ ਬੀ ਟੀਮ ਵਾਂਗ ਪੇਸ਼ ਆ ਰਹੀ ਹੈ। ਆਮ ਆਦਮੀ ਸਰਕਾਰ ਦੀ ਔਰਤਾਂ ਪ੍ਰਤੀ ਭਾਵੁਕਤਾ ਦਾ ਹੁਸ਼ਿਆਰਪੁਰ ਵਿੱਚ ਹੋਏ ਅੰਨੇ ਲਾਠੀਚਾਰਜ ਤੋਂ ਪਤਾ ਚੱਲਦਾ ਹੈ।

# ਦਸਤਾਂ ਤੋਂ ਬਚਾਅ ਲਈ ਸਾਫ਼-ਸਫਾਈ ਦੀ ਮਹੱਤਵਪੂਰਨ ਭੂਮਿਕਾ: ਡਾ.ਕਰਮਜੀਤ ਸਿੰਘ

ਸੁਨਾਮ
ਸਾਂਝੀ ਸੋਚ ਬਿਊਰੋ



ਸਿਵਲ ਸਰਜਨ ਡਾ. ਕਿਰਪਾਲ ਸਿੰਘ ਦੀ ਯੋਗ ਰਹਿਨੁਮਾਈ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਕਰਮਜੀਤ ਸਿੰਘ ਐਕਸ ਪੀ ਸੀ ਐੱਸ ਦੀ ਅਗਵਾਈ ਹੇਠ ਸਿਹਤ ਬਲਾਕ ਕੌਹਰੀਆਂ ਅਧੀਨ ਰਾਸ਼ਟਰੀ ਦਸਤ ਰੋਕੂ ਮੁਹਿੰਮ ਜਾਰੀ ਹੈ। ਇਸ ਤਹਿਤ ਆਮ ਲੋਕਾਂ, ਦੁੱਧ ਪਿਲਾਉਣ ਵਾਲੀਆਂ ਮਾਂਵਾਂ, ਸਕੂਲੀ ਬੱਚਿਆਂ ਆਦਿ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਡਾ. ਕਰਮਜੀਤ ਸਿੰਘ ਨੇ ਕਿਹਾ ਕਿ ਰੱਖਿਆ, ਰੋਕਥਾਮ ਤੇ ਉਪਚਾਰ ਨਾਲ ਬੱਚਿਆਂ ਨੂੰ ਦਸਤ ਤੋਂ ਬਚਾਇਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ 1 ਜੁਲਾਈ ਤੋਂ 31 ਅਗਸਤ 2024 ਤੱਕ ਰਾਸ਼ਟਰੀ ਦਸਤ ਰੋਕੂ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦਾ ਮੁੱਖ ਮੰਤਵ ਪੰਜ ਸਾਲ ਤੱਕ ਦੇ ਬੱਚਿਆਂ ਦੀ ਮੌਤ ਦਰ ਨੂੰ ਘਟਾਉਣਾ ਹੈ ਅਤੇ ਡਾਇਰੀਆ ਨਾਲ ਹੋਣ ਵਾਲੀਆਂ ਮੌਤਾ ਦੀ ਗਿਣਤੀ ਨੂੰ ਜ਼ੀਰੋ ਤੇ ਲਿਆਉਣਾ ਹੈ। ਉਨ੍ਹਾਂ ਦੱਸਿਆ ਕਿ ਇਹ ਮੁਹਿੰਮ "ਡਾਇਰੀਆ ਦੀ ਰੋਕਥਾਮ, ਸਾਫ-ਸਫਾਈ ਅਤੇ ਓਆਰਐੱਸ ਨਾਲ ਰੱਖੋ ਆਪਣਾ ਧਿਆਨ'' ਸਲੋਗਨ ਨਾਲ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦੌਰਾਨ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਦੋ-ਦੋ ਓ ਆਰ ਐੱਸ ਦੇ ਪੈਕਟ ਤੇ 14-14 ਜਿੰਕ ਦੀਆਂ ਗੋਲੀਆਂ ਵੰਡੀਆਂ ਜਾਣਗੀਆਂ। ਇਸਦੇ ਨਾਲ ਹੀ ਆਮ ਲੋਕਾਂ ਨੂੰ ਓ ਆਰ ਐੱਸ ਘੋਲ ਤਿਆਰ ਕਰਨ ਦੀ ਵਿਧੀ ਵੀ ਸਿਖਾਈ ਜਾਵੇਗੀ। ਸਿਹਤ ਕੇਂਦਰਾਂ ਤੇ ਆਂਗਨਵਾੜੀ ਸੈਂਟਰਾਂ ਵਿਚ ਓ ਆਰ ਐੱਸ ਤੇ ਜਿੰਕ ਕਾਰਨਰ ਸਥਾਪਤ ਕੀਤੇ ਗਏ ਹਨ।ਡਾ. ਕਰਮਜੀਤ ਸਿੰਘ ਨੇ ਦੱਸਿਆ ਕਿ ਦਸਤ ਦੇਸ਼ ਵਿਚ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀ ਸਿਹਤ ਲਈ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ।ਸਾਡੇ ਦੇਸ਼ ਵਿਚ ਹਰ ਸਾਲ ਲੱਖਾਂ ਬੱਚਿਆਂ ਦੀ ਦਸਤ ਕਾਰਨ ਮੌਤ ਹੋ ਜਾਂਦੀ ਹੈ।

ਇਹ ਵੀ ਵੇਖਿਆ ਗਿਆ ਹੈ ਕਿ 5 ਸਾਲ ਤੋਂ ਘੱਟ ਉਮਰ ਦੇ ਹਰ ਬੱਚੇ ਨੂੰ ਸਾਲ ਵਿਚ ਘੱਟੋ ਘੱਟ 2-3 ਵਾਰ ਦਸਤ ਤੋਂ ਪੀੜਤ ਹੋਣ ਦੀ ਸੰਭਾਵਨਾ ਹੁੰਦੀ ਹੈ। ਅਸੀਂ ਰਾਸ਼ਟਰੀ ਦਸਤ ਰੋਕੂ ਅਭਿਆਨ ਤਹਿਤ ਜਾਗਰੂਕਤਾ ਫੈਲਾ ਕੇ ਦਸਤ ਕਾਰਨ ਹੋਣ ਵਾਲੀਆਂ ਬੱਚਿਆਂ ਦੀਆਂ ਮੌਤਾਂ ਨੂੰ ਘਟਾ ਸਕਦੇ ਹਾਂ। ਉਨ੍ਹਾਂ ਦੱਸਿਆ ਕਿ ਦਸਤਾਂ ਤੋਂ ਬਚਾਅ ਲਈ ਸਾਫ਼ ਸਫਾਈ ਦੀ ਮਹੱਤਵਪੂਰਨ ਭੂਮਿਕਾ ਹੈ।ਸਰਕਾਰੀ ਪ੍ਰਾਇਮਰੀ ਸਕੂਲ ਲਖਮੀਰਵਾਲਾ ਵਿਖੇ ਆਰ ਬੀ ਐੱਸ ਕੇ ਟੀਮ ਦੇ ਡਾ. ਵਰਿੰਦਰ ਕੁਮਾਰ ਅਤੇ ਡਾ. ਕਨਿਕਾ ਬੱਗਾ ਨੇ ਸਕੂਲੀ ਬੱਚਿਆਂ ਨੂੰ ਹੱਥ ਧੋਣ ਦੀ ਤਕਨੀਕ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਖਾਣਾ ਖਾਣ ਤੋਂ ਪਹਿਲਾਂ, ਮਲ ਤਿਆਗ ਕਰਨ ਤੋਂ ਬਾਅਦ, ਖਾਣਾ ਬਣਾਉਣ ਤੇ ਖਾਣਾ ਪਰੋਸਣ ਤੋਂ ਪਹਿਲਾਂ, ਜਾਨਵਰਾਂ ਜਾਂ ਕੂੜੇ ਕਰਕਟ ਨੂੰ ਛੋਹਣ ਤੋਂ ਬਾਅਦ, ਬੱਚੇ ਦਾ ਮਲ ਤਿਆਗ ਸਾਫ਼ ਕਰਨ ਤੋਂ ਬਾਅਦ ਹੱਥਾਂ ਨੂੰ ਸਾਬਣ ਅਤੇ ਪਾਣੀ ਨਾਲ ਚੰਗੀ ਤਰ੍ਹਾਂ ਧੋਣਾ ਚਾਹੀਦਾ ਹੈ।

ਨਰਿੰਦਰ ਪਾਲ ਸਿੰਘ ਬਲਾਕ ਐਜੂਕੇਟਰ ਨੇ ਦੱਸਿਆ ਕਿ ਸਾਫ਼ ਸਫਾਈ ਰੱਖਣਾ ਦਸਤਾਂ ਦੀ ਬਿਮਾਰੀ ਦੀ ਰੋਕਥਾਮ ਲਈ ਸਹਾਈ ਹੁੰਦਾ ਹੈ। ਉਨ੍ਹਾਂ ਕਿਹਾ ਕਿ 6 ਮਹੀਨੇ ਦੀ ਉਮਰ ਤੱਕ ਬੱਚੇ ਨੂੰ ਸਿਰਫ ਮਾਂ ਦਾ ਦੁੱਧ ਹੀ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਬਾਜ਼ਾਰ ਦੀਆਂ ਖੁੱਲ੍ਹੀਆਂ ਤੇ ਅਣਢਕੀਆਂ ਚੀਜ਼ਾਂ ਖਾਣ ਤੋਂ ਪਰਹੇਜ਼ ਕੀਤਾ ਜਾਵੇ।

# ਸੁਪਰੀਮ ਕੋਰਟ ਵਲੋਂ ਟਰੰਪ ਨੂੰ ਮਿਲੀ ਰਾਹਤ 'ਤੇ ਬਾਇਡਨ ਵੱਲੋਂ ਨਾਰਾਜ਼ਗੀ ਜ਼ਾਹਿਰ

ਨਿਊਯਾਰਕ
ਸਾਂਝੀ ਸੋਚ ਬਿਊਰੋ



ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਸੁਪਰੀਮ ਕੋਰਟ ਵਲੋਂ ਮਿਲੀ ਰਾਹਤ 'ਤੇ ਮੌਜੂਦਾ ਰਾਸ਼ਟਰਪਤੀ ਜੋਅ ਬਾਇਡਨ ਨੇ ਸਖ਼ਤ ਨਾਰਾਜ਼ਗੀ ਜ਼ਾਹਰ ਕੀਤੀ ਹੈ। ਬਾਇਡਨ ਨੇ ਚਿਤਾਵਨੀ ਦਿੱਤੀ ਹੈ ਕਿ ਸੁਪਰੀਮ ਕੋਰਟ ਨੇ ਖ਼ਤਰਨਾਕ ਮਿਸਾਲ ਕਾਇਮ ਕੀਤੀ ਹੈ। ਬਾਈਡੇਨ ਨੇ ਇਹ ਵੀ ਕਿਹਾ ਕਿ ਜੇਕਰ ਨਵੰਬਰ ਦੀਆਂ ਚੋਣਾਂ 'ਚ ਡੋਨਾਲਡ ਟਰੰਪ ਰਾਸ਼ਟਰਪਤੀ ਚੁਣੇ ਗਏ, ਤਾਂ ਉਹ ਇਸ ਦਾ ਗਲਤ ਇਸਤੇਮਾਲ ਕਰ ਸਕਦੇ ਹਨ। ਵ੍ਹਾਈਟ ਹਾਊਸ 'ਚ ਆਪਣੇ ਇਕ ਸੰਬੋਧਨ ਦੌਰਾਨ ਜੋਅ ਬਾਇਡਨ ਨੇ ਕਿਹਾ ਕਿ ਸਾਰੇ ਵਿਵਹਾਰਿਕ ਉਦੇਸ਼ਾਂ ਦੇ ਲਿਹਾਜ਼ ਨਾਲ ਇਸ ਫ਼ੈਸਲੇ ਦਾ ਮਤਲਬ ਇਹ ਹੈ ਕਿ ਹੁਣ ਰਾਸ਼ਟਰਪਤੀ ਕੁਝ ਵੀ ਕਰ ਸਕਦਾ ਹੈ। ਮੌਲਿਕ ਤੌਰ 'ਤੇ ਇਹ ਨਵਾਂ ਸਿਧਾਂਤ ਇਕ ਖ਼ਤਰਨਾਕ ਮਿਸਾਲ ਹੈ। ਹੁਣ ਅਮਰੀਕੀ ਲੋਕਾਂ ਨੂੰ ਇਹ ਤੈਅ ਕਰਨਾ ਹੋਵੇਗਾ ਕਿ ਕੀ ਉਹ ਇਕ ਵਾਰ ਫਿਰ ਡੋਨਾਲਡ ਟਰੰਪ ਨੂੰ ਰਾਸ਼ਟਰਪਤੀ ਬਣਾਉਣਾ ਚਾਹੁੰਦੇ ਹਨ, ਕਿਉਂਕਿ ਹੁਣ ਉਹ (ਟਰੰਪ) ਜਾਣਦੇ ਹਨ ਉਹ ਜੋ ਵੀ ਕਰਨਾ ਚਾਹੁਣਗੇ, ਉਸ ਨੂੰ ਕਰਨ ਲਈ ਹੋਰ ਸਾਹਸੀ ਹੋ ਜਾਣਗੇ।"ਦੱਸਣਯੋਗ ਹੈ ਕਿ ਸਾਬਕਾ ਅਮਰੀਕੀ ਰਾਸ਼ਟਰਪਤੀ ਟਰੰਪ ਨੂੰ ਸੁਪਰੀਮ ਕੋਰਟ ਤੋਂ ਵੱਡੀ ਰਾਹਤ ਮਿਲੀ ਹੈ। ਸੁਪਰੀਮ ਕੋਰਟ ਨੇ ਟਰੰਪ ਦੇ ਰਾਸ਼ਟਰਪਤੀ ਰਹਿੰਦੇ ਹੋਏ ਸਾਲ 2020 'ਚ ਚੋਣ ਨਤੀਜੇ ਪਲਟਣ ਦੇ ਮਾਮਲੇ ਨੂੰ ਵਾਪਸ ਟ੍ਰਾਇਲ ਕੋਰਟ ਨੂੰ ਭੇਜ ਦਿੱਤਾ ਹੈ। ਨਾਲ ਹੀ ਸੁਪਰੀਮ ਕੋਰਟ ਨੇ ਕਿਹਾ ਕਿ ਸਾਬਕਾ ਰਾਸ਼ਟਰਪਤੀਆਂ ਨੂੰ ਕੁਝ ਹੱਦ ਤੱਕ ਕਾਨੂੰਨੀ ਕਾਰਵਾਈ ਤੋਂ ਛੋਟ ਰਹਿੰਦੀ ਹੈ। ਅਜਿਹੇ 'ਚ ਸਾਬਕਾ ਰਾਸ਼ਟਰਪਤੀ ਟਰੰਪ ਖ਼ਿਲਾਫ਼ ਨਵੰਬਰ ਤੋਂ ਪਹਿਲੇ ਸੁਣਵਾਈ ਹੋਣ ਦੀ ਸੰਭਾਵਨਾ ਖ਼ਤਮ ਹੋ ਗਈ ਹੈ। ਜਿਸ ਨਾਲ ਟਰੰਪ ਦੇ ਰਾਸ਼ਟਰਪਤੀ ਬਣਨ ਦੀ ਰੁਕਾਵਟ ਵੀ ਦੂਰ ਹੋ ਗਈ ਹੈ।

# ਹਾਈਕੋਰਟ ਵੱਲੋਂ ਬੀਬੀ ਜਗੀਰ ਕੌਰ ਖ਼ਿਲਾਫ਼ ਐੱਫ.ਆਈ.ਆਰ ਦੇ ਹੁਕਮ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੂੰ ਹਾਈ ਕੋਰਟ ਤੋਂ ਵੱਡਾ ਝਟਕਾ ਲੱਗਿਆ ਹੈ। ਹਾਈਕੋਰਟ ਨੇ ਬੀਬੀ ਜਗੀਰ ਕੌਰ ਨੂੰ ਜ਼ਮੀਨ ਉੱਤੇ ਨਾਜਾਇਜ਼ ਕਬਜ਼ਾ ਕਰਨ ਦੇ ਮਾਮਲੇ ਵਿਚ ਦੋਸ਼ੀ ਕਰਾਰ ਦਿੰਦੇ ਹੋਏ ਐੱਫ.ਆਈ.ਆਰ. ਦਰਜ ਕਰਨ ਦੇ ਹੁਕਮ ਦਿੱਤੇ ਹਨ। ਕਾਂਗਰਸੀ ਆਗੂ ਸੁਖਪਾਲ ਸਿੰਘ ਖਹਿਰਾ ਨੇ ਵੀ ਟਵਿੱਟਰ 'ਤੇ ਇਸ ਸਬੰਧੀ ਜਾਣਕਾਰੀ ਸਾਂਝੀ ਕੀਤੀ ਹੈ।

ਮਾਣਯੋਗ ਹਾਈਕੋਰਟ ਨੇ ਬੀਬੀ ਜਗੀਰ ਕੌਰ ਨੂੰ ਐੱਨ.ਏ.ਸੀ. ਬੇਗੋਵਾਲ ਦੀ 172 ਕਨਾਲ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰਨ ਲਈ ਦੋਸ਼ੀ ਕਰਾਰ ਦਿੱਤਾ ਹੈ। ਹਾਈਕੋਰਟ ਨੇ ਈ.ਓ.ਐੱਨ.ਏ.ਸੀ. ਬੇਗੋਵਾਲ ਨੂੰ ਕਬਜ਼ੇ ਵਾਲੀ ਜ਼ਮੀਨ ਦੇ ਕਿਰਾਏ ਦੀ ਏਵਜ 'ਚ 5 ਕਰੋੜ 91 ਲੱਖ ਦੀ ਵਸੂਲੀ ਕਰਨ ਅਤੇ ਉਕਤ 172 ਕਨਾਲ ਜ਼ਮੀਨ ਨੂੰ ਵਾਪਸ ਦਿਵਾਉਣ ਲਈ ਢੁੱਕਵੇਂ ਕਦਮ ਚੁੱਕਣ ਦੇ ਨਿਰਦੇਸ਼ ਵੀ ਦਿੱਤੇ ਹਨ। ਇਸ ਦੇ ਨਾਲ ਹੀ ਕੋਰਟ ਨੇ ਵਿਜੀਲੈਂਸ ਬਿਊਰੋ ਨੂੰ ਉਕਤ ਗੈਰ-ਕਾਨੂੰਨੀ ਕਬਜ਼ਿਆਂ ਦੀ ਇਜਾਜ਼ਤ ਦੇਣ ਵਾਲੇ ਅਧਿਕਾਰੀਆਂ ਵਿਰੁੱਧ ਫੌਜਦਾਰੀ ਕਾਰਵਾਈ ਸ਼ੁਰੂ ਕਰਨ ਦੇ ਵੀ ਨਿਰਦੇਸ਼ ਦਿੱਤੇ ਹਨ। ਪਟੀਸ਼ਨ ਵਿਚ ਬੀਬੀ ਜਗੀਰ ਕੌਰ 'ਤੇ 1996 ਤੋਂ 2014 ਤੱਕ ਬੇਗੋਵਾਲ ਦੀ 172 ਕਨਾਲ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰਨ ਦਾ ਦੋਸ਼ ਲਾਇਆ ਗਿਆ ਸੀ। ਪਟੀਸ਼ਨ ਵਿਚ ਦੋਸ਼ ਲਗਾਇਆ ਗਿਆ ਸੀ ਕਿ ਇਸ ਜ਼ਮੀਨ 'ਤੇ ਹਾਈ ਸਕੂਲ ਦੀ ਉਸਾਰੀ ਕੀਤੀ ਗਈ ਸੀ ਅਤੇ ਉਸਾਰੀ ਕਾਰਨ ਐੱਨ.ਏ.ਸੀ. ਨੂੰ ਨੋਟਿਸ ਵੀ ਜਾਰੀ ਕੀਤਾ ਸੀ, ਪਰ ਉਸਾਰੀ ਹਟਾਉਣ ਦੀ ਬਜਾਏ ਇਸ ਸਕੂਲ ਵਿਚ ਇੰਟਰਨੈਸ਼ਨਲ ਸਕੂਲ ਚਲਾਉਣਾ ਸ਼ੁਰੂ ਕਰ ਦਿੱਤਾ, ਭਾਵੇਂ ਕਿ ਇਸ ਸਕੂਲ ਨੂੰ ਕਿਤੇ ਵੀ ਮਾਨਤਾ ਨਹੀਂ ਹੈ। ਇਸ ਸਕੂਲ ਨੂੰ ਸਰਕਾਰ ਤੋਂ 95 ਫ਼ੀਸਦੀ ਸਹਾਇਤਾ ਮਿਲਦੀ ਹੈ ਅਤੇ ਏਡਿਡ ਸਕੂਲ 'ਚ ਇੰਟਰਨੈਸ਼ਨਲ ਸਕੂਲ ਨਹੀਂ ਚਲਾਇਆ ਜਾ ਸਕਦਾ। ਇਸ ਖ਼ਿਲਾਫ਼ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਨੂੰ ਮੰਗ ਪੱਤਰ ਦਿੱਤਾ ਗਿਆ ਸੀ ਅਤੇ ਇਹ ਮਾਮਲਾ ਵਿਧਾਨ ਸਭਾ ਵਿਚ ਵੀ ਚੁੱਕਿਆ ਗਿਆ ਸੀ।

Space available for Ad
Contact # +1 (209) 303-1260

# Now Open New Banquet Hall in Sacramento

***For more info: Contact Paul : (916)334-6000***




# SONNY DHALIWAL

## for SUPERVISOR

**EXPERIENCED LEADERSHIP YOU CAN TRUST**

Paid for by Sonny Dhaliwal for County Supervisor 2024 FPPC#1459023

# ਸਵ. ਬਾਬੂ ਭਗਵਾਨ ਦਾਸ ਅਰੋੜਾ ਦੀ 24ਵੀਂ ਬਰਸੀ ਮੌਕੇ ਨਿੱਘੀਆਂ ਸ਼ਰਧਾਂਜ਼ਲੀਆਂ ਭੇਟ

**ਸੁਨਾਮ**
**ਡਾ.ਰਾਜਿੰਦਰ ਰਿਖੀ**

ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਪਿਤਾ ਅਤੇ ਸਾਬਕਾ ਮੰਤਰੀ ਪੰਜਾਬ ਸਵ. ਬਾਬੂ ਭਗਵਾਨ ਦਾਸ ਅਰੋੜਾ ਦੀ 24ਵੀਂ ਬਰਸੀ ਦੇ ਮੌਕੇ 'ਤੇ ਸੁਨਾਮ ਵਿਖੇ ਆਯੋਜਿਤ ਸ਼ਰਧਾਂਜਲੀ ਸਮਾਗਮ ਦੌਰਾਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਵਿਧਾਇਕ ਮਾਨਸਾ ਵਿਜੈ ਸਿੰਗਲਾ, ਵਿਧਾਇਕ ਮਲੇਰਕੋਟਲਾ ਜਮੀਲ ਉਰ ਰਹਿਮਾਨ, ਵਿਧਾਇਕ ਭੁੱਚੋਂ ਮੰਡੀ ਜਗਸੀਰ ਸਿੰਘ, ਵਿਧਾਇਕ ਨਾਭਾ ਦੇਵ ਸਿੰਘ ਮਾਨ, ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ, ਐਮਐਲਏ ਮਹਿਲ ਕਲਾਂ ਕੁਲਵੰਤ ਸਿੰਘ ਪੰਡੋਰੀ, ਐਮਐਲਏ ਨਿਹਾਲ ਸਿੰਘ ਵਾਲਾ ਮਨਜੀਤ ਸਿੰਘ ਬਿਲਾਸਪੁਰ, ਸਾਬਕਾ ਐਮਐਲਏ ਰੋਪੜ ਅਮਰਜੀਤ ਸਿੰਘ ਸਮੇਤ ਹੋਰ ਸ਼ਖਸ਼ੀਅਤਾਂ ਨੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਉਨ੍ਹਾਂ ਵੱਲੋਂ ਪਾਏ ਵਡਮੁੱਲੇ ਯੋਗਦਾਨ ਨੂੰ ਯਾਦ ਕੀਤਾ। ਇਸ ਮੌਕੇ ਬਾਬੂ ਭਗਵਾਨ ਦਾਸ ਅਰੋੜਾ ਦੀ ਨਿੱਘੀ ਯਾਦ ਨੂੰ ਸਮਰਪਿਤ ਮੁਫ਼ਤ ਡੈਂਟਲ ਅਤੇ ਮੈਡੀਕਲ ਕੈਂਪ ਵੀ ਲਗਾਇਆ ਗਿਆ।

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਬਾਬੂ ਭਗਵਾਨ ਦਾਸ ਅਰੋੜਾ ਹੋਰਨਾਂ ਲਈ ਚਾਨਣ ਮੁਨਾਰਾ ਸਨ। ਉਹਨਾਂ ਕਿਹਾ ਕਿ ਮਨੁੱਖਤਾ ਦੀ ਭਲਾਈ ਲਈ ਸਰਗਰਮ ਰਹਿਣ ਵਾਲੀਆਂ ਨੇਕ ਰੂਹਾਂ ਨੂੰ ਹਮੇਸ਼ਾਂ ਯਾਦ ਰੱਖਿਆ ਜਾਂਦਾ ਹੈ ਅਤੇ ਉਹਨਾਂ ਦੀ ਨਿੱਘੀ ਯਾਦ ਨੂੰ ਸਮਰਪਿਤ ਇਹ ਸ਼ਰਧਾਂਜਲੀ ਸਮਾਗਮ, ਜ਼ਿੰਦਗੀ ਵਿੱਚ ਉਹਨਾਂ ਵੱਲੋਂ ਕੀਤੀਆਂ ਨੇਕ ਕਮਾਈਆਂ ਦਾ ਸਪਸ਼ਟ ਸਬੂਤ ਹੈ।

ਗੁਰੂ ਨਾਨਕ ਦੇਵ ਡੈਂਟਲ ਕਾਲਜ ਸੁਨਾਮ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਸੰਗਤਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਮਾਨਸਾ ਵਿਜੈ ਸਿੰਗਲਾ ਨੇ ਕਿਹਾ ਕਿ ਬਾਬੂ ਭਗਵਾਨ ਦਾਸ ਅਰੋੜਾ ਦੀ ਦੇਣ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਅਤੇ ਉਨ੍ਹਾਂ ਦੇ ਸਪੁੱਤਰ ਅਮਨ ਅਰੋੜਾ ਵੀ ਆਪਣੇ ਪਿਤਾ ਵਾਂਗ ਹੀ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਲੋਕ ਸੇਵਾ ਨੂੰ ਸਮਰਪਿਤ ਹਨ। ਉਨ੍ਹਾਂ ਕਿਹਾ ਕਿ ਬਾਬੂ ਭਗਵਾਨ ਦਾਸ ਨੇ ਇਲਾਕੇ ਦੀ ਸੇਵਾ ਦਾ ਸੰਕਲਪ ਮਨ ਵਿੱਚ ਲੈ ਕੇ ਇਹ ਡੈਂਟਲ ਕਾਲਜ ਇਥੇ ਸਥਾਪਤ ਕੀਤਾ ਸੀ ਤਾਂ ਜੋ ਇਥੋਂ ਦੇ ਲੋਕਾਂ ਨੂੰ ਅਤਿ ਆਧੁਨਿਕ ਇਲਾਜ ਸੁਵਿਧਾਵਾਂ ਮਿਲ ਸਕਣ। ਇਸ ਮੌਕੇ ਵਿਧਾਇਕ ਮਲੇਰਕੋਟਲਾ ਜਮੀਲ ਉਰ ਰਹਿਮਾਨ ਨੇ ਕਿਹਾ ਕਿ ਇਨਸਾਨੀਅਤ ਦੇ ਭਲੇ ਲਈ ਕੰਮ ਕਰਨ ਵਾਲੇ ਹਮੇਸ਼ਾਂ ਯਾਦ ਰੱਖੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਅਰੋੜਾ ਪਰਿਵਾਰ ਨੇ ਨੇਕ ਦਿਲੀ ਨਾਲ ਹਮੇਸ਼ਾਂ ਹੀ ਗਰੀਬਾਂ ਤੇ ਲੋੜਵੰਦਾਂ ਦੀ ਮਦਦ ਕੀਤੀ ਹੈ ਅਤੇ ਬਾਬੂ ਭਗਵਾਨ ਦਾਸ ਅਰੋੜਾ ਦੇ ਪਦਚਿੰਨ੍ਹਾਂ 'ਤੇ ਚੱਲ ਕੇ ਕੈਬਨਿਟ ਮੰਤਰੀ ਅਮਨ ਅਰੋੜਾ ਵੀ ਪੂਰੀ ਤਨਦੇਹੀ ਨਾਲ ਲੋਕ ਸੇਵਾ ਚ ਜੁਟੇ ਹੋਏ ਹਨ। ਵਿਧਾਇਕ ਭੁੱਚੋਂ ਮੰਡੀ ਜਗਸੀਰ ਸਿੰਘ ਨੇ ਕਿਹਾ ਕਿ ਬਾਬੂ ਭਗਵਾਨ ਦਾਸ ਅਰੋੜਾ ਨੇਕ ਦਿਲ ਇਨਸਾਨ ਸਨ ਅਤੇ ਉਹਨਾਂ ਵੱਲੋਂ ਇਲਾਕੇ ਦੀ ਨੁਹਾਰ ਸੰਵਾਰਨ ਦਾ ਜੋ ਬੀੜਾ ਚੁੱਕਿਆ ਗਿਆ ਸੀ ਉਸ ਨੂੰ ਅਮਨ ਅਰੋੜਾ ਬਾਖੂਬੀ ਪੂਰਾ ਕਰਨ ਵਿੱਚ ਜੁਟੇ ਹੋਏ ਹਨ। ਵਿਧਾਇਕ ਨਾਭਾ ਦੇਵ ਸਿੰਘ ਮਾਨ ਨੇ ਵੀ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾਂ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਮਾਂ ਵਰਗਾ ਲਾਡ ਕੋਈ ਨਹੀਂ ਲਡਾਉਂਦਾ ਅਤੇ ਪਿਤਾ ਦਾ ਹੱਥ ਸਿਰ 'ਤੇ ਹੋਵੇ ਤਾਂ ਕਿਸੇ ਗੱਲ ਦੀ ਪਰਵਾਹ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਮਾਪਿਆਂ ਦੀਆਂ ਦੁਆਵਾਂ ਸਦਕਾ ਹੀ ਇਨਸਾਨ ਬੁਲੰਦੀਆਂ ਨੂੰ ਛੂੰਹਦਾ ਹੈ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਆਪਣੇ ਪਿਤਾ ਬਾਬੂ ਭਗਵਾਨ ਦਾਸ ਅਰੋੜਾ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਹਰ ਸਾਲ ਕਰਵਾਇਆ ਜਾਂਦਾ ਸਮਾਗਮ ਉਨ੍ਹਾਂ ਦੀ ਆਪਣੇ ਪਿਤਾ ਪ੍ਰਤੀ ਨਿੱਘੀ ਸੋਚ ਦਾ ਪ੍ਰਗਟਾਓ ਕਰਦਾ ਹੈ।



ਅਖੀਰ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਆਈਆਂ ਸੰਗਤਾਂ ਦਾ ਧੰਨਵਾਦ ਕਰਦੇ ਹਾਂ ਕਿਹਾ ਕਿ ਉਹਨਾਂ ਦੇ ਪਿਤਾ ਜੀ ਦੇ ਸਦੀਵੀ ਵਿਛੋੜੇ ਤੋਂ 24 ਸਾਲ ਬਾਅਦ ਵੀ ਉਹਨਾਂ ਦੇ ਪਿਤਾ ਦੁਆਰਾ ਕੀਤੇ ਲੋਕ ਪੱਖੀ ਕਾਰਜਾਂ ਨੂੰ ਮਾਣ ਸਤਿਕਾਰ ਮਿਲਦਾ ਪਿਆ ਹੈ ਜੋ ਕਿ ਪਰਮਾਤਮਾ ਦੀ ਵੱਡੀ ਮਿਹਰ ਦੇ ਸਦਕਾ ਹੀ ਸੰਭਵ ਹੋ ਸਕਿਆ ਹੈ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਉਹ ਸ਼ਹੀਦ ਊਧਮ ਸਿੰਘ ਜੀ ਦੀ ਸ਼ਹਾਦਤ ਨੂੰ ਪ੍ਰਣਾਮ ਕਰਦੇ ਹੋਏ ਵਿਧਾਨ ਸਭਾ ਹਲਕਾ ਸੁਨਾਮ ਨੂੰ ਮਾਡਲ ਹਲਕੇ ਵਜੋਂ ਸੂਬੇ ਦਾ ਮੋਹਰੀ ਹਲਕਾ ਬਣਾਉਣ ਦੀ ਦਿਸ਼ਾ ਵਿੱਚ ਨਿਰੰਤਰ ਕਾਰਜਸ਼ੀਲ ਹਨ। ਸ਼ਰਧਾਂਜਲੀ ਸਮਾਰੋਹ ਦੌਰਾਨ ਉਨ੍ਹਾਂ ਨੇ ਆਪਣੇ ਮਾਤਾ ਜੀ ਪਰਮੇਸ਼ਵਰੀ ਦੇਵੀ ਅਤੇ ਭੈਣ ਰਾਧਿਕਾ ਅਰੋੜਾ ਸਮੇਤ ਸਮੁੱਚੇ ਪਰਿਵਾਰ ਦੀ ਤਰਫ਼ੋਂ ਸਮੂਹ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਰਾਗੀ ਜੱਥੇ ਨੇ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ।

ਇਸ ਮੌਕੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ, ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਾਹਲ, ਉਪ ਮੰਡਲ ਮੈਜਿਸਟਰੇਟ ਸੁਨਾਮ ਪਰਮੋਦ ਸਿੰਗਲਾ, ਉਪ ਮੰਡਲ ਮੈਜਿਸਟਰੇਟ ਸੰਗਰੂਰ ਚਰਨਜੋਤ ਸਿੰਘ ਵਾਲੀਆ ਸਮੇਤ ਵੱਡੀ ਗਿਣਤੀ ਵਿੱਚ ਮਾਰਕੀਟ ਕਮੇਟੀਆਂ ਦੇ ਚੇਅਰਮੈਨ, ਨਗਰ ਕੌਂਸਲ ਪ੍ਰਧਾਨ ਸਮੇਤ ਹੋਰ ਅਹੁਦੇਦਾਰ ਤੇ ਕੌਂਸਲਰ ਸਮੇਤ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

## ਸਾਲ 2023-24 ਦੌਰਾਨ ਹੁਣ ਤੱਕ ਲਗਾਏ 89 ਪਲੇਸਮੈਂਟ ਕੈਂਪਾਂ 'ਚ 2297 ਪ੍ਰਾਰਥੀਆਂ ਦੀ ਹੋਈ ਚੋਣ- ਡਿਪਟੀ ਕਮਿਸ਼ਨਰ

**ਮਾਨਸਾ**
**ਸਾਂਝੀ ਸੋਚ ਬਿਊਰੋ**

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਲਗਾਤਾਰ ਪਲੇਸਮੈਂਟ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੇ ਦੱਸਿਆ ਕਿ ਸਾਲ 2023-24 ਦੌਰਾਨ ਹੁਣ ਤੱਕ ਰੋਜ਼ਗਾਰ ਬਿਊਰੋ ਵਿਖੇ 89 ਪਲੇਸਮੈਂਟ ਕੈਂਪ ਲਗਾਏ ਗਏ। ਉਨ੍ਹਾਂ ਦੱਸਿਆ ਕਿ ਇੰਨ੍ਹਾਂ ਪਲੇਸਮੈਂਟ ਕੈਂਪਾਂ ਵਿਚ ਵੱਖ-ਵੱਖ ਕੰਪਨੀਆਂ ਮਿਡਲੈਂਡ ਮਾਈਕਰੋਫਾਈਨਾਂਸ਼ੀਅਲ ਪ੍ਰਾਈਵੇਟ ਲਿਮਟਡ, ਫਿਊਜ਼ਨ ਮਾਈਕਰੋ ਪ੍ਰਾਈਵੇਟ ਲਿਮਟਡ, ਸੱਤਿਆ ਮਾਈਕਰੋ ਫਾਈਨਾਂਸ ਪ੍ਰਾਈਵੇਟ ਲਿਮਟਡ, ਐਸ.ਬੀ.ਆਈ. ਲਾਈਫ ਇੰਸ਼ੋਰੈਂਸ, ਐਲ.ਆਈ.ਸੀ. ਆਫ ਇੰਡੀਆ, ਐਚ.ਡੀ.ਬੀ. ਫਾਈਨਾਂਸ਼ੀਅਲ ਸਰਵਿਸਜ਼, ਮੁਥੂਟ ਫਾਈਨਾਂਸ ਪ੍ਰਾਈਵੇਟ ਲਿਮਟਡ, ਟਰਾਈਡੈਂਟ ਲਿਮਟਡ, ਵਰਧਮਾਨ ਜਰਨਲ ਅਤੇ ਸਪਿੰਨਿੰਗ ਮਿੱਲਜ਼, ਸਕਿਊਰਟੀ ਅਤੇ ਇੰਟੈਲੀਜੈਂਟ ਸਰਵਿਸ ਲਿਮਟਡ, ਐਜ਼ਾਈਲ ਹਰਬਲ ਪ੍ਰਾਈਵੇਟ ਲਿਮਿਟਡ, ਪੇਅਟੀਐਮ, ਇੰਡਸਇੰਡ ਬੈਂਕ, ਕੈਪੀਟਲ ਟਰੱਸਟ ਲਿਮਟਡ ਤੋਂ ਇਲਾਵਾ ਹੋਰ ਵੱਖ ਵੱਖ ਨਾਮੀ ਕੰਪਨੀਆਂ ਵੱਲੋਂ 2297 ਯੋਗ ਪ੍ਰਾਰਥੀਆਂ ਦੀ ਭਰਤੀ ਕੀਤੀ ਗਈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਨੌਜਵਾਨ ਮੁੰਡੇ ਕੁੜੀਆਂ ਰੋਜ਼ਗਾਰ ਬਿਊਰੋ ਵਿਖੇ ਆਪਣੀ ਰਜਿਸਟ੍ਰੇਸ਼ਨ ਕਰਵਾ ਕੇ ਸਰਕਾਰੀ ਅਤੇ ਪ੍ਰਾਈਵੇਟ ਅਸਾਮੀਆਂ ਦੀ ਸੂਚਨਾ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਰੁਜ਼ਗਾਰ ਪ੍ਰਾਪਤ ਕਰਨ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਦਫ਼ਤਰ, ਨੇੜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੰਪਰਕ ਕਰ ਸਕਦੇ ਹਨ। ਉਨ੍ਹਾਂ ਅਪੀਲ ਕੀਤੀ ਕਿ ਨੌਜਵਾਨ ਮੁੰਡੇ ਕੁੜੀਆਂ ਜ਼ਿਲ੍ਹਾ ਰੁਜ਼ਗਾਰ ਬਿਊਰੋ ਨਾਲ ਜਰੂਰ ਜੁੜਨ ਤਾਂ ਜੋ ਸਮੇਂ ਸਮੇਂ 'ਤੇ ਲੱਗਣ ਵਾਲੇ ਪਲੇਸਮੈਂਟ ਕੈਂਪਾਂ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਕੱਢੀਆਂ ਜਾਂਦੀਆਂ ਵੱਖ-ਵੱਖ ਅਸਾਮੀਆਂ ਦੀ ਜਾਣਕਾਰੀ ਉਨ੍ਹਾਂ ਨੂੰ ਮਿਲਦੀ ਰਹੇ।

## ਸੀ-ਪਾਈਟ ਕੇਂਦਰ ਬੋੜਾਵਾਲ ਵਿਖੇ ਫ਼ੌਜ ਸਮੇਤ ਹੋਰ ਸੁਰੱਖਿਆ ਫੋਰਸਾਂ 'ਚ ਭਰਤੀ ਹੋਣ ਲਈ ਦਿੱਤੀ ਜਾਂਦੀ ਹੈ ਮੁਫ਼ਤ ਸਿਖਲਾਈ

**ਚੰਡੀਗੜ੍ਹ**
**ਸਾਂਝੀ ਸੋਚ ਬਿਊਰੋ**

ਜ਼ਿਲ੍ਹਾ ਮਾਨਸਾ ਦੇ ਪਿੰਡ ਬੋੜਾਵਾਲ ਵਿਖੇ ਪੰਜਾਬ ਸਰਕਾਰ ਵੱਲੋਂ ਚਲਾਇਆ ਜਾ ਰਿਹਾ ਸੀ-ਪਾਈਟ ਕੇਂਦਰ ਨੌਜਵਾਨਾਂ ਨੂੰ ਭਾਰਤੀ ਫ਼ੌਜ, ਪੰਜਾਬ ਪੁਲਿਸ, ਬੀ.ਐੱਸ.ਐੱਫ ਅਤੇ ਸੀ.ਆਰ.ਪੀ.ਐੱਫ ਸਮੇਤ ਵੱਖ-ਵੱਖ ਸੁਰੱਖਿਆ ਬਲਾਂ ਵਿੱਚ ਭਰਤੀ ਲਈ ਯੋਗ ਬਣਾਉਣ ਦਾ ਬਹੁਤ ਵਧੀਆ ਉਪਰਾਲਾ ਕਰ ਰਿਹਾ ਹੈ। ਇਸ ਸੀ-ਪਾਈਟ ਕੈਂਪ ਤੋਂ ਹੁਣ ਤੱਕ ਜ਼ਿਲ੍ਹੇ ਦੇ ਹਜ਼ਾਰਾਂ ਨੌਜਵਾਨਾਂ ਸਿਖਲਾਈ ਲੈ ਕੇ ਫ਼ੌਜ ਸਮੇਤ ਹੋਰ ਸੁਰੱਖਿਆ ਫੋਰਸਾਂ ਵਿੱਚ ਭਰਤੀ ਹੋ ਕੇ ਦੇਸ਼ ਦੀ ਸੇਵਾ ਕਰ ਰਹੇ ਹਨ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਰਵਿੰਦਰ ਸਿੰਘ ਨੇ ਦੱਸਿਆ ਕਿ ਇੱਕ ਕੈਂਪ ਦੌਰਾਨ 100 ਨੌਜਵਾਨਾਂ ਨੂੰ ਮੁਫ਼ਤ ਸਿਖਲਾਈ ਦਿੱਤੀ ਜਾਂਦੀ ਹੈ ਅਤੇ ਇਹ ਕੈਂਪ ਤਿੰਨ ਮਹੀਨੇ ਦਾ ਹੁੰਦਾ ਹੈ। ਇਸ ਦੌਰਾਨ ਨੌਜਵਾਨਾਂ ਦਾ ਰਹਿਣ ਸਹਿਣ ਬਿਲਕੁਲ ਮੁਫ਼ਤ ਹੁੰਦਾ ਹੈ ਅਤੇ ਉਨ੍ਹਾਂ ਨੂੰ ਤਿੰਨ ਸਮੇਂ ਦਾ ਖਾਣਾ ਵੀ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਜਦੋਂ ਵੀ ਕੋਈ ਭਰਤੀ ਰੈਲੀ ਆਉਂਦੀ ਹੈ ਤਾਂ ਸੀ-ਪਾਈਟ ਕੇਂਦਰ ਬੋੜਾਵਾਲ ਵਿਖੇ ਵਿਸ਼ੇਸ਼ ਸਿਖਲਾਈ ਕੈਂਪ ਵੀ ਲਗਾਏ ਜਾਂਦੇ ਹਨ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਦੱਸਿਆ ਕਿ ਸਿਖਲਾਈ ਕੈਂਪ ਦੌਰਾਨ




ਸਿਖਲਾਈ ਅਫ਼ਸਰ ਵੱਲੋਂ ਨੌਜਵਾਨਾਂ ਨੂੰ ਫਿਜ਼ੀਕਲ ਟਰੇਨਿੰਗ ਦਿੱਤੀ ਜਾਂਦੀ ਹੈ ਅਤੇ ਉਨ੍ਹਾਂ ਦਾ ਫਿਜ਼ੀਕਲੀ ਹਰ ਉਹ ਈਵੈਂਟ ਕਰਵਾਇਆ ਜਾਂਦਾ ਹੈ ਜੋ ਫ਼ੌਜ ਜਾਂ ਹੋਰ ਫੋਰਸਾਂ ਦੀ ਭਰਤੀ ਦੌਰਾਨ ਫਿਜ਼ੀਕਲ ਟੈੱਸਟ ਵੇਲੇ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਕੋਈ ਨੌਜਵਾਨ ਪੂਰੀ ਮਿਹਨਤ ਨਾਲ ਤਿੰਨ ਮਹੀਨੇ ਦੀ ਸਿਖਲਾਈ ਸੀ-ਪਾਈਟ ਕੈਂਪ ਤੋਂ ਕਰ ਲੈਂਦਾ ਹੈ ਤਾਂ ਉਹ ਬੜੀ ਅਸਾਨੀ ਨਾਲ ਫ਼ੌਜ,ਬੀਐੱਸਐੱਫ਼, ਸੀਆਰਪੀਐੱਫ਼, ਪੰਜਾਬ ਪੁਲਿਸ ਦੀ ਭਰਤੀ ਵੇਲੇ ਸਾਰੇ ਸਰੀਰਕ ਟੈੱਸਟ ਪਾਸ ਕਰਨ ਦੇ ਯੋਗ ਹੋ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਨੌਜਵਾਨਾਂ ਨੂੰ ਲਿਖਤੀ ਟੈੱਸਟ ਦੀ ਤਿਆਰੀ ਵੀ ਕਰਵਾਈ ਜਾਂਦੀ ਹੈ ਤਾਂ ਜੋ ਸਰੀਰਕ ਟੈੱਸਟ ਪਾਸ ਕਰਨ ਤੋਂ ਬਾਅਦ ਜੋ ਲਿਖਤੀ ਟੈੱਸਟ ਲਿਆ ਜਾਂਦਾ ਹੈ ਨੌਜਵਾਨ ਉਸ ਵਿਚੋਂ ਵੀ ਪਾਸ ਹੋ ਕੇ ਭਰਤੀ ਹੋ ਸਕਣ।

ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਕਿਹਾ ਕਿ ਸੀ-ਪਾਈਟ ਕੇਂਦਰ ਬੋੜਾਵਾਲ ਵਿਖੇ ਸਮੇਂ-ਸਮੇਂ ਇਹ ਸਿਖਲਾਈ ਕੈਂਪ ਚੱਲਦੇ ਰਹਿੰਦੇ ਹਨ ਅਤੇ ਜਿਹੜੇ ਨੌਜਵਾਨ ਫ਼ੌਜ ਵਿੱਚ ਭਰਤੀ ਹੋ ਕੇ ਦੇਸ਼ ਦੀ ਸੇਵਾ ਕਰਨੀ ਚਾਹੁੰਦੇ ਹਨ, ਉਨ੍ਹਾਂ ਲਈ ਰੱਖਿਆ ਸੇਵਾਵਾਂ ਵਿੱਚ ਜਾਣ ਲਈ ਸੀ-ਪਾਈਟ ਕੇਂਦਰ ਬੋੜਾਵਾਲ ਵਰਦਾਨ ਹੈ। ਉਨ੍ਹਾਂ ਕਿਹਾ ਕਿ ਜੋ ਨੌਜਵਾਨ ਇਸ ਕੇਂਦਰ ਵਿੱਚ ਸਿਖਲਾਈ ਲੈਣੀ ਚਾਹੁੰਦੇ ਹਨ ਉਹ ਸੀ-ਪਾਈਟ ਕੇਂਦਰ ਬੋੜਾਵਾਲ ਜਾਂ ਜ਼ਿਲ੍ਹਾ ਰੁਜ਼ਗਾਰ ਦਫ਼ਤਰ, ਮਾਨਸਾ ਵਿਖੇ ਪਹੁੰਚ ਕੇ ਜਾਂ 94641-78030 'ਤੇ ਸੰਪਰਕ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਸੀ-ਪਾਈਟ ਕੇਂਦਰ ਬੋੜਾਵਾਲ ਦੇ ਸੰਪਰਕ ਨੰਬਰ 98148-50214, 94632-89901 'ਤੇ ਸੰਪਰਕ ਕੀਤਾ ਜਾ ਸਕਦਾ ਹੈ।

**Matrimonial**

**Looking for a bride for American Citizen Ramagarhia Sikh Boy divorced from short marriage, No Kids. Born in 1984, height 5'10". Looking for American citizen or Green Card Holder girl.**
**Contact- +1(510) 200-1772**

**ਕੰਨਿਆ ਦੀ ਲੋੜ**
**ਅਮਰੀਕਨ ਨਾਗਰਿਕ ਰਾਮਗੜ੍ਹੀਆ ਸਿੱਖ ਮੁੰਡਾ ਜਨਮ 1984, 5'10" ਤਲਾਕਸ਼ੁਦਾ ਕੋਈ ਬੱਚਾ ਨਹੀਂ, ਲਈ ਅਮਰੀਕਾ ਵਿੱਚ ਪੱਕੀ ਜਾਂ ਗਰੀਨ ਕਾਰਡ ਹੋਲਡਰ ਲੜਕੀ ਦੀ ਜ਼ਰੂਰਤ ਹੈ।**
**ਸੰਪਰਕ- +1(510) 200-1772**

**Space available for Ad**
**Contact # +1 (209) 303-1260**


Punjabi Cultural Society Of Tracy Presents
ਤੀਆਂ ਦਾ ਮੇਲਾ
LADIES ONLY
4 ਅਗਸਤ, 2024, ਦਿਨ ਐਤਵਾਰ
IPFES
PORTUGUESE HALL
400 W 9th St, Tracy, CA 95376
11:00AM - 7:00PM
Hosted By : ASHA SHARMA
ਇਲਾਕੇ ਦੀਆਂ ਸਮੂਹ ਪੰਜਾਬੀ ਮੁਟਿਆਰਾਂ ਵੱਲੋਂ
ਗਿੱਧਾ, ਭੰਗੜਾ, ਬੋਲੀਆਂ ਪਾ ਪੇਸ਼ ਕੀਤੀਆਂ ਜਾਣਗੀਆਂ
ਵੱਖ-ਵੱਖ ਸੱਭਿਆਚਾਰਕ ਵੰਨਗੀਆ ਤੇ ਦਿਲ ਖਿੱਚਵੇਂ ਰੰਗਾਂ -ਰੰਗ ਪ੍ਰੋਗਰਾਮ |
ਲੱਗਣਗੇ ਹਾਰ- ਸ਼ਿੰਗਾਰ ਤੇ ਵੱਖੋ -ਵੱਖਰੇ ਖਾਣ ਪੀਣ ਦੇ ਸਟਾਲ, ਬੱਚਿਆਂ ਲਈ ਖੇਡਾਂ ਦਾ ਖ਼ਾਸ ਪ੍ਰਬੰਧ !
OUR PROUD SPONSORS
TRACY LIQUOR
NEW INDIAN SUPERMARKET
doaba
MOUNTAIN MIKE'S
LATHROP LIQUOR
PAAM
SUNSET LIQUORS
MART LIQUOR
SANSAR
dhaba Indian Cuisine
CASTLE WINTON PHARMACY
NorCal Liquors
NEW INDIAN
CLEANERS
CITY AUTO
Two Guys
TANDOORI PIZZA
Dentistry
IMPERIAL SPICE
KRUSS TRUCKING
SUNRISE TRUCKING
ADVANCED Trucking
TRY-US TRANSPORTATION INC.
Sandhu Brothers
Sohi Realty LLC
LTA Bros Inc
Continental C Express Inc
Kamal Transport
ARCO ampm
SUBWAY
ਇਸ ਵਾਰ ਪਹਿਲਾਂ ਹੀ ਸਾਰੇ Vendors Book ਹਨ
ਵਧੇਰੇ ਜਾਣਕਾਰੀ ਲਈ ਕਾਲ ਕਰੋ : Tajinder Muhar :(209) 640-9521 | Rani Kahlon :(209) 683-6926

# ਗੈਰ-ਕਾਨੂੰਨੀ ਢੰਗ ਨਾਲ ਲੋਕਾਂ ਨੂੰ ਕੰਬੋਡੀਆ ਭੇਜਣ ਵਾਲੇ ਦੋ ਟਰੈਵਲ ਏਜੰਟਾਂ ਨੂੰ ਪੰਜਾਬ ਪੁਲਿਸ ਦੇ ਸਾਈਬਰ ਕ੍ਰਾਈਮ ਡਵੀਜ਼ਨ ਨੇ ਕੀਤਾ ਗ੍ਰਿਫ਼ਤਾਰ

ਜਲੰਧਰ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਪੰਜਾਬ ਪੁਲਿਸ ਦੇ ਸਾਈਬਰ ਕ੍ਰਾਈਮ ਡਵੀਜ਼ਨ ਨੇ ਪੰਜਾਬ ਤੋਂ ਗ਼ੈਰ-ਕਾਨੂੰਨੀ ਢੰਗ ਨਾਲ ਲੋਕਾਂ ਨੂੰ ਕੰਬੋਡੀਆ ਅਤੇ ਹੋਰ ਦੱਖਣ ਪੂਰਬੀ ਏਸ਼ੀਆਈ ਦੇਸ਼ਾਂ ਵਿੱਚ ਭੇਜਣ ਵਾਲੇ ਦੋ ਟਰੈਵਲ ਏਜੰਟਾਂ ਨੂੰ ਮਨੁੱਖੀ ਤਸਕਰੀ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।

ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਬੁੱਧਵਾਰ ਨੂੰ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਅਮਰਜੀਤ ਸਿੰਘ, ਜੋ ਕਿ ਮੋਹਾਲੀ ਸਥਿਤ ਵੀਜ਼ਾ ਪੈਲੇਸ ਇਮੀਗ੍ਰੇਸ਼ਨ ਦਾ ਮਾਲਕ ਹੈ ਅਤੇ ਉਸ ਦੇ ਸਾਥੀ ਗੁਰਜੋਧ ਸਿੰਘ ਵਜੋਂ ਹੋਈ ਹੈ।

ਜਾਣਕਾਰੀ ਅਨੁਸਾਰ ਕਾਬੂ ਕੀਤੇ ਗਏ ਟਰੈਵਲ ਏਜੰਟ ਭੋਲੇ-ਭਾਲੇ ਲੋਕਾਂ ਨੂੰ ਡਾਟਾ ਐਂਟਰੀ ਦੀਆਂ ਨੌਕਰੀਆਂ ਦਾ ਲਾਲਚ ਦੇ ਕੇ ਪੰਜਾਬ ਤੋਂ ਕੰਬੋਡੀਆ ਭੇਜਦੇ ਸਨ। ਕੰਬੋਡੀਆ ਵਿੱਚ ਸਿਆਮ ਰੀਪ ਪਹੁੰਚਣ 'ਤੇ, ਉਹਨਾਂ ਦੇ ਪਾਸਪੋਰਟ ਖੋਹ ਲਏ ਜਾਂਦੇ ਹਨ ਅਤੇ ਫਿਰ ਉਹਨਾਂ ਨੂੰ ਸਾਈਬਰ ਸਕੈਮਿੰਗ ਕਾਲ ਸੈਂਟਰਾਂ ਵਿੱਚ ਕੰਮ ਕਰਨ ਲਈ ਮਜ਼ਬੂਰ ਕੀਤਾ ਜਾਂਦਾ ਹੈ ਤਾਂ ਜੋ ਸਾਈਬਰ ਫਾਈਨਾਂਸ਼ੀਅਲ ਫਰਾਡ ਲਈ ਭਾਰਤੀ ਲੋਕਾਂ ਨੂੰ ਨਿਸ਼ਾਨਾ ਬਣਾਇਆ ਜਾ ਸਕੇ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਕੰਬੋਡੀਆ ਸਥਿਤ ਭਾਰਤੀ ਦੂਤਾਵਾਸ ਦੇ ਸੰਪਰਕ ਵਿੱਚ ਆਉਣ ਵਾਲੇ ਪੀੜਤ ਦੀ ਜਾਣਕਾਰੀ ਤੋਂ ਬਾਅਦ ਸਟੇਟ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਨੇ ਐਫਆਈਆਰ ਦਰਜ ਕਰਕੇ ਇਸ ਕੇਸ ਸਬੰਧੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ ਆਈਪੀਸੀ ਦੀ ਧਾਰਾ 370,406,420 ਅਤੇ 120-ਬੀ ਅਤੇ ਇਮੀਗਰੇਸ਼ਨ ਐਕਟ ਦੀ ਧਾਰਾ 24 ਤਹਿਤ ਸਟੇਟ ਕ੍ਰਾਈਮ ਪੁਲਿਸ ਸਟੇਸ਼ਨ ਵਿਖੇ ਕੇਸ ਦਰਜ ਕੀਤਾ ਗਿਆ ਹੈ।




ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮਾਂ ਨੇ ਕਈ ਵਿਅਕਤੀਆਂ ਨੂੰ ਧੋਖੇ ਨਾਲ ਕੰਬੋਡੀਆ ਅਤੇ ਹੋਰ ਦੱਖਣ-ਪੂਰਬੀ ਏਸ਼ੀਆਈ ਦੇਸ਼ਾਂ ਵਿੱਚ ਭੇਜਿਆ ਹੈ, ਜਿੱਥੇ ਉਨ੍ਹਾਂ ਤੋਂ ਭਾਰਤੀਆਂ ਨਾਲ ਸਾਈਬਰ ਸਕੈਮਿੰਗ ਵਾਲੇ ਕੇਂਦਰਾਂ ਵਿੱਚ ਜ਼ਬਰਦਸਤੀ ਕੰਮ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਾਈਬਰ ਗੁਲਾਮੀ ਵਿੱਚ ਫਸੇ ਹੋਰ ਵਿਅਕਤੀਆਂ ਦੇ ਵੇਰਵੇ ਪ੍ਰਾਪਤ ਕੀਤੇ ਜਾ ਰਹੇ ਹਨ ਅਤੇ ਉਨ੍ਹਾਂ ਪੀੜਤਾਂ ਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਸੰਪਰਕ ਕਾਇਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਏਡੀਜੀਪੀ ਸਾਈਬਰ ਕ੍ਰਾਈਮ ਡਿਵੀਜ਼ਨ ਵੀ. ਨੀਰਜਾ ਨੇ ਹੋਰ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਸਟੇਟ ਸਾਈਬਰ ਕ੍ਰਾਈਮ ਦੀ ਪੁਲਿਸ ਟੀਮ ਨੇ ਇੰਸਪੈਕਟਰ ਦੀਪਕ ਭਾਟੀਆ ਦੀ ਅਗਵਾਈ ਹੇਠ ਵੀਜ਼ਾ ਪੈਲੇਸ ਇਮੀਗ੍ਰੇਸ਼ਨ ਦੇ ਦਫ਼ਤਰ 'ਤੇ ਛਾਪਾ ਮਾਰਿਆ ਅਤੇ ਦੋਵਾਂ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ। ਉਨ੍ਹਾਂ ਨੇ ਦੱਸਿਆ ਕਿ ਮੁਲਜ਼ਮਾਂ ਨੇ ਅੱਗੇ ਖੁਲਾਸਾ ਕੀਤਾ ਹੈ ਕਿ ਉਹ ਵੱਖ-ਵੱਖ ਰਾਜਾਂ ਨਾਲ ਸਬੰਧਤ ਹੋਰ ਏਜੰਟਾਂ ਦੀ ਮਿਲੀਭੁਗਤ ਨਾਲ ਗੈਰ-ਕਾਨੂੰਨੀ ਗਤੀਵਿਧੀਆਂ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਅਜਿਹੇ ਹੋਰ ਟਰੈਵਲ ਏਜੰਟਾਂ ਅਤੇ ਉਨ੍ਹਾਂ ਦੇ ਸਾਥੀਆਂ ਦੀ ਪਛਾਣ ਕਰਨ / ਕਾਬੂ ਕਰਨ ਲਈ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।

ਏ.ਡੀ.ਜੀ.ਪੀ. ਨੇ ਨਾਗਰਿਕਾਂ ਨੂੰ ਅਜਿਹੀਆਂ ਧੋਖਾਧੜੀ ਵਾਲੀਆਂ ਇਮੀਗ੍ਰੇਸ਼ਨ ਗਤੀਵਿਧੀਆਂ ਤੋਂ ਸੁਚੇਤ ਰਹਿਣ ਅਤੇ ਵਿਦੇਸ਼ਾਂ, ਖਾਸ ਕਰਕੇ ਦੱਖਣ-ਪੂਰਬੀ ਏਸ਼ੀਆਈ ਦੇਸ਼ਾਂ ਵਿੱਚ ਚੰਗੀਆਂ ਨੌਕਰੀਆਂ ਦੇ ਮੌਕੇ ਪ੍ਰਦਾਨ ਕਰਨ ਵਾਲੇ ਟਰੈਵਲ ਏਜੰਟਾਂ ਦੇ ਝੂਠੇ ਵਾਅਦਿਆਂ ਦਾ ਸ਼ਿਕਾਰ ਨਾ ਹੋਣ ਲਈ ਕਿਹਾ। ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਸੰਭਾਵੀ ਰੁਜ਼ਗਾਰਦਾਤਾ ਦੇ ਪਿਛੋਕੜ ਦੀ ਚੰਗੀ ਤਰ੍ਹਾਂ ਜਾਂਚ ਕੀਤੀ ਜਾਵੇ, ਖਾਸ ਤੌਰ 'ਤੇ ਜਦੋਂ 'ਡਾਟਾ ਐਂਟਰੀ ਆਪਰੇਟਰ' ਨੌਕਰੀ ਦੇ ਨਾਮ 'ਤੇ ਕੰਮ ਦੀ ਪੇਸ਼ਕਸ਼ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਕਿਸੇ ਦਬਾਅ ਹੇਠ ਕੋਈ ਵੀ ਗੈਰ-ਕਾਨੂੰਨੀ ਸਾਈਬਰ ਗਤੀਵਿਧੀਆਂ ਨਾ ਕਰਨ ਅਤੇ ਭਾਰਤੀ ਦੂਤਾਵਾਸ ਤੱਕ ਪਹੁੰਚ ਕਰਨ।

ਜ਼ਿਕਰਯੋਗ ਹੈ ਕਿ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਨੇ ਰੁਜ਼ਗਾਰ ਦੇ ਉਦੇਸ਼ਾਂ ਲਈ ਵਿਦੇਸ਼ ਜਾਣ ਦੇ ਚਾਹਵਾਨ ਵਿਅਕਤੀਆਂ ਨੂੰ ਲੋੜੀਂਦੀਆਂ ਸਹਾਇਤਾ ਸੇਵਾਵਾਂ ਪ੍ਰਦਾਨ ਕਰਨ ਲਈ ਇੱਕ ਸਿੰਗਲ-ਵਿੰਡੋ ਸੁਵਿਧਾ ਕੇਂਦਰ ਵਜੋਂ ਓਵਰਸੀਜ਼ ਵਰਕਰਜ਼ ਰਿਸੋਰਸ ਸੈਂਟਰ (ਓਡਬਲਿਊਆਰਸੀ) ਦੀ ਸਥਾਪਨਾ ਵੀ ਕੀਤੀ ਹੈ। ਓ.ਡਬਲਿਊ.ਆਰ.ਸੀ. ਅੱਜ ਕੱਲ੍ਹ 24*7 ਹੈਲਪਲਾਈਨ (1800113090) ਉਪਲਬਧ ਹੈ ਤਾਂ ਜੋ ਪ੍ਰਵਾਸੀਆਂ ਅਤੇ ਉਹਨਾਂ ਦੇ ਪਰਿਵਾਰਾਂ ਨੂੰ ਇੱਕ ਟੋਲ ਫਰੀ ਨੰਬਰ ਰਾਹੀਂ ਲੋੜ ਅਧਾਰਤ ਜਾਣਕਾਰੀ ਪ੍ਰਦਾਨ ਕੀਤੀ ਜਾ ਸਕੇ। ਜੇਕਰ ਪੰਜਾਬ ਰਾਜ ਦਾ ਕੋਈ ਹੋਰ ਵਿਅਕਤੀ ਇਸ ਕਥਿਤ ਘੁਟਾਲੇ ਦਾ ਸ਼ਿਕਾਰ ਹੋਇਆ ਹੈ, ਤਾਂ ਉਹ ਵਿਅਕਤੀ ਸਟੇਟ ਸਾਈਬਰ ਕ੍ਰਾਈਮ ਡਵੀਜ਼ਨ, ਪੰਜਾਬ ਹੈਲਪਲਾਈਨ ਨੰ. 0172-2226258 'ਤੇ ਸੰਪਰਕ ਕਰਕੇ ਵਿਦੇਸ਼ ਮੰਤਰਾਲੇ, ਨਵੀਂ ਦਿੱਲੀ ਰਾਹੀਂ ਹੋਰ ਜਾਣਕਾਰੀ ਪ੍ਰਾਪਤ ਕਰ ਸਕਦਾ ਹੈ।

# ਵਾਤਵਰਨ ਬਚਾਓ ਮੁਹਿੰਮ ਤਹਿਤ ਖੇਤੀਬਾੜੀ ਵਿਭਾਗ ਵੱਲੋਂ ਵੱਖ-ਵੱਖ ਤਰ੍ਹਾਂ ਦੇ 100 ਪੌਦੇ ਲਗਾਏ

ਮਾਨਸਾ
ਸਾਂਝੀ ਸੋਚ ਬਿਊਰੋ

ਮੁੱਖ ਖੇਤੀਬਾੜੀ ਅਫ਼ਸਰ ਹਰਵਿੰਦਰ ਸਿੰਘ ਸਿੱਧੂ ਵੱਲੋਂ ਮੁੱਖ ਖੇਤੀਬਾੜੀ ਦਫ਼ਤਰ, ਮਾਨਸਾ ਵਿਖੇ ਬੂਟਾ ਲਗਾ ਕੇ ਵਾਤਾਵਰਣ ਨੂੰ ਬਚਾਓ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਉਨ੍ਹਾਂ ਕਿਹਾ ਕਿ ਵਾਤਾਵਰਣ ਨੂੰ ਹਰਾ-ਭਰਾ ਬਣਾਉਣ ਲਈ ਬੂਟੇ ਲਗਾਉਣੇ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਵਾਤਾਵਰਣ ਬਚਾਓ ਮੁਹਿੰਮ ਤਹਿਤ ਖੇਤੀਬਾੜੀ ਦਫ਼ਤਰ ਵਿਖੇ ਲਗਭਗ 100 ਅਲੱਗ-ਅਲੱਗ ਤਰ੍ਹਾਂ ਦੇ ਬੂਟੇ ਲਗਾਏ ਗਏ ਹਨ।



ਉਨ੍ਹਾਂ ਕਿਹਾ ਕਿ ਵਧ ਰਹੀ ਗਰਮੀ ਦੇ ਮੱਦੇਨਜ਼ਰ ਵਾਤਾਵਰਣ ਹਿਤ ਵਿਚ ਕਾਰਜ ਕਰਨੇ ਹਰ ਨਾਗਰਿਕ ਦਾ ਫਰਜ਼ ਹੈ ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ ਸੁੱਥਰਾ ਅਤੇ ਰਹਿਣਯੋਗ ਚੰਗਾ ਵਾਤਵਰਣ ਦਿੱਤਾ ਜਾ ਸਕੇ।

ਉਨ੍ਹਾਂ ਦੱਸਿਆ ਕਿ ਵਾਤਾਵਰਣ ਬਚਾਓ ਮੁਹਿੰਮ ਇਸੇ ਤਰ੍ਹਾਂ ਅੱਗੇ ਵੀ ਜਾਰੀ ਰਹੇਗੀ ਜਿਸ ਤਹਿਤ ਵਿਭਾਗ ਦੇ ਬਲਾਕ ਦਫ਼ਤਰਾਂ ਅਤੇ ਸਰਕਲ ਪੱਧਰ 'ਤੇ ਦਫ਼ਤਰਾਂ ਵਿੱਚ ਬੂਟੇ ਲਗਾਏ ਜਾਣਗੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਆਪਣੇ ਘਰਾਂ ਅਤੇ ਖੇਤਾਂ ਦੇ ਆਲ-ਦੁਆਲੇ ਵੱਧ ਤੋਂ ਵੱਧ ਬੂਟੇ ਲਗਾਏ ਜਾਣ ਤਾਂ ਜੋ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ।

ਇਸ ਮੌਕੇ ਮਨੋਜ ਕੁਮਾਰ, ਸਹਾਇਕ ਕਪਾਹ ਵਿਸਥਾਰ ਅਫ਼ਸਰ, ਮਾਨਸਾ, ਜਸਲੀਨ ਕੌਰ, ਖੇਤੀਬਾੜੀ ਵਿਕਾਸ ਅਫ਼ਸਰ, ਗੁਰਪ੍ਰੀਤ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ, ਸ਼ਗਨਦੀਪ ਕੌਰ, ਖੇਤੀਬਾੜੀ ਵਿਕਾਸ ਅਫ਼ਸਰ, ਚਮਨਦੀਪ ਸਿੰਘ, ਡੀ.ਪੀ.ਡੀ, ਬੂਟਾ ਸਿੰਘ, ਸੁਪਰਡੰਟ, ਗੁਰਪਾਲ ਸਿੰਘ, ਸੀਨੀਅਰ ਸਹਾਇਕ, ਗੁਰਬਖਸ਼ ਸਿੰਘ, ਖੇਤੀਬਾੜੀ ਉਪ ਨਿਰੀਖਕ, ਗੁਰਪ੍ਰੀਤ ਸਿੰਘ, ਬੇਲਦਾਰ ਤੋਂ ਇਲਾਵਾ ਦਫ਼ਤਰ ਦੇ ਹੋਰ ਅਧਿਕਾਰੀ, ਕਰਮਚਾਰੀ ਹਾਜ਼ਰ ਸਨ। ਬੂਟਿਆਂ ਦਾ ਪ੍ਰਬੰਧ ਅਭਿਨਵ ਅਤੇ ਗੁਰਬਾਜ ਸਿੰਘ, ਕਲਰਕ ਵੱਲੋਂ ਕੀਤਾ ਗਿਆ।

Space available for Ad
Contact # +1 (209) 303-1260




SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828

EXIT REALTY CONSULTANTS
150 W.Yosemite Ave.,Manteca ,CA ,95336



ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ
(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )
ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ
ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ
Raman Bassi
Realtor DRE # 02162139
ਵਧੇਰੇ ਜਾਣਕਾਰੀ ਲਈ ਕਾਲ ਕਰੋ
Cell : 510-432-8122
Office : 209-823-1234
www.RamanBassi.EXITHOME.COM
RBassi@EXITHOME.com



# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



Office Ph.(916) 427-4321

6624 FLORIN ROAD, SACRAMENTO CA, 95828
FAX: 916)258-0441, Cell: (916)308-7997

Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse,
DOT Supervisor Training, SAP Classes Etc.



Lab. Ph:(916) 680-9293

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com


ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

# 4,000 ਰੁਪਏ ਰਿਸ਼ਵਤ ਲੈਂਦਾ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਕਾਬੂ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**



ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਮਾਲ ਹਲਕਾ ਦੌਲਤਪੁਰ, ਜ਼ਿਲ੍ਹਾ ਪਠਾਨਕੋਟ ਵਿਖੇ ਤਾਇਨਾਤ ਪਟਵਾਰੀ ਅਕਸ਼ਦੀਪ ਸਿੰਘ ਨੂੰ 4,000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪਟਵਾਰੀ ਨੂੰ ਜਗਜੀਤ ਸਿੰਘ ਵਾਸੀ ਪਿੰਡ ਢੱਕੀ, ਜ਼ਿਲ੍ਹਾ ਪਠਾਨਕੋਟ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਸਦੀ ਜੱਦੀ ਜ਼ਮੀਨ ਦਾ ਇੰਤਕਾਲ ਕਰਨ ਬਦਲੇ ਉਕਤ ਮੁਲਜ਼ਮ ਨੇ ਉਸ ਕੋਲੋਂ 4,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਇਸ ਸ਼ਿਕਾਇਤ ਦੀ ਮੁੱਢਲੀ ਤਫ਼ਤੀਸ਼ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 4,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਉਕਤ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਕਾਰਵਾਈ ਜਾਰੀ ਹੈ।

# ਜਲੰਧਰ ਜ਼ਿਮਨੀ ਚੋਣ 'ਚ ਆਏ ਦਿਨ 'ਆਪ' ਦਾ ਵਧਦਾ ਜਾ ਰਿਹਾ ਹੈ ਗਰਾਫ਼, ਕਾਂਗਰਸ-ਭਾਜਪਾ ਦੇ ਅਹੁਦੇਦਾਰ 'ਆਪ' 'ਚ ਹੋਏ ਸ਼ਾਮਲ

**ਜਲੰਧਰ ਸਾਂਝੀ ਸੋਚ ਬਿਊਰੋ**



ਜਲੰਧਰ ਪੱਛਮੀ ਵਿਧਾਨ ਸਭਾ ਜ਼ਿਮਨੀ ਚੋਣ ਤੋਂ ਪਹਿਲਾਂ ਆਮ ਆਦਮੀ ਪਾਰਟੀ (ਆਪ) ਲਗਾਤਾਰ ਮਜ਼ਬੂਤ ਹੁੰਦੀ ਜਾ ਰਹੀ ਹੈ। 'ਆਪ' ਨੇ ਜਲੰਧਰ ਪੱਛਮੀ 'ਚ ਕਾਂਗਰਸ ਅਤੇ ਭਾਰਤੀ ਜਨਤਾ ਪਾਰਟੀ ਨੂੰ ਵੱਡਾ ਝਟਕਾ ਦਿੱਤਾ ਹੈ। ਬੁੱਧਵਾਰ ਨੂੰ ਕਾਂਗਰਸ ਤੇ ਭਾਜਪਾ ਦੇ ਅਹੁਦੇਦਾਰ ਅਤੇ ਵਰਕਰ ਪਾਰਟੀ ਛੱਡ ਕੇ 'ਆਪ' 'ਚ ਸ਼ਾਮਲ ਹੋ ਗਏ। ਕਾਂਗਰਸ ਦੇ ਕੌਂਸਲਰ ਤਰਸੇਮ ਲਖੋਤਰਾ, ਅਨਮੋਲ ਗ੍ਰੋਵਰ ਅਤੇ ਸੀਨੀਅਰ ਕਾਂਗਰਸੀ ਲੀਡਰ ਕਮਲ ਲੋਚ ਆਪਣੇ ਸਾਥੀਆਂ ਸਮੇਤ 'ਆਪ' 'ਚ ਸ਼ਾਮਿਲ ਹੋ ਗਏ। ਉੱਥੇ ਹੀ ਦੂਜੇ ਪਾਸੇ ਆਮ ਆਦਮੀ ਪਾਰਟੀ ਨੇ ਭਾਜਪਾ ਨੂੰ ਵੀ ਵੱਡਾ ਝਟਕਾ ਦਿੱਤਾ ਹੈ। ਵਾਰਡ ਨੰਬਰ 40 ਤੋਂ ਭਾਜਪਾ ਦੇ ਸੀਨੀਅਰ ਆਗੂ ਵਿਰੇਸ਼ ਮਿੰਟੂ ਵੀ ਆਪ 'ਚ ਸ਼ਾਮਿਲ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਨੇ ਰਸਮੀ ਤੌਰ 'ਤੇ ਸਾਰੇ ਆਗੂਆਂ ਨੂੰ ਪਾਰਟੀ 'ਚ ਸ਼ਾਮਲ ਕੀਤਾ ਅਤੇ ਉਨ੍ਹਾਂ ਦਾ ਪਾਰਟੀ ਵਿਚ ਸਵਾਗਤ ਕੀਤਾ ਅਤੇ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵਿਚ ਪੂਰਾ ਮਾਨ-ਸਨਮਾਨ ਦਿੱਤਾ ਜਾਵੇਗਾ।

ਇਸ ਮੌਕੇ ਆਪਣੇ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਜਲੰਧਰ ਦੇ ਲੋਕ ਆਮ ਆਦਮੀ ਪਾਰਟੀ ਦੇ ਨਾਲ ਡੱਟ ਕੇ ਖੜੇ ਹਨ। ਉਨ੍ਹਾਂ ਕਿਹਾ ਕਿ ਇਹ ਚੋਣ ਨਹੀਂ ਹੋਣੀ ਸੀ, ਪਰ ਪਿਛਲਾ ਵਿਧਾਇਕ ਦਲ ਬਦਲੂ ਤੇ ਲਾਲਚੀ ਨਿਕਲਿਆ ਅਤੇ ਉਸ ਨੇ ਲੋਕਾਂ ਨਾਲ ਧੋਖਾ ਕੀਤਾ। ਜਿਸ ਦੀ ਵਜ੍ਹਾ ਕਰਕੇ ਅੱਜ ਪੰਜਾਬ ਸਰਕਾਰ ਦੇ ਖ਼ਜ਼ਾਨੇ ਵਿਚੋਂ ਕਰੋੜਾਂ ਰੁਪਏ ਇਸ ਚੋਣ ਉੱਤੇ ਖ਼ਰਚ ਹੋ ਰਹੇ ਹਨ। ਉਨ੍ਹਾਂ ਨੇ ਭਰੋਸਾ ਜਤਾਇਆ ਕਿ ਜਲੰਧਰ ਪੱਛਮੀ ਦੇ ਲੋਕ ਆਪ ਉਮੀਦਵਾਰ ਮੋਹਿੰਦਰ ਭਗਤ ਨੂੰ ਭਾਰੀ ਵੋਟਾਂ ਨਾਲ ਜਿੱਤਾ ਕੇ ਧੋਖੇਬਾਜ਼ਾਂ ਨੂੰ ਇਸ ਧੋਖਾਧੜੀ ਦਾ ਠੋਕਵਾਂ ਜਵਾਬ ਦੇਣਗੇ।

# ਭੀਖ ਮੰਗਦੇ ਬੱਚੇ, ਗੁੰਮ ਹੋਏ ਜਾਂ ਲਾਵਾਰਿਸ ਬੱਚੇ ਦੇ ਮਿਲਣ 'ਤੇ ਬਾਲ ਭਲਾਈ ਕਮੇਟੀ ਅਤੇ ਸੰਬਧਿਤ ਥਾਣੇ ਨੂੰ ਦਿੱਤੀ ਜਾਵੇ ਸੂਚਨਾ

**ਮਾਨਸਾ ਸਾਂਝੀ ਸੋਚ ਬਿਊਰੋ**

ਚੇਅਰਪਰਸਨ ਨੈਸ਼ਨਲ ਕਮਿਸ਼ਨਰ ਫਾਰ ਪ੍ਰੋਟੈਕਸ਼ਨ ਆਫ ਚਾਈਲਡ ਰਾਈਟਸ ਵੱਲੋਂ ਪ੍ਰਾਪਤ ਹਦਾਇਤਾਂ 'ਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਕੁਲਵਿੰਦਰ ਸਿੰਘ ਅਤੇ ਜ਼ਿਲ੍ਹਾ ਬਾਲ ਅਫ਼ਸਰ ਨਤੀਸ਼ਾ ਅੱਤਰੀ ਦੇ ਆਦੇਸ਼ਾਂ 'ਤੇ ਰਜਿੰਦਰ ਕੁਮਾਰ ਕਾਊਂਸਲਰ ਵੱਲੋਂ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਬੁਢਲਾਡਾ ਦੀਆਂ ਵੱਖ ਵੱਖ ਜਨਤਕ ਥਾਵਾਂ 'ਤੇ ਭੀਖ ਮੰਗਣ ਵਾਲੇ ਬੱਚਿਆਂ ਦੀ ਸ਼ਨਾਖਤ ਲਈ ਚੈਕਿੰਗ ਕੀਤੀ ਗਈ ਤਾਂ ਜੋ ਬਾਲ ਭਿੱਖਿਆ ਨੂੰ ਰੋਕਿਆ ਜਾ ਸਕੇ।

ਇਸ ਮੌਕੇ ਰਜਿੰਦਰ ਕੁਮਾਰ ਕਾਊਂਸਲਰ ਵੱਲੋਂ ਜਨਤਕ ਥਾਵਾਂ 'ਤੇ ਲੋਕਾਂ ਨੂੰ ਸੰਬੋਧਨ ਕਰਦਿਆਂ ਬੱਚਿਆਂ ਨਾਲ ਸਬੰਧਤ ਮਿਲਣ ਵਾਲੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਾਲ ਸੁਰੱਖਿਆ ਵਿਭਾਗ ਵੱਲੋਂ ਮਿਲਣ ਵਾਲੀਆਂ ਸਹੂਲਤਾਂ ਤੋਂ ਜਾਣੂ ਕਰਵਾਉਣਾ ਲਾਜ਼ਮੀ ਹੈ ਤਾਂ ਜੋ ਕਿਸੇ ਲੋੜਵੰਦ ਬੱਚੇ ਦੀ ਮਦਦ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਭੀਖ ਮੰਗਦੇ ਬੱਚੇ, ਗੁੰਮ ਹੋਏ ਬੱਚੇ ਜਾਂ ਲਾਵਾਰਿਸ ਬੱਚੇ ਦੇ ਮਿਲਣ 'ਤੇ ਸੂਚਨਾ ਬਾਲ ਭਲਾਈ ਕਮੇਟੀ ਅਤੇ ਸੰਬਧਿਤ ਥਾਣੇ ਨੂੰ ਦਿੱਤੀ ਜਾਵੇ। ਉਨ੍ਹਾਂ ਜਿਣਸੀ ਐਕਟ ਬਾਰੇ ਜਾਣੂ ਕਰਵਾਉਂਦਿਆਂ ਕਿਹਾ ਕਿ ਮੋਬਾਇਲ 'ਤੇ ਗਲਤ ਸੁਨੇਹੇ ਭੇਜਣਾ ਅਤੇ ਛੇੜਛਾੜ ਕਰਨ 'ਤੇ ਸਖ਼ਤ ਸਜ਼ਾ ਮਿਲਦੀ ਹੈ।

ਕਾਊਂਸਲਰ ਨੇ ਕਿਹਾ ਕਿ ਬਾਲ ਵਿਆਹ, ਬਾਲ ਮਜ਼ਦੂਰੀ ਅਤੇ ਕਿਸੇ ਮੁਸੀਬਤ ਵਿਚ ਮਿਲੇ ਬੱਚੇ ਦੀ ਮਦਦ ਲਈ ਪੁਲਿਸ ਵਿਭਾਗ ਬਾਲ ਭਲਾਈ ਕਮੇਟੀ ਤੇ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਮਾਨਸਾ ਨੂੰ ਸੂਚਨਾ ਦਿੱਤੀ ਜਾ ਸਕਦੀ ਹੈ।

# ਐਨ.ਐਮ.ਐਮ.ਐਸ ਪ੍ਰੀਖਿਆ ਵਿਚ ਸਰਕਾਰੀ ਮਿਡਲ ਸਕੂਲ ਭੈਣੀ ਰੋੜਾ ਦਾ ਸ਼ਾਨਦਾਰ ਪ੍ਰਦਰਸ਼ਨ



**ਭੈਣੀ ਰੋੜਾ ਸਾਂਝੀ ਸੋਚ ਬਿਊਰੋ**

ਸਰਕਾਰੀ ਮਿਡਲ ਸਕੂਲ ਭੈਣੀ ਰੋੜਾ ਦੇ ਵਿਦਿਆਰਥੀਆਂ ਵੱਲੋਂ ਪਹਿਲਾਂ ਸਕੂਲ ਆਫ ਐਮੀਨੈਂਸ ਵਿੱਚ ਜਮਾਤ ਨੌਵੀਂ ਲਈ ਪ੍ਰੀਖਿਆ ਵਿੱਚ ਸ਼ਾਨਦਾਰ ਪਰਦਰਸ਼ਨ ਕੀਤਾ ਅਤੇ ਹੁਣ ਸਕਾਲਰਸ਼ਿਪ ਲਈ ਐਨ. ਐਮ. ਐਮ. ਐਸ਼. ਦੀ ਪ੍ਰੀਖਿਆ ਵਿੱਚ ਵੀ ਮਲ੍ਹਾਂ ਮਾਰੀਆਂ। ਇਹ ਪ੍ਰੀਖਿਆ ਸਕੂਲ ਦੇ ਪੰਜ ਵਿਦਿਆਰਥੀਆਂ ਵੱਲੋਂ ਚੰਗੇ ਅੰਕ ਪ੍ਰਾਪਤ ਕਰਦੇ ਹੋਏ ਪਾਸ ਕੀਤੀ। ਇਹਨਾਂ ਵਿਦਿਆਰਥੀਆਂ ਵਿੱਚੋਂ ਮਹਿਕਪ੍ਰੀਤ ਕੌਰ ਪੁੱਤਰੀ ਗੁਰਪ੍ਰੀਤ ਸਿੰਘ ਨੇ 120 ਅੰਕ ਪ੍ਰਾਪਤ ਕਰਕੇ ਲੁਧਿਆਣੇ ਜ਼ਿਲ੍ਹੇ ਵਿੱਚੋਂ ਤੀਜਾ, ਰਸਪਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਨੇ 114 ਅੰਕ ਪ੍ਰਾਪਤ ਕਰਕੇ ਨੌਵਾਂ ਸਥਾਨ ਪ੍ਰਾਪਤ ਕੀਤਾ ਇਸੇ ਤਰਾਂ ਯੁਵਰਾਜ ਸਿੰਘ ਚਹਿਲ ਪੁੱਤਰ ਗੁਰਮੀਤ ਸਿੰਘ ਨੇ 105, ਹਰਜੋਤ ਕੌਰ ਪੁੱਤਰੀ ਹਰਵਿੰਦਰ ਸਿੰਘ ਨੇ 92 ਅਤੇ ਗਗਨਦੀਪ ਕੌਰ ਪੁੱਤਰੀ ਹਾਕਮ ਸਿੰਘ ਨੇ 85 ਅੰਕ ਪ੍ਰਾਪਤ ਕੀਤੇ। ਜਿਕਰਯੋਗ ਹੈ ਕਿ ਸਰਕਾਰ ਵੱਲੋਂ ਲਈ ਗਈ ਇਸ ਐਨ. ਐਮ. ਐਮ. ਐਸ਼. ਦੀ ਵਜ਼ੀਫ਼ਾ ਸੰਬੰਧੀ ਪ੍ਰੀਖਿਆ ਤਹਿਤ ਪਾਸ ਹੋਏ ਵਿਦਿਆਰਥੀਆਂ ਨੂੰ ਜਮਾਤ ਨੌਵੀ ਤੋਂ ਬਾਰਵੀਂ ਤੱਕ ਹਰ ਸਾਲ 12000 ਹਜ਼ਾਰ ਰੁਪਏ ਕੁੱਲ 48000/- ਰੁਪਏ ਮਿਲਣਗੇ। ਵਿਦਿਆਰਥੀਆਂ ਦੇ ਮਾਪਿਆਂ ਵੱਲੋ ਬੱਚਿਆਂ ਦੀ ਇਸ ਪ੍ਰਾਪਤੀ ਦਾ ਸਿਹਰਾ ਸਕੂਲ ਅਧਿਆਪਕਾਂ ਨੂੰ ਦਿੰਦੇ ਹੋਏ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਸਕੂਲ ਇੰਚਾਰਜ ਮਾ.ਮਨਵਿੰਦਰ ਸਿੰਘ, ਮਾ. ਪਰਮਜੀਤ ਸਿੰਘ, ਮੈਡਮ ਰਮਨਪ੍ਰੀਤ ਕੌਰ, ਮੈਡਮ ਗੁਰਪ੍ਰੀਤ ਕੌਰ ਅਤੇ ਮਾ. ਸੁਖਪਾਲ ਸਿੰਘ ਵੱਲੋਂ ਮੈਰਿਟ ਵਿੱਚ ਆਏ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਬਹੁਤ ਬਹੁਤ ਮੁਬਾਰਕਬਾਦ ਦਿੰਦਿਆਂ ਬੱਚਿਆਂ ਦੇ ਉੱਜਵਲ ਭਵਿੱਖ ਲਈ ਸੁਭਕਾਮਨਾਵਾਂ ਦਿੱਤੀਆਂ।

# ਕੁਲਰੀਆਂ ਜ਼ਮੀਨ ਮਾਲਕਾਂ ਨੂੰ ਇਨਸਾਫ਼ ਦਿਵਾਉਣ ਲਈ ਸੰਘਰਸ਼ ਜਾਰੀ: ਕੁਲਵੰਤ ਭਦੌੜ

**ਬਰਨਾਲਾ ਸਾਂਝੀ ਸੋਚ ਬਿਊਰੋ**



ਭਾਰਤੀ ਕਿਸਾਨ ਯੂਨੀਅਨ (ਡਕੌਂਦਾ-ਧਨੇਰ) ਜ਼ਿਲ੍ਹਾ ਬਰਨਾਲਾ ਦੀ ਮੀਟਿੰਗ, ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਭਦੌੜ ਦੀ ਪ੍ਰਧਾਨਗੀ ਹੇਠ ਸਥਾਨਕ ਤਰਕਸ਼ੀਲ ਭਵਨ ਵਿੱਚ ਹੋਈ। ਮੀਟਿੰਗ ਦੀ ਕਾਰਵਾਈ ਪ੍ਰੈੱਸ ਲਈ ਜਾਰੀ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਸਾਹਿਬ ਸਿੰਘ ਬਡਬਰ ਅਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਸੰਧੂ ਪੱਤੀ ਨੇ ਦੱਸਿਆ ਕਿ ਜ਼ਿਲ੍ਹਾ ਮਾਨਸਾ ਦੇ ਪਿੰਡ ਕੁੱਲਰੀਆਂ ਦੇ ਕਿਸਾਨਾਂ ਦੀਆਂ ਜ਼ਮੀਨਾਂ ਉੱਤੇ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਕਰਨ ਵਾਲੇ ਭੌਂ-ਮਾਫ਼ੀਆ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੀ ਜਾ ਰਹੀ ਪੁਸ਼ਤ-ਪਨਾਹੀ ਦਾ ਵਿਰੋਧ ਕਰਨ ਲਈ, 4 ਜੁਲਾਈ ਨੂੰ ਜਲੰਧਰ 'ਵੈਸਟ' ਹਲਕੇ ਵਿੱਚ ਜ਼ੋਰਦਾਰ ਪ੍ਰਦਰਸ਼ਨ ਕਰਨ ਦੇ ਸੂਬਾ ਕਮੇਟੀ ਵੱਲੋਂ ਦਿੱਤੇ ਸੱਦੇ ਨੂੰ ਸਫ਼ਲ ਬਣਾਉਣ ਲਈ ਠੋਸ ਵਿਉਂਤਬੰਦੀ ਕੀਤੀ ਗਈ। ਜ਼ਿਲ੍ਹੇ ਦੇ ਤਿੰਨਾਂ ਬਲਾਕਾਂ ਵਿੱਚੋਂ ਬੱਸਾਂ ਸਵੇਰੇ ਸਹੀ 8 ਵਜੇ ਤੁਰਨਗੀਆਂ ਤੇ 11 ਵਜੇ ਤੋਂ ਪਹਿਲਾਂ ਪਹਿਲਾਂ ਜਲੰਧਰ ਦੇ ਜ਼ਿਮਨੀ ਚੋਣ ਵਾਲੇ ਹਲਕੇ ਵਿੱਚ ਸੂਬਾ ਕਮੇਟੀ ਵੱਲੋਂ ਮਿਥੇ ਸਥਾਨ 'ਤੇ ਪਹੁੰਚ ਜਾਣਗੀਆਂ।

ਕਿਸਾਨ ਆਗੂਆਂ ਨੇ ਦੱਸਿਆ ਕਿ 13 ਜੁਲਾਈ ਨੂੰ ਜਥੇਬੰਦੀ ਦੇ ਬਾਨੀ ਪ੍ਰਧਾਨ ਮਰਹੂਮ ਸਾਥੀ ਬਲਕਾਰ ਸਿੰਘ ਡਕੌਂਦਾ ਅਤੇ ਉਨ੍ਹਾਂ ਜੀਵਨ-ਸਾਥਣ ਦੀ ਚੌਦਵੀਂ ਬਰਸੀ ਹੈ ਜਿਸ ਲਈ ਉਸ ਦਿਨ ਤਰਕਸ਼ੀਲ ਭਵਨ ਦੇ ਹਾਲ ਵਿੱਚ ਜ਼ਿਲ੍ਹਾ ਪੱਧਰੀ ਸਮਾਗਮ ਕੀਤਾ ਜਾਵੇਗਾ, ਜਿਸ ਨੂੰ ਸੂਬੇ ਦੇ ਆਗੂ ਵੀ ਸੰਬੋਧਨ ਕਰਨਗੇ।

ਇਸ ਸਮੇਂ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਖ਼ਜ਼ਾਨਚੀ ਗੁਰਦੇਵ ਸਿੰਘ ਮਾਂਗੇਵਾਲ, ਸੀਨੀਅਰ ਮੀਤ ਪ੍ਰਧਾਨ ਜਗਰਾਜ ਸਿੰਘ ਹਰਦਾਸਪੁਰਾ, ਅਮਰਜੀਤ ਕੌਰ, ਕੁਲਵੰਤ ਸਿੰਘ ਹੰਡਿਆਇਆ, ਰਾਮ ਸਿੰਘ ਸ਼ਹਿਣਾ, ਸੰਦੀਪ ਸਿੰਘ ਚੀਮਾ, ਅਮਰਜੀਤ ਸਿੰਘ ਠੁੱਲੀਵਾਲ, ਬਾਬੂ ਸਿੰਘ ਖੁੱਡੀਕਲਾਂ, ਨਾਨਕ ਸਿੰਘ ਅਮਲਾ ਸਿੰਘ ਵਾਲਾ, ਭੋਲਾ ਸਿੰਘ ਛੰਨਾਂ ਤੋਂ ਇਲਾਵਾ ਜ਼ਿਲ੍ਹਾ ਕਮੇਟੀ ਦੇ ਸਾਰੇ ਮੈਂਬਰ ਹਾਜ਼ਰ ਸਨ।

# ਬੇਰੁਜ਼ਗਾਰ ਸਾਂਝੇ ਮੋਰਚੇ ਵੱਲੋਂ 7 ਜੁਲਾਈ ਨੂੰ ਜਲੰਧਰ 'ਚ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ

**ਜਲੰਧਰ ਸਾਂਝੀ ਸੋਚ ਬਿਊਰੋ**

ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਪਿਛਲੀਆਂ ਰਵਾਇਤੀ ਸਰਕਾਰਾਂ ਵਾਂਗ ਸਿਰਫ ਫੋਕੀ ਇਸ਼ਤਿਹਾਰ ਬਾਜ਼ੀ ਰਾਹੀਂ ਰੁਜ਼ਗਾਰ ਦੇ ਅੰਕੜੇ ਪੇਸ਼ ਕਰਕੇ ਵਾਹਵਾ ਖੱਟਣ ਦੀ ਤਾਕ ਵਿੱਚ ਹੈ, ਪ੍ਰੰਤੂ ਪੰਜਾਬ ਦਾ ਬੇਰੁਜ਼ਗਾਰ ਵਰਗ ਆਪਣੇ ਯਤਨਾਂ ਰਾਹੀਂ ਪੰਜਾਬ ਦੇ ਲੋਕਾਂ ਨੂੰ ਅਸਲੀ ਤਸਵੀਰ ਵਿਖਾਉਣ ਵਿੱਚ ਸਫ਼ਲ ਰਿਹਾ ਹੈ ਅਤੇ ਆਉਂਦੀ ਸਥਾਨਕ ਜ਼ਿਮਨੀ ਚੋਣ ਵਿੱਚ 7 ਜੁਲਾਈ ਨੂੰ ਜ਼ੋਰਦਾਰ ਰੋਸ ਪ੍ਰਦਰਸ਼ਨ ਰਾਹੀਂ ਹਲਕੇ ਦੇ ਵੋਟਰਾਂ ਨੂੰ ਜਾਗਰੂਕ ਕਰਦਿਆਂ ਰੁਜ਼ਗਾਰ ਪ੍ਰਤੀ ਸਰਕਾਰ ਦੀ ਬੇਰੁਖੀ ਨੂੰ ਜਨਤਕ ਕੀਤਾ ਕਰੇਗਾ।

ਉਪਰੋਕਤ ਜਾਣਕਾਰੀ ਦਿੰਦਿਆਂ ਬੇਰੁਜ਼ਗਾਰ ਸਾਂਝੇ ਮੋਰਚੇ ਦੇ ਆਗੂ ਸੁਖਵਿੰਦਰ ਸਿੰਘ ਢਿੱਲਵਾਂ, ਜਸਵੰਤ ਘੁਬਾਇਆ, ਰਮਨ ਕੁਮਾਰ ਮਲੋਟ, ਹਰਜਿੰਦਰ ਸਿੰਘ ਝੁਨੀਰ ਅਤੇ ਹਰਜਿੰਦਰ ਸਿੰਘ ਬੁਢਲਾਡਾ ਨੇ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਮੌਕੇ ਪੁਲਿਸ ਲਾਠੀਚਾਰਜ਼ ਝੱਲਦੇ ਅਤੇ ਟੈਂਕੀਆਂ ਉੱਤੇ ਚੜ੍ਹ ਕੇ ਰੋਸ ਪ੍ਰਦਰਸ਼ਨ ਕਰਦੇ ਬੇਰੁਜ਼ਗਾਰਾਂ ਦੇ ਹਾਲਾਤ 27 ਮਹੀਨਿਆਂ ਵਿੱਚ ਹੋਰ ਬਦਤਰ ਹੋਏ ਹਨ। ਅਜੇ ਵੀ ਜਿਉਂ ਦੀ ਤਿਉਂ ਪੱਗਾਂ/ਚੁੰਨੀਆਂ ਲੱਥ ਰਹੀਆਂ ਹਨ। ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਪਹਿਲ ਦੇ ਆਧਾਰ ਉੱਤੇ ਭਰਤੀ ਕਰਨ, ਸਿੱਖਿਆ ਵਿਭਾਗ ਵਿੱਚ ਭਰਤੀ ਕੈਲੰਡਰ ਲਾਗੂ ਕਰਨ, ਪਿਛਲੀਆਂ ਸਰਕਾਰਾਂ ਦੀ ਨਾਕਾਮੀ ਕਾਰਨ ਓਵਰਏਜ਼ ਹੋਏ ਬੇਰੁਜ਼ਗਾਰਾਂ ਨੂੰ ਉੱਮਰ ਹੱਦ ਛੋਟ ਦੇਣ ਦੇ ਝਾਂਸੇ ਲਾਰੇ ਸਾਬਤ ਹੋ ਚੁੱਕੇ ਹਨ।

**Gillson**
TRUCKING INC



# NOW Hiring Truck Drivers Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: **$0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health Dental Vision



## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205
925-400-9094 | ext.116, ext.130 and ext.144
info@teamgillson.com

## Get in Touch:

gillsontrucking
gillsontrucking
company/gillsontrucking
www.teamgillson.com

# ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



## Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

**ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ**
**ਤਜ਼ਰਬਾ ਘੱਟੋ-ਘੱਟ 1 ਸਾਲ**
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

**ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ**

**ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ**
**ਫੋਨ : (559) 653-8130, 774-243-4154**

**SmartWay Express 3545 Date Avenue Fresno, CA 93725**
**ਈ-ਮੇਲ: newtrucks@smartwayexp.com**

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

**e-Baba Entertainment App ਨੂੰ Download ਕਰੋ।**




ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ **eBaba** ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also **eBaba** Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




**ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।**

WE HAVE THE CHEAPEST FARES TO INDIA

# LEGEND TRAVEL

arc accredited agency
CST # 207524-40

Special Fares To India From West-coast (us) On Air India Direct Flights




LOWEST AIRFARES FROM USA TO INDIA

★Travel Insurance ★ Great last Minute Deals★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA


AAA
TRUCK WASH
ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ
ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ
Our Locations :-
Delhi | Merced | Madera | Santa Nella
Tracy | San Fransisco | Corning
Old Truck Stop Gemco Ripon Next to Flying J, Santos Ave ਦੇ ਉੱਤੇ
Find nearest Location & Hours
Call at 1800-405-9274 or visit our website for
credit application to open credit account with our company
ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ
Tire Shop, Repair Shop, Oil & Lube Shop available on our locations
Website:- www.aaatruckwash.com

# ਭਗਵੰਤ ਮਾਨ ਨੇ ਜਲੰਧਰ ਪੱਛਮੀ ਵਿਧਾਨ ਸਭਾ ਵਿੱਚ ਕੀਤੀਆਂ ਨੁੱਕੜ ਸਭਾਵਾਂ, ਲੋਕਾਂ ਨੂੰ 'ਆਪ' ਉਮੀਦਵਾਰ ਮੋਹਿੰਦਰ ਭਗਤ ਨੂੰ ਜਿਤਾਉਣ ਦੀ ਕੀਤੀ ਅਪੀਲ

ਜਲੰਧਰ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਨੂੰ ਜਲੰਧਰ ਪੱਛਮੀ ਵਿਧਾਨ ਸਭਾ ਦੇ ਵੱਖ-ਵੱਖ ਖੇਤਰਾਂ ਵਿੱਚ ਨੁੱਕੜ ਮੀਟਿੰਗਾਂ ਕੀਤੀਆਂ। ਇਸ ਮੌਕੇ 'ਆਪ' ਉਮੀਦਵਾਰ ਮੋਹਿੰਦਰ ਭਗਤ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ। ਮੁੱਖ ਮੰਤਰੀ ਨੇ ਨਕੋਦਰ ਚੌਕ ਅਤੇ ਮੇਨ ਰੋਡ ਅਵਤਾਰ ਨਗਰ ਸਮੇਤ ਕਈ ਥਾਵਾਂ 'ਤੇ ਨੁੱਕੜ ਮੀਟਿੰਗਾਂ ਕੀਤੀਆਂ।

ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਮਾਨ ਨੇ ਲੋਕਾਂ ਨੂੰ 'ਆਪ' ਉਮੀਦਵਾਰ ਮੋਹਿੰਦਰ ਭਗਤ ਨੂੰ ਜਿਤਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਤੁਸੀਂ ਮੋਹਿੰਦਰ ਭਗਤ ਨੂੰ ਵਿਧਾਇਕ ਬਣਾਓ, ਅਸੀਂ ਉਨ੍ਹਾਂ ਨੂੰ ਮੰਤਰੀ ਬਣਾਵਾਂਗੇ ਤਾਂ ਜੋ ਜਲੰਧਰ ਦਾ ਵਿਕਾਸ ਬਹੁਤ ਤੇਜ਼ੀ ਨਾਲ ਹੋ ਸਕੇ।

ਭਗਵੰਤ ਮਾਨ ਨੇ ਕਿਹਾ ਕਿ ਇਸ ਚੋਣ ਦੇ ਨਤੀਜੇ ਨਾਲ ਸਰਕਾਰ ਵਿੱਚ ਕੋਈ ਤਬਦੀਲੀ ਨਹੀਂ ਹੋ ਸਕਦੀ। ਇਸ ਕਾਰਨ ਨਾ ਤਾਂ ਸਾਡੀ ਸਰਕਾਰ ਡਿੱਗੇਗੀ ਅਤੇ ਨਾ ਹੀ ਕਿਸੇ ਹੋਰ ਦੀ ਸਰਕਾਰ ਬਣੇਗੀ, ਪਰ ਜੇਕਰ ਆਮ ਆਦਮੀ ਪਾਰਟੀ ਦਾ ਉਮੀਦਵਾਰ ਜਿੱਤਦਾ ਹੈ ਤਾਂ ਸਰਕਾਰ ਵਿਚ ਤੁਹਾਡੀ ਹਿੱਸੇਦਾਰੀ ਹੋਵੇਗੀ, ਜਿਸ ਕਾਰਨ ਇਸ ਇਲਾਕੇ ਦਾ ਵਿਕਾਸ ਤੇਜ਼ੀ ਨਾਲ ਸੰਭਵ ਹੋ ਸਕੇਗਾ।

ਉਨ੍ਹਾਂ ਕਿਹਾ ਕਿ ਅਸੀਂ ਇਸ ਖੇਤਰ ਵਿੱਚ ਚੰਗੇ ਸਕੂਲ ਅਤੇ ਹਸਪਤਾਲ ਖੋਲ੍ਹਾਂਗੇ, ਤਾਂ ਜੋ ਤੁਹਾਡਾ ਹੋਰ ਵੀ ਚੰਗਾ ਇਲਾਜ ਹੋ ਸਕੇ ਅਤੇ ਤੁਹਾਡੇ ਬੱਚੇ ਚੰਗੀ ਸਿੱਖਿਆ ਪ੍ਰਾਪਤ ਕਰ ਸਕਣ। ਅਸੀਂ ਇੱਥੇ ਮਾੜੇ ਸੀਵਰੇਜ ਸਿਸਟਮ ਨੂੰ ਠੀਕ ਕਰਾਂਗੇ। ਗਲੀਆਂ-ਨਾਲੀਆਂ ਨੂੰ ਠੀਕ ਕਰਵਾਇਆ ਜਾਵੇਗਾ। ਸਫ਼ਾਈ ਦੇ ਹੋਰ ਵੀ ਚੰਗੇ ਪ੍ਰਬੰਧ ਕਰਾਂਗੇ ਅਤੇ ਬਿਜਲੀ-ਪਾਣੀ ਸਬੰਧੀ ਸਾਰੀਆਂ ਸਮੱਸਿਆਵਾਂ ਦਾ ਹੱਲ ਕਰਾਂਗੇ।

ਮਾਨ ਨੇ ਕਿਹਾ ਕਿ ਅਸੀਂ ਪੰਜਾਬ ਦੇ ਕਰੀਬ 16 ਟੋਲ ਪਲਾਜ਼ੇ ਬੰਦ ਕਰ ਦਿੱਤੇ ਹਨ। ਜਿਸ ਕਾਰਨ ਲੋਕਾਂ ਦੀ ਰੋਜ਼ਾਨਾ 60 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ।

ਉਨ੍ਹਾਂ ਕਿਹਾ ਕਿ ਇਹ ਟੋਲ ਪਲਾਜ਼ਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਲਗਾਇਆ ਗਿਆ ਸੀ, ਜੋ ਇੱਥੇ ਵੋਟਾਂ ਮੰਗਣ ਲਈ ਆ ਰਹੇ ਹਨ। ਅਸੀਂ ਇੱਕ ਵਿਧਾਇਕ ਇੱਕ ਪੈਨਸ਼ਨ ਲਾਗੂ ਕੀਤੀ। 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਅਤੇ 43 ਹਜ਼ਾਰ ਨੌਜਵਾਨਾਂ ਨੂੰ ਬਿਨਾਂ ਰਿਸ਼ਵਤ ਦੇ ਸਰਕਾਰੀ ਨੌਕਰੀਆਂ ਦਿੱਤੀਆਂ।



ਮਾਨ ਨੇ ਭਾਜਪਾ ਉਮੀਦਵਾਰ ਸ਼ੀਤਲ ਅੰਗੁਰਾਲ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਦੋ ਸਾਲ ਪਹਿਲਾਂ ਉਸ ਨੂੰ ਆਮ ਆਦਮੀ ਪਾਰਟੀ ਨੇ ਵਿਧਾਇਕ ਬਣਾਇਆ ਸੀ, ਪਰ ਉਹ ਦਲ-ਬਦਲੂ ਅਤੇ ਲਾਲਚੀ ਨਿਕਲਿਆ। ਇਹ ਚੋਣ ਉਸ ਦੇ ਨਿੱਜੀ ਸਵਾਰਥ ਅਤੇ ਲਾਲਚ ਕਾਰਨ ਹੋ ਰਹੀ ਹੈ। ਉਨ੍ਹਾਂ ਅਸਤੀਫ਼ਾ ਦੇ ਕੇ ਲੋਕਤੰਤਰ ਦਾ ਮਜ਼ਾਕ ਉਡਾਇਆ ਹੈ। ਮਾਨ ਨੇ ਕਿਹਾ ਕਿ ਲੋਕਾਂ ਨੂੰ ਇਸ ਚੋਣ ਵਿਚ ਹੋਈ ਧੋਖਾਧੜੀ ਦਾ ਬਦਲਾ ਲੈਣਾ ਚਾਹੀਦਾ ਹੈ। ਇਸ ਵਾਰ ਉਸ ਨੂੰ ਅਜਿਹਾ ਸਬਕ ਸਿਖਾਓ ਕਿ ਕੋਈ ਮੁੜ ਇਸ ਤਰ੍ਹਾਂ ਅਸਤੀਫ਼ਾ ਦੇਣ ਦੀ ਹਿੰਮਤ ਨਾ ਕਰੇ।

ਮਾਨ ਨੇ ਕਿਹਾ ਕਿ ਉਨ੍ਹਾਂ ਨੇ ਵਿਧਾਨ ਸਭਾ ਛੱਡ ਕੇ ਪਾਰਟੀ ਅਤੇ ਲੋਕਾਂ ਨਾਲ ਧੋਖਾ ਕੀਤਾ ਹੈ। ਉਸ ਦੀ ਇਸ ਧੋਖਾਧੜੀ ਕਾਰਨ ਜ਼ਿਮਨੀ ਚੋਣਾਂ 'ਚ ਸਰਕਾਰੀ ਖ਼ਜ਼ਾਨੇ 'ਚੋਂ ਕਰੋੜਾਂ ਰੁਪਏ ਖ਼ਰਚ ਕੀਤੇ ਜਾ ਰਹੇ ਹਨ, ਜੋ ਲੋਕਾਂ ਦੇ ਟੈਕਸ ਦਾ ਪੈਸਾ ਹੈ।

ਮਾਨ ਨੇ ਸ਼ੀਤਲ ਅੰਗੁਰਾਲ ਨੂੰ ਚੇਤਾਵਨੀ ਦਿੱਤੀ ਕਿ ਉਹ ਸਾਡੇ ਨਾਲ ਪੰਗਾ ਨਾ ਲਵੇ। ਤੁਹਾਡੇ ਵਾਂਗ ਸਾਡੇ ਖ਼ਿਲਾਫ਼ ਨਸ਼ਾ ਤਸਕਰੀ ਦਾ ਕੋਈ ਐਨਡੀਪੀਐਸ ਕੇਸ ਨਹੀਂ ਹੈ। ਮਾਨ ਨੇ ਕਿਹਾ ਕਿ ਬਹਿਸ ਕਰਨ ਦੀ ਧਮਕੀ ਕਿਸੇ ਹੋਰ ਨੂੰ ਦਿਓ। ਸਾਡੇ ਤੋਂ ਜਦੋਂ ਮਰਜ਼ੀ ਚਾਹੇ ਬਹਿਸ ਕਰ ਲਓ, 5 ਤਰੀਕ ਦਾ ਇੰਤਜ਼ਾਰ ਕਿਉਂ ਕਰ ਰਹੇ ਹੋ, ਅੱਜ ਹੀ ਬਹਿਸ ਕਰ ਲਓ।

ਮਾਨ ਨੇ ਕਿਹਾ ਕਿ ਮੈਂ ਸ਼ੀਤਲ ਅੰਗੁਰਾਲ ਨੂੰ ਉਸ ਦੀਆਂ ਭ੍ਰਿਸ਼ਟ ਗਤੀਵਿਧੀਆਂ ਰੋਕਣ ਲਈ ਬਹੁਤ ਸਮਝਾਇਆ ਪਰ ਉਹ ਨਹੀਂ ਮੰਨੇ। ਆਮ ਆਦਮੀ ਪਾਰਟੀ ਵਿੱਚ ਰਹਿੰਦਿਆਂ ਉਨ੍ਹਾਂ ਨੂੰ ਦੋ ਨੰਬਰ ਦੇ ਕੰਮ ਕਰਨ 'ਚ ਪਰੇਸ਼ਾਨੀ ਹੁੰਦੀ ਸੀ। ਇਸ ਲਈ ਉਹ ਭਾਜਪਾ ਵਿੱਚ ਸ਼ਾਮਲ ਹੋ ਗਿਆ, ਕਿਉਂਕਿ ਭਾਜਪਾ ਭ੍ਰਿਸ਼ਟਾਚਾਰ ਨੂੰ ਖੁੱਲ੍ਹਾ ਹੱਥ ਦਿੰਦੀ ਹੈ। ਪਰ ਅਸੀਂ ਉਸ ਨੂੰ ਉੱਥੇ ਵੀ ਭ੍ਰਿਸ਼ਟਾਚਾਰ ਨਹੀਂ ਕਰਨ ਦੇਵਾਂਗੇ।

ਮਾਨ ਨੇ ਕਿਹਾ ਕਿ ਮੈਂ ਪੈਸਾ ਕਮਾਉਣ ਲਈ ਰਾਜਨੀਤੀ ਵਿੱਚ ਨਹੀਂ ਆਇਆ ਹਾਂ। ਜੇ ਮੈਂ ਪੈਸਾ ਕਮਾਉਣਾ ਚਾਹੁੰਦਾ ਤਾਂ ਮੈਂ ਹੁਣ ਤੱਕ ਕਰੋੜਾਂ ਰੁਪਏ ਕਮਾ ਚੁੱਕਾ ਹੁੰਦਾ। 20 ਸਾਲ ਪਹਿਲਾਂ ਮੈਂ ਇੱਕ ਸ਼ੋਅ ਦੇ 25 ਲੱਖ ਰੁਪਏ ਚਾਰਜ ਕਰਦਾ ਸੀ ਅਤੇ ਵਿਦੇਸ਼ ਵਿੱਚ ਇੱਕ ਸ਼ੋਅ ਲਈ ਮੈਨੂੰ 70 ਲੱਖ ਰੁਪਏ ਮਿਲਦੇ ਸਨ। ਮਾਨ ਨੇ ਕਿਹਾ ਕਿ ਜਿਸ ਦਿਨ ਮੇਰੇ 'ਤੇ ਇਕ ਰੁਪਏ ਦੇ ਵੀ ਭ੍ਰਿਸ਼ਟਾਚਾਰ ਦੇ ਦੋਸ਼ ਲੱਗੇ, ਮੈਂ ਖ਼ੁਦ ਸਿਆਸਤ ਛੱਡ ਦੇਵਾਂਗਾ।

ਮਾਨ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਭਾਜਪਾ ਅਤੇ ਕਾਂਗਰਸ ਦੇ ਲੋਕ ਤੁਹਾਡੇ ਕੋਲ ਆਉਣਗੇ, ਪਰ ਉਨ੍ਹਾਂ ਨੂੰ ਵੋਟ ਦੇਣ ਦਾ ਕੋਈ ਫ਼ਾਇਦਾ ਨਹੀਂ ਹੋਵੇਗਾ। ਜੇ ਉਹ ਜਿੱਤ ਵੀ ਗਏ ਤਾਂ ਵੀ ਕੰਮ ਤਾਂ ਮੈਨੂੰ ਹੀ ਕਰਨਾ ਹੈ। 'ਆਪ' ਉਮੀਦਵਾਰ ਮੋਹਿੰਦਰ ਭਗਤ ਨੇ ਇੱਥੇ ਆਏ ਲੋਕਾਂ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਦੇ ਇਤਿਹਾਸ 'ਚ ਇਹ ਪਹਿਲੀ ਵਾਰ ਹੋਇਆ ਹੈ ਕਿ ਕੋਈ ਮੁੱਖ ਮੰਤਰੀ ਆਪਣੇ ਪਰਿਵਾਰ ਸਮੇਤ ਜਲੰਧਰ 'ਚ ਠਹਿਰਨ ਆਇਆ ਹੋਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪਿਛਲੇ ਦੋ ਸਾਲਾਂ ਵਿੱਚ ਪੰਜਾਬ ਦੇ ਵਿਕਾਸ ਲਈ ਬਹੁਤ ਕੰਮ ਕੀਤੇ ਹਨ, 10 ਤਰੀਕ ਨੂੰ ਝਾੜੂ ਦਾ ਬਟਨ ਦਬਾ ਕੇ ਉਨ੍ਹਾਂ ਦਾ ਹੌਸਲਾ ਵਧਾਓ।

# ਪੰਜਾਬ ਪੁਲਿਸ ਨੇ ਅਮਰਨਾਥ ਯਾਤਰਾ ਅਤੇ ਘੁਸਪੈਠ ਦੀਆਂ ਤਾਜ਼ਾ ਕੋਸ਼ਿਸ਼ਾਂ ਦੇ ਮੱਦੇਨਜ਼ਰ ਪਠਾਨਕੋਟ ਅਤੇ ਸਰਹੱਦੀ ਖੇਤਰਾਂ ਵਿੱਚ ਸੁਰੱਖਿਆ ਵਧਾਈ

ਪਠਾਨਕੋਟ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਪੁਲਿਸ ਨੂੰ ਸ੍ਰੀ ਅਮਰਨਾਥ ਯਾਤਰਾ ਲਈ ਜਾਣ ਵਾਲੇ ਸ਼ਰਧਾਲੂਆਂ ਲਈ ਨਿਰਵਿਘਨ ਅਤੇ ਸੁਰੱਖਿਅਤ ਲਾਂਘੇ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਜਾਣ 'ਤੇ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਅੱਜ ਇਸ ਸਬੰਧੀ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਪੁਲਿਸ, ਫੌਜ, ਸਿਵਲ ਪ੍ਰਸ਼ਾਸਨ ਅਤੇ ਹੋਰ ਸੁਰੱਖਿਆ ਏਜੰਸੀਆਂ ਦੀ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਪਠਾਨਕੋਟ ਵਿੱਚ ਹੋਈ ਇਹ ਮੀਟਿੰਗ ਚੱਲ ਰਹੀ ਅਮਰਨਾਥ ਯਾਤਰਾ ਲਈ ਰਣਨੀਤਕ ਤਿਆਰੀਆਂ ਦੇ ਵੱਖ-ਵੱਖ ਪਹਿਲੂਆਂ ਜਿਵੇਂ ਪੁਲਿਸ ਦੀ ਤਾਇਨਾਤੀ, ਸੁਰੱਖਿਆ ਉਪਾਅ, ਆਵਾਜਾਈ ਪ੍ਰਬੰਧਨ ਅਤੇ ਆਫ਼ਤ ਪ੍ਰਬੰਧਨ 'ਤੇ ਕੇਂਦਰਿਤ ਸੀ। ਇਸ ਮੀਟਿੰਗ ਦੌਰਾਨ ਕੋਟ ਭੱਟੀਆਂ ਪਿੰਡ, ਬਮਿਆਲ ਵਿੱਚ ਹਥਿਆਰਬੰਦ ਸ਼ੱਕੀ ਵਿਅਕਤੀਆਂ ਦੇ ਦੇਖੇ ਜਾਣ ਅਤੇ ਕਠੂਆ ਜ਼ਿਲ੍ਹੇ ਵਿੱਚ ਹਥਿਆਰਬੰਦ ਸ਼ੱਕੀ ਵਿਅਕਤੀ ਨਾਲ ਹੋਈ ਮੁੱਠਭੇੜ ਵਾਲੀਆਂ ਤਾਜ਼ਾ ਘਟਨਾਵਾਂ 'ਤੇ ਵੀ ਧਿਆਨ ਕੇਂਦਰਿਤ ਕੀਤਾ ਗਿਆ। ਮੀਟਿੰਗ ਵਿੱਚ ਪੰਜਾਬ ਪੁਲਿਸ, ਜੰਮੂ-ਕਸ਼ਮੀਰ ਪੁਲਿਸ, ਹਿਮਾਚਲ ਪ੍ਰਦੇਸ਼ ਪੁਲਿਸ, ਭਾਰਤੀ ਸੈਨਾ, ਭਾਰਤੀ ਹਵਾਈ ਸੈਨਾ, ਸੀਮਾ ਸੁਰੱਖਿਆ ਬਲ (ਬੀਐਸਐਫ), ਅਤੇ ਹੋਰ ਕੇਂਦਰੀ ਏਜੰਸੀਆਂ ਦੇ ਸੀਨੀਅਰ ਅਧਿਕਾਰੀਆਂ ਸ਼ਾਮਲ ਸਨ। ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅੰਤਰਰਾਸ਼ਟਰੀ ਸਰਹੱਦ ਨੂੰ ਸੁਰੱਖਿਅਤ ਕਰਨ ਅਤੇ ਸ੍ਰੀ ਅਮਰਨਾਥ ਯਾਤਰਾ ਲਈ ਜਾਣ ਵਾਲੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਬਾਰੇ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਪੰਜਾਬ ਪੁਲਿਸ ਦੇ 550 ਜਵਾਨਾਂ, ਐਸਓਜੀ, ਸਨਾਈਪਰ ਟੀਮਾਂ, ਬੰਬ ਨਿਰੋਧਕ ਦਸਤਾ ਅਤੇ ਹੋਰ ਕਮਾਂਡੋ ਯੂਨਿਟਾਂ ਦੀ ਤਾਇਨਾਤੀ ਨਾਲ ਸੁਰੱਖਿਆ ਪੱਧਰ ਵਿੱਚ ਹੋਰ ਵਾਧਾ ਕੀਤਾ ਗਿਆ ਹੈ। ਇਸ ਦੇ ਨਾਲ ਹੀ ਪੰਜਾਬ ਪੁਲਿਸ ਵੱਲੋਂ ਅੱਠ ਦੂਜੀ ਕਤਾਰ ਦੇ ਰੱਖਿਆ ਨਾਕੇ ਸਥਾਪਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਰਸਤਿਆਂ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਲਈ ਇਨ੍ਹਾਂ ਨੂੰ ਪੰਜ ਸੈਕਟਰਾਂ ਵਿੱਚ ਵੰਡਿਆ ਗਿਆ ਹੈ ਅਤੇ ਸੀਏਪੀਐਫ ਦੀਆਂ ਚਾਰ ਕੰਪਨੀਆਂ ਇਨ੍ਹਾਂ ਨਾਲ ਤਾਇਨਾਤ ਕੀਤੀਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਲੰਗਰ ਸਥਾਨਾਂ 'ਤੇ ਵਿਸ਼ੇਸ਼ ਸੁਰੱਖਿਆ ਪ੍ਰਬੰਧ, ਕੈਮਰਿਆਂ ਦੀ ਸਥਾਪਨਾ, ਬੁਲੇਟ ਪਰੂਫ ਮੋਰਚੇ ਅਤੇ ਐਸਓਜੀ ਦੀ ਤਾਇਨਾਤੀ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਪਾਰਕਿੰਗ ਲਈ ਢੁਕਵੇਂ ਪ੍ਰਬੰਧ ਕਰਨ ਅਤੇ ਸਾਰੇ ਪੰਜ ਸੈਕਟਰਾਂ 'ਤੇ ਬਲਾਂ ਦੀ ਰਣਨੀਤਕ ਤਾਇਨਾਤੀ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਹਰੇਕ ਸੈਕਟਰ ਵਿੱਚ ਟਰੌਮਾ ਸੈਂਟਰ, ਐਂਬੂਲੈਂਸ ਸੇਵਾਵਾਂ, ਟੋਅ ਵਹੀਕਲਜ਼ ਅਤੇ ਹਾਈਡ੍ਰਾਸ ਪਹਿਲਾਂ ਹੀ ਮੌਜੂਦ ਹਨ। ਅਧਿਕਾਰੀਆਂ, ਸੁਰੱਖਿਆ ਏਜੰਸੀਆਂ ਅਤੇ ਸਿਵਲ ਪ੍ਰਸ਼ਾਸਨ ਦਰਮਿਆਨ ਨੇੜਲੇ ਤਾਲਮੇਲ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੰਦਿਆਂ, ਸਪੈਸ਼ਲ ਡੀਜੀਪੀ ਨੇ ਸੁਚਾਰੂ ਅਤੇ ਸ਼ਾਂਤੀਪੂਰਨ ਯਾਤਰਾ ਦੇ ਪ੍ਰਬੰਧ ਨੂੰ ਯਕੀਨੀ ਬਣਾਉਣ ਲਈ ਸੁਚੱਜੀ ਯੋਜਨਾਬੰਦੀ ਅਤੇ ਪ੍ਰਭਾਵੀ ਵਿਧੀ ਅਪਨਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਡਰੋਨ ਨਿਗਰਾਨੀ ਪ੍ਰਣਾਲੀ ਸਮਾਜ ਵਿਰੋਧੀ ਅਨਸਰਾਂ 'ਤੇ ਤਿੱਖੀ ਨਜ਼ਰ ਰੱਖੇਗੀ ਅਤੇ ਬੀਐਸਐਫ ਅਤੇ ਪਠਾਨਕੋਟ ਪੁਲਿਸ ਵੱਲੋਂ ਸਾਂਝੀਆਂ ਚੈੱਕ ਪੋਸਟਾਂ ਵੀ ਸਥਾਪਿਤ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਖਤਰੇ ਤੋਂ ਬਚਣ ਲਈ ਨਿਯਮਤ ਘੇਰਾਬੰਦੀ ਅਤੇ ਤਲਾਸ਼ੀ ਅਭਿਆਨ (ਸੀਏਐਸਓ) ਅਤੇ ਐਂਟੀ ਟਨਲਿੰਗ ਆਪ੍ਰੇਸ਼ਨ ਚਲਾਏ ਜਾ ਰਹੇ ਹਨ।





ਕਿਸੇ ਵੀ ਕੁਦਰਤੀ ਆਫ਼ਤ ਨਾਲ ਨਜਿੱਠਣ ਲਈ ਵਿਆਪਕ ਆਫ਼ਤ ਪ੍ਰਬੰਧਨ ਦੀ ਲੋੜ 'ਤੇ ਜ਼ੋਰ ਦਿੰਦਿਆਂ, ਉਹਨਾਂ ਅੱਗਜ਼ਨੀ ਦੀਆਂ ਘਟਨਾਵਾਂ ਜਾਂ ਅਚਾਨਕ ਹੜ੍ਹਾਂ ਵਰਗੀਆਂ ਸਥਿਤੀਆਂ ਨਾਲ ਨਜਿੱਠਣ ਲਈ ਮਿਆਰੀ ਸੰਚਾਲਨ ਪ੍ਰਕਿਰਿਆਵਾਂ (ਐਸਓਪੀਜ਼) ਨੂੰ ਲਾਗੂ ਕਰਨ ਦੀ ਤਾਕੀਦ ਕੀਤੀ। ਮੀਟਿੰਗ ਵਿੱਚ ਡੀਆਈਜੀ ਬਾਰਡਰ ਰੇਂਜ ਰਾਕੇਸ਼ ਕੌਸ਼ਲ, ਡੀਆਈਜੀ ਬੀਐਸਐਫ ਗੁਰਦਾਸਪੁਰ ਸ਼ਸ਼ਾਂਕ ਆਨੰਦ, ਡੀਆਈਜੀ ਬੀਐਸਐਫ ਗੁਰਦਾਸਪੁਰ ਯੁਵਰਾਜ ਦੂਬੇ, ਡਿਪਟੀ ਕਮਿਸ਼ਨਰ ਪਠਾਨਕੋਟ ਅਦਿੱਤਿਆ ਉੱਪਲ, ਐਸਐਸਪੀ ਪਠਾਨਕੋਟ ਸੁਹੇਲ ਕਾਸਿਮ ਮੀਰ, ਐਸਐਸਪੀ ਕਠੂਆ ਅਨਾਇਤ ਅਲੀ ਅਤੇ ਵਿੰਗ ਕਮਾਂਡਰ ਏਆਈਐਫ ਪਠਾਨਕੋਟ ਨਰਿੰਦਰ ਸਿੰਘ ਸਮੇਤ ਪ੍ਰਮੁੱਖ ਅਧਿਕਾਰੀ ਅਤੇ ਕੇਂਦਰੀ ਏਜੰਸੀਆਂ ਦੇ ਸੀਨੀਅਰ ਅਧਿਕਾਰੀ ਹਾਜ਼ਰ ਸਨ।


ਸਭ ਦੀ ਪਹਿਲੀ ਪਸੰਦ
JEWEL OF INDIA
Sweets & Restaurant
ਹਰ ਤਰ੍ਹਾਂ ਦੀਆਂ ਸਵਾਦਿਸ਼ਟ ਇੰਡੀਅਨ ਮਠਿਆਈਆਂ ਤੇ ਲਾਜਵਾਬ ਭੋਜਨ
ਵਿਆਹ - ਸ਼ਾਦੀਆਂ ਲਈ ਸਪੈਸ਼ਲ ਆਡਰ ਅਨੁਸਾਰ
ਤਾਜ਼ੀਆਂ ਮਠਿਆਈਆਂ ਤਿਆਰ ਕਰਵਾ ਸਕਦੇ ਹੋ
OPEN :
MONDAY -SUNDAY - 10:00 AM - 9:00 PM
Pick up or Delivery . Order Online at
www.JEWELOFINDIAINC.com
Veg & Non-Veg (BOTH)
VEG
NON-VEG
Order The Best
Indian Sweets
Sukhraj: (408) 637-1464
Ph: (408) 929-5117 | Fax: (408) 929-3894
Address: 2634 Alum Rock Ave San Jose, CA 95116





# RE/MAX EXECUTIVE

## ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।

## Kirandeep Kaur

**Realtor ®** CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED



CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com


ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing |Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 |(209) 505-6384
Address : 119. Maple AVe, Suite A Manteca, CA 95336

# ਪੁਸਤਕ "ਸਮੇਂ ਦੇ ਨਕਸ਼" ਦਾ ਲੋਕ ਅਰਪਿਤ ਸਮਾਗਮ 7 ਜੁਲਾਈ ਨੂੰ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਵੱਲੋਂ ਸੰਪਾਦਿਤ 12ਵਾਂ ਸਾਂਝਾ ਕਾਵਿ ਸੰਗ੍ਰਿਹ "ਸਮੇਂ ਦੇ ਨਕਸ਼" ਦਾ ਲੋਕ ਅਰਪਿਤ ਸਮਾਗਮ ਮਿਤੀ 7 ਜੁਲਾਈ, ਦਿਨ ਐਤਵਾਰ ਨੂੰ ਮੀਟਿੰਗ ਹਾਲ, ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਸਵੇਰੇ 10 ਵਜੇ ਕਰਵਾਇਆ ਜਾ ਰਿਹਾ ਹੈ । ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ ਅਤੇ ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਦੀ ਜਾਣਕਾਰੀ ਅਨੁਸਾਰ ਇਸ ਮੌਕੇ ਵਿਸ਼ੇਸ਼ ਮਹਿਮਾਨ ਡਾ: ਲਖਵਿੰਦਰ ਜੌਹਲ (ਪ੍ਰਧਾਨ ਪੰਜਾਬੀ ਰਾਈਟਰਜ਼ ਕੋਆਪ੍ਰੇਟਿਵ ਸੁਸਾਇਟੀ ਲਿਮਟਿਡ), ਮੁੱਖ ਮਹਿਮਾਨ ਸ: ਹਰਜਿੰਦਰ ਸਿੰਘ ਅਟਵਾਲ (ਸੀਨੀਅਰ ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਹੋਣਗੇ, ਜਦਿਕ ਪ੍ਰਧਾਨਗੀ ਮੰਡਲ ਵਿੱਚ ਪ੍ਰਿੰ: ਹਰਬੰਸ ਸਿੰਘ ਘੇਈ (ਐਡੀਸ਼ਨਲ ਐਕਸਾਈਜ਼ ਐਂਡ ਟੈਕਸੇਸ਼ਨ ਕਮਿਸ਼ਨਰ ਪੰਜਾਬ (ਰਿਟਾ:), ਸ: ਸੁਰਿੰਦਰ ਸਿੰਘ ਸੁੰਨੜ (ਪ੍ਰਧਾਨ ਲੋਕ ਮੰਚ ਪੰਜਾਬ), ਦੀਪ ਦਵਿੰਦਰ ਸਿੰਘ ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ ਅਤੇ ਪ੍ਰਿੰਸੀਪਲ ਮੰਗਲ ਸਿੰਘ ਕਿਸ਼ਨਪੁਰਾ ਆਦਿ ਸ਼ੁਸ਼ੋਭਿਤ ਹੋਣਗੇ ।




ਕਵੀ ਦਰਬਾਰ ਹੋਵੇਗਾ ਅਤੇ ਪੁਸਤਕ ਵਿੱਚ ਸ਼ਾਮਿਲ ਸਾਰੇ ਲੇਖਕਾਂ ਨੂੰ ਸਨਮਾਨਿਤ ਕੀਤਾ ਜਾਵੇਗਾ । ਜਿਕਰਯੋਗ ਹੈ ਕਿ ਇਸ ਸਾਂਝੇ ਕਾਵਿ ਸੰਗ੍ਰਹਿ ਵਿੱਚ ਪੰਜਾਬੀ ਜ਼ੁਬਾਨ ਦੇ ਨਾਮਵਰ ਸ਼ਾਇਰ ਪ੍ਰੋ: ਗੁਰਭਜਨ ਗਿੱਲ, ਦਰਸ਼ਨ ਬੁੱਟਰ, ਡਾ: ਲਖਵਿੰਦਰ ਜੌਹਲ, ਸੁਸ਼ੀਲ ਦੁਸਾਂਝ, ਪ੍ਰੋ: ਕੁਲਵੰਤ ਔਜਲਾ, ਹਰਬੰਸ ਸਿੰਘ ਘੇਈ, ਸ਼ੇਲਿੰਦਰਜੀਤ ਸਿੰਘ ਰਾਜਨ, ਪ੍ਰਿੰ: ਰਘਬੀਰ ਸਿੰਘ ਸੋਹਲ, ਸੰਤੋਖ ਸਿੰਘ ਗੁਰਾਇਆ, ਡਾ: ਲੇਖ ਰਾਜ, ਗੁਰਮੀਤ ਸਿੰਘ ਬਾਜਵਾ, ਮੱਖਣ ਸਿੰਘ ਭੈਣੀਵਾਲਾ, ਮਨਜੀਤ ਸਿੰਘ ਵੱਸੀ, ਸਰਬਜੀਤ ਸਿੰਘ ਪੱਡਾ, ਜਗਨ ਨਾਥ ਨਿਮਾਣਾ, ਧਰਮ ਸਿੰਘ ਧਿਆਨਪੁਰ, ਗੁਲਸ਼ਨ ਮਿਰਜਾਪੁਰੀ, ਦਿਲਰਾਜ ਸਿੰਘ ਦਰਦੀ, ਸ਼ੰਕਰ ਸਿੰਘ ਪ੍ਰਵਾਨਾ, ਸੁਖਬੀਰ ਸਿੰਘ ਖੁਰਮਣੀਆਂ, ਹਰਮੇਲ ਸਿੰਘ ਬੁਜਰਕੀਆਂ, ਰਣਜੀਤ ਅਜ਼ਾਦ ਕਾਂਝਲਾ, ਜਸਵਿੰਦਰ ਸਿੰਘ ਢਿੱਲੋਂ, ਬਲਬੀਰ ਸਿੰਘ ਬੇਲੀ, ਹਰਮਨਪ੍ਰੀਤ ਸਿੰਘ ਮਾਨ, ਮਾ: ਕ੍ਰਿਪਾਲ ਸਿੰਘ ਵੇਰਕਾ, ਜਸਵੰਤ ਧਾਪ, ਵਿਜੇਤਾ ਰਾਜ, ਸੁਖਵੰਤ ਕੌਰ ਵੱਸੀ, ਹਰਮੇਸ਼ ਕੌਰ ਯੋਧੇ, ਰਾਜਵਿੰਦਰ ਕੌਰ ਰਾਜ, ਮਨਦੀਪ ਕੌਰ ਰਤਨ, ਜਤਿੰਦਰਪਾਲ ਕੌਰ ਭਿੰਡਰ, ਅਮਨ ਢਿੱਲੋਂ ਕਸੇਲ, ਸਵਰਨ ਕਵਿਤਾ, ਸਤਿੰਦਰਜੀਤ ਕੌਰ ਅੰਮ੍ਰਿਤਸਰ, ਡਾ: ਨਿਰਮ ਜੋਸਨ, ਰਾਜਬੀਰ ਕੌਰ ਗਰੇਵਾਲ, ਦਰਸ਼ਨ ਨੰਦਰਾ, ਸੁਖਦੇਵ ਸਿੰਘ ਗੰਡਵਾਂ, ਬਲਬੀਰ ਸਿੰਘ ਬੀਰ, ਰਾਜਦਵਿੰਦਰ ਸਿੰਘ ਵੜੈਚ, ਸਕੱਤਰ ਸਿੰਘ ਪੁਰੇਵਾਲ,ਅਜੀਤ ਸਿੰਘ ਸਠਿਆਲਵੀ, ਸ਼ਿੰਗਾਰਾ ਸਿੰਘ ਸਠਿਆਲਾ ਆਦਿ 45 ਕਵੀਆਂ ਦੀਆਂ ਕਾਵਿ-ਰਚਾਨਵਾਂ ਸ਼ਾਮਿਲ ਹਨ ।

# ਓ.ਟੀ.ਐਸ-3 ਦੀ ਸ਼ਾਨਦਾਰ ਸਫਲਤਾ, 137.66 ਕਰੋੜ ਰੁਪਏ ਦਾ ਕਰ ਮਾਲੀਆ ਹੋਇਆ ਇਕੱਤਰ: ਹਰਪਾਲ ਸਿੰਘ ਚੀਮਾ


ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਕਿਹਾ ਕਿ ਪੰਜਾਬ ਯਕਮੁਸ਼ਤ ਨਿਪਟਾਰਾ (ਸੋਧ) ਯੋਜਨਾ (ਓ.ਟੀ.ਐਸ.-3) ਪਿਛਲੀਆਂ ਸਕੀਮਾਂ ਨੂੰ ਪਛਾੜਦਿਆਂ ਦੇਸ਼ ਦੇ ਸਭ ਤੋਂ ਸਫਲ ਵਿੱਤੀ ਪ੍ਰਬੰਧਨ ਵਿੱਚੋਂ ਇੱਕ ਸਾਬਿਤ ਹੋਈ ਹੈ।



ਇੱਥੇ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਓ.ਟੀ.ਐਸ.-3 ਦੌਰਾਨ ਕਰ ਮਾਲੀਏ ਵਿੱਚ 137.66 ਕਰੋੜ ਰੁਪਏ ਇਕੱਤਰ ਹੋਏ ਹਨ ਜੋ ਪਿਛਲੀਆਂ ਸਰਕਾਰਾਂ ਦੁਆਰਾ ਲਾਗੂ ਕੀਤੀਆਂ ਗਈਆਂ ਓ.ਟੀ.ਐਸ-1 ਅਤੇ ਓ.ਟੀ.ਐਸ-2 ਤੋਂ ਇਕੱਤਰ ਹੋਏ ਕੁੱਲ 13.15 ਕਰੋੜ ਦੇ ਮੁਕਾਬਲੇ ਕਿਤੇ ਜਿਆਦਾ ਹੈ। ਵਿਤ ਮੰਤਰੀ ਨੇ ਕਿਹਾ ਕਿ ਇਹ ਪ੍ਰਾਪਤੀ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਕਰਪਾਲਣਾ ਵਾਲੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਵਿੱਤ ਮੰਤਰੀ ਨੇ ਅੱਗੇ ਦੱਸਿਆ ਕਿ ਓ.ਟੀ.ਐੱਸ.-3 ਲਈ ਬਿਨੈ ਕਰਨ ਸਮੇਂ ਵਧੀਕ ਕਾਨੂੰਨੀ ਘੋਸ਼ਣਾ ਫਾਰਮ ਜਮ੍ਹਾ ਕਰਨ ਦੀ ਸਹੂਲਤ ਨੇ ਡੀਲਰਾਂ ਲਈ ਰਾਹ ਸੌਖੀ ਕਰ ਦਿੱਤੀ। ਉਨ੍ਹਾਂ ਕਿਹਾ ਕਿ 58,756 ਡੀਲਰਾਂ ਨੇ ਓ.ਟੀ.ਐਸ-3 ਦਾ ਲਾਭ ਲਿਆ ਹੈ ਅਤੇ 1 ਲੱਖ ਰੁਪਏ ਤੱਕ ਦੀ ਸਲੈਬ ਵਿੱਚ 50,774 ਡੀਲਰਾਂ ਲਈ 215.92 ਕਰੋੜ ਰੁਪਏ ਮੁਆਫ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ 1 ਲੱਖ ਤੋਂ 1 ਕਰੋੜ ਰੁਪਏ ਤੱਕ ਦੀ ਸਲੈਬ ਵਿੱਚ 7,982 ਡੀਲਰਾਂ ਲਈ 414.67 ਕਰੋੜ ਰੁਪਏ ਮੁਆਫ਼ ਕੀਤੇ ਗਏ ਹਨ।ਵਿੱਤ ਮੰਤਰੀ ਚੀਮਾ ਨੇ ਓ.ਟੀ.ਐਸ-3 ਦੀ ਸਫਲਤਾ ਦਾ ਸਿਹਰਾ ਇਸ ਦੀ ਨਿਵੇਸ਼ਕ ਪੱਖੀ ਪਹੁੰਚ ਅਤੇ ਕਰਦਾਤਾਵਾਂ ਦੀ ਸਹਾਇਤਾ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਿੱਤਾ। ਉਨ੍ਹਾਂ ਕਿਹਾ ਕਿ ਇਸ ਸਕੀਮ ਦੀ ਮਿਆਦ 16 ਅਗਸਤ, 2024 ਤੱਕ ਵਧਾਉਣ ਦਾ ਉਦੇਸ਼ ਬਾਕੀ ਰਹਿੰਦੇ 11,559 ਡੀਲਰਾਂ ਨੂੰ ਇਸ ਪਹਿਲਕਦਮੀ ਤੋਂ ਲਾਭ ਲੈਣ ਲਈ ਹੋਰ ਸਮਾਂ ਪ੍ਰਦਾਨ ਕਰਨਾ ਹੈ।

ਇਥੇ ਜਿਕਰਯੋਗ ਹੈ ਕਿ 15 ਨਵੰਬਰ, 2023 ਨੂੰ ਬਕਾਇਆ ਕਰਾਂ ਦੀ ਵਸੂਲੀ ਲਈ ਲਾਗੂ ਕੀਤੀ ਗਈ ਪੰਜਾਬ ਯਕਮੁਸ਼ਤ ਨਿਪਟਾਰਾ ਯੋਜਨਾ, 2023, ਕਰਦਾਤਾਵਾਂ ਨੂੰ ਆਪਣੇ ਬਕਾਏ ਦਾ ਨਿਪਟਾਰਾ ਕਰਨ ਲਈ ਇੱਕ ਵਾਰ ਦਾ ਮੌਕਾ ਪ੍ਰਦਾਨ ਕਰਦੀ ਹੈ। ਇਸ ਯੋਜਨਾ ਤਹਿਤ ਸਾਲ 2016-17 ਤੱਕ ਦੇ ਕੇਸਾਂ ਅਤੇ 1 ਕਰੋੜ ਰੁਪਏ ਤੱਕ ਦੇ ਬਕਾਏ ਨੂੰ ਸ਼ਾਮਿਲ ਕੀਤਾ ਗਿਆ ਹੈ। ਇਸ ਸਕੀਮ ਵਿੱਚ 31 ਮਾਰਚ, 2024 ਤੱਕ 1 ਲੱਖ ਰੁਪਏ ਤੱਕ ਦੇ ਬਕਾਏ ਦੇ ਮਾਮਲੇ ਵਿੱਚ ਕਰ, ਵਿਆਜ ਅਤੇ ਜੁਰਮਾਨੇ ਦੀ ਪੂਰੀ ਛੋਟ ਸ਼ਾਮਲ ਹੈ, ਜਦੋਂਕਿ ਇੱਕ ਲੱਖ ਰੁਪਏ ਤੋਂ ਇੱਕ ਕਰੋੜ ਰੁਪਏ ਤੱਕ ਦੇ ਬਕਾਏ ਲਈ 100% ਵਿਆਜ, 100% ਜੁਰਮਾਨੇ, ਅਤੇ 50% ਕਰ ਦੀ ਮੁਆਫੀ ਹੈ।







SAN MARCO TEEYAN BAY POINT
PROUDLY PRESENTS ( NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
PHOTO & VIDEOGRAPHY BY
PAL FILMS
REFFEL DRAWING FOR GOLD ITEM
AND MORE PRIZES
Free Entry
Free Parking
GRAND SPONSOR
CHINNA JEWELERS
FOR MORE INFO & PARTICIPATION CALL
SONIA WALIA
925-565-6058
PARAMJIT NOKWAL
925-323-2523
HARPREET SUTTI
925-465-3414

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

STEER TIRE
295/75R22.5

With Installation
Singh: 510-766-9382

SPECIAL OFFER !!



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

## S. Singh Cell: (510) 766-9382

**2955 N. Wilson Way Stockton , CA 95205**

Surjit Singh Flora
6 Havelock Drive
Brampton, Canada
647-829-9397



# ਟੀ-20 ਵਿਸ਼ਵ ਜਿੱਤ ਸਿਰਫ਼ ਕ੍ਰਿਕਟ ਦੀ ਸਫ਼ਲਤਾ ਨਹੀਂ ਹੈ ਸਗੋਂ ਰਾਸ਼ਟਰੀ ਮਾਣ ਦਾ ਪਲ ਹੈ- ਸ਼ਾਬਾਸ਼ ਟੀਮ ਇੰਡੀਆ

ਟੀਮ ਇੰਡੀਆ ਨੇ ਇੱਕ ਵਾਰ ਫਿਰ ਅਜਿਹਾ ਕੀਤਾ ਹੈ। ਇਸ ਨੇ 2011 ਵਿੱਚ ਆਪਣੇ ਆਖ਼ਰੀ ਖ਼ਿਤਾਬ ਤੋਂ ਬਾਅਦ 13 ਸਾਲਾਂ ਦੇ ਲੰਬੇ ਇੰਤਜ਼ਾਰ ਨੂੰ ਖਤਮ ਕਰਦੇ ਹੋਏ, ਟੀ-20 ਵਿਸ਼ਵ ਕੱਪ ਜਿੱਤ ਕੇ ਇੱਕ ਵਾਰ ਫਿਰ ਕ੍ਰਿਕਟ ਦੀ ਦੂਨੀਆਂ ਦੇ ਇਤਿਹਾਸ ਵਿੱਚ ਆਪਣਾ ਨਾਮ ਦਰਜ ਕਰ ਲਿਆ ਹੈ। ਕਿਸੇ ਵੀ ਜਿੱਤ ਵਾਂਗ, ਇਹ ਸਸਤੀ ਨਹੀਂ ਆਉਂਦੀ। ਇਸ ਜਿੱਤ ਲਈ ਕੋਚ ਅਤੇ ਸਹਿਯੋਗੀ ਸਟਾਫ਼ ਦੇ ਯਤਨਾਂ ਦੇ ਨਾਲ-ਨਾਲ ਖਿਡਾਰੀਆਂ ਦੀ ਸਖ਼ਤ ਮਿਹਨਤ ਅਤੇ ਲਗਨ ਨੂੰ ਵਧਾਈ ਦੇਣੀ ਚਾਹੀਦੀ ਹੈ। ਇਸ ਮਹੱਤਵਪੂਰਨ ਜਿੱਤ ਦੀ ਯਾਤਰਾ ਇੱਕ ਰੋਲਰ-ਕੋਸਟਰ ਰਾਈਡ ਰਹੀ ਹੈ, ਜੋ ਅਜ਼ਮਾਇਸ਼ਾਂ, ਮੁਸੀਬਤਾਂ ਅਤੇ ਪੂਰੀ ਤਰ੍ਹਾਂ ਨਾਲ ਸ਼ਾਨਦਾਰ ਪਲਾਂ ਨਾਲ ਭਰੀ ਹੋਈ ਹੈ। ਇਹ ਜਿੱਤ ਨਾ ਸਿਰਫ ਭਾਰਤ ਦੇ ਲੱਖਾਂ ਕ੍ਰਿਕਟ ਪ੍ਰਸ਼ੰਸਕਾਂ ਲਈ ਬਹੁਤ ਖੁਸ਼ੀ ਲਿਆਉਂਦੀ ਹੈ ਜੋ ਕਿ ਤੇਜ਼ ਗਰਮੀ ਕਾਰਨ ਬੇਚੈਨ ਹਨ। ਅੰਤ ਵਿੱਚ, ਮੌਨਸੂਨ ਦੀ ਬਾਰਸ਼ ਅਤੇ ਜਿੱਤ ਦੀ ਠੰਡੀ ਹਵਾ ਉਹਨਾਂ ਨੂੰ ਆਉਣ ਵਾਲੇ ਸਾਲਾਂ ਲਈ ਖੁਸ਼ੀ ਅਤੇ ਕੁਝ ਦਿਲ ਨੂੰ ਖੁਸ਼ ਕਰਨ ਵਾਲੀ ਚੀਜ਼ ਲਿਆਉਂਦੀ ਹੈ।

ਦਰਅਸਲ, ਇਸ ਇਤਿਹਾਸਕ ਜਿੱਤ ਦਾ ਰਸਤਾ ਕੁਝ ਵੀ ਆਸਾਨ ਸੀ। ਫਾਈਨਲ ਆਪਣੇ ਆਪ ਵਿੱਚ ਵੀ ਇੱਕ ਬਹਾਦਰੀ ਵਾਲਾ ਯਤਨ ਸੀ ਕਿਉਂਕਿ ਟੀਮ ਇੰਡੀਆ 15ਵੇਂ ਓਵਰ ਤੱਕ ਦਬਾਅ ਵਿੱਚ ਸੀ ਜਦੋਂ ਅੰਕੜਿਆਂ ਦੇ ਵਿਸ਼ਲੇਸ਼ਣ ਨੇ ਦਿਖਾਇਆ ਕਿ ਭਾਰਤ ਕੋਲ ਜਿੱਤਣ ਦੇ ਸਿਰਫ 8 ਪ੍ਰਤੀਸ਼ਤ ਮੌਕੇ ਸਨ। ਟੀ-20 ਵਿਸ਼ਵ ਕੱਪ 'ਚ ਭਾਰਤ ਦੀ ਮੁਹਿੰਮ 'ਚ ਰੋਮਾਂਚਕ ਜਿੱਤਾਂ ਅਤੇ ਨਹੁੰ-ਦੰਗਣ ਵਾਲੀ ਸਮਾਪਤੀ ਦਾ ਮਿਸ਼ਰਣ ਦੇਖਣ ਨੂੰ ਮਿਲਿਆ। ਇੱਕ ਗਤੀਸ਼ੀਲ ਕਪਤਾਨ, ਰੋਹਿਤ ਸ਼ਰਮਾ ਦੀ ਅਗਵਾਈ ਵਿੱਚ, ਭਾਰਤ ਨੇ ਇੱਕ ਸੰਤੁਲਿਤ ਅਤੇ ਮਜ਼ਬੂਤ ਟੀਮ ਦੀ ਸਿਰਜਣਾ ਕਰਦੇ ਹੋਏ, ਤਜਰਬੇਕਾਰ ਦਿੱਗਜਾਂ ਅਤੇ ਨੌਜਵਾਨ ਪ੍ਰਤਿਭਾਵਾਂ ਦੇ ਸੁਮੇਲ ਦਾ ਪ੍ਰਦਰਸ਼ਨ ਕੀਤਾ। ਗਰੁੱਪ ਗੇੜਾਂ ਵਿੱਚ ਭਾਰਤ ਨੇ ਵਿਆਪਕ ਜਿੱਤਾਂ ਦੀ ਲੜੀ ਦੇ ਨਾਲ ਆਪਣੇ ਵਿਰੋਧੀਆਂ 'ਤੇ ਹਾਵੀ ਹੁੰਦੇ ਦੇਖਿਆ। ਪੁਰਾਣੇ ਵਿਰੋਧੀ ਪਾਕਿਸਤਾਨ ਦੇ ਖਿਲਾਫ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ, ਜਦੋਂ ਭਾਰਤ ਨੇ ਮੈਚ ਜਿੱਤਣ ਲਈ ਖੇਡ ਵਿੱਚ ਵਾਪਸੀ ਕੀਤੀ।

ਭਾਰਤ ਨੇ ਕੇਨਸਿੰਗਟਨ ਓਵਲ, ਬਾਰਬਾਡੋਸ ਵਿੱਚ ਟੀ-20 ਵਿਸ਼ਵ ਕੱਪ 2024 ਦੇ ਫਾਈਨਲ ਮੈਚ ਵਿੱਚ ਦੱਖਣੀ ਅਫਰੀਕਾ ਨੂੰ 7 ਦੌੜਾਂ ਨਾਲ ਹਰਾ ਦਿੱਤਾ। ਅਰਸ਼ਦੀਪ ਸਿੰਘ, ਹਾਰਦਿਕ ਪੰਡਯਾ ਅਤੇ ਜਸਪ੍ਰੀਤ ਬੁਮਰਾਹ ਦੀ ਅਗਵਾਈ ਵਿੱਚ ਭਾਰਤੀ ਗੇਂਦਬਾਜ਼ੀ ਹਮਲੇ, ਜਿਨ੍ਹਾਂ ਨੇ ਦੋ-ਦੋ ਵਿਕਟਾਂ ਲਈਆਂ, ਨੇ ਕੁੱਲ ਦਾ ਬਚਾਅ ਕਰਨ ਵਿੱਚ ਨਿਰਣਾਇਕ ਸਾਬਤ ਕੀਤਾ, ਜਿਸ ਨਾਲ ਦੱਖਣੀ ਅਫਰੀਕਾ ਕਮਜ਼ੋਰ ਪੈ ਗਿਆ।

ਇਸ ਤੋਂ ਪਹਿਲਾਂ ਮੈਚ 'ਚ ਵਿਰਾਟ ਕੋਹਲੀ ਨੇ 59 ਗੇਂਦਾਂ 'ਤੇ 76 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ, ਜਿਸ ਨਾਲ ਭਾਰਤ ਨੇ ਨਿਰਧਾਰਤ 20 ਓਵਰਾਂ 'ਚ 7 ਵਿਕਟਾਂ 'ਤੇ 176 ਦੌੜਾਂ ਦਾ ਸ਼ਾਨਦਾਰ ਸਕੋਰ ਖੜ੍ਹਾ ਕੀਤਾ। ਇਹ ਸਕੋਰ ਪੁਰਸ਼ਾਂ ਦੇ ਟੀ-20 ਵਿਸ਼ਵ ਕੱਪ ਦੇ ਫਾਈਨਲ ਵਿੱਚ ਰਿਕਾਰਡ ਕੀਤਾ ਗਿਆ ਸਭ ਤੋਂ ਵੱਡਾ ਸਕੋਰ ਹੈ। ਭਾਰਤ ਨੇ ਆਪਣੇ ਆਪ ਨੂੰ ਸ਼ੁਰੂਆਤੀ ਮੁਸ਼ਕਲ ਵਿੱਚ ਪਾਇਆ, ਸਿਰਫ 4.3 ਓਵਰਾਂ ਵਿੱਚ 3 ਵਿਕਟਾਂ 'ਤੇ 34 ਦੌੜਾਂ ਬਣਾ ਲਈਆਂ। ਹਾਲਾਂਕਿ, ਕੋਹਲੀ ਅਤੇ ਅਕਸ਼ਰ ਪਟੇਲ ਵਿਚਕਾਰ 72 ਦੌੜਾਂ ਦੀ ਮਹੱਤਵਪੂਰਨ ਸਾਂਝੇਦਾਰੀ ਨੇ ਪਾਰੀ ਨੂੰ ਸਥਿਰ ਕਰਨ ਵਿੱਚ ਮਦਦ ਕੀਤੀ। ਅਕਸ਼ਰ ਨੇ ਆਊਟ ਹੋਣ ਤੋਂ ਪਹਿਲਾਂ 31 ਗੇਂਦਾਂ 'ਤੇ 47 ਦੌੜਾਂ ਬਣਾ ਕੇ ਅਹਿਮ ਯੋਗਦਾਨ ਪਾਇਆ।

ਦੱਖਣੀ ਅਫ਼ਰੀਕਾ ਦੇ ਗੇਂਦਬਾਜ਼ ਕੇਸ਼ਵ ਮਹਾਰਾਜ ਅਤੇ ਐਨਰਿਕ ਨੋਰਟਜੇ ਨੇ ਦੋ-ਦੋ ਵਿਕਟਾਂ ਲਈਆਂ। ਮਹਾਰਾਜ ਨੇ 23 ਦੌੜਾਂ ਦੇ ਕੇ 2 ਵਿਕਟਾਂ ਦੇ ਪ੍ਰਭਾਵਸ਼ਾਲੀ ਅੰਕੜੇ ਦੇ ਨਾਲ ਸਮਾਪਤ ਕੀਤਾ, ਜਦੋਂ ਕਿ ਨੋਰਟਜੇ ਨੇ 26 ਦੌੜਾਂ ਦੇ ਕੇ 2 ਵਿਕਟਾਂ ਲਈਆਂ। ਉਨ੍ਹਾਂ ਦੀਆਂ ਕੋਸ਼ਿਸ਼ਾਂ ਦੇ ਬਾਵਜੂਦ, ਪ੍ਰੋਟੀਜ਼ ਭਾਰਤੀ ਬੱਲੇਬਾਜ਼ਾਂ ਨੂੰ ਕਾਬੂ ਕਰਨ ਵਿੱਚ ਅਸਮਰੱਥ ਰਹੇ, ਕੋਹਲੀ ਦੀ ਐਂਕਰਿੰਗ ਪਾਰੀ ਨੇ ਬਾਜੀ ਬਦਲ ਦਿੱਤੀ।

ਦੂਜੀ ਪਾਰੀ 'ਚ ਭਾਰਤੀ ਗੇਂਦਬਾਜ਼ਾਂ ਨੇ ਦੱਖਣੀ ਅਫਰੀਕਾ ਦੇ ਬੱਲੇਬਾਜ਼ਾਂ 'ਤੇ ਦਬਾਅ ਬਣਾਈ ਰੱਖਿਆ। ਅਰਸ਼ਦੀਪ ਅਤੇ ਬੁਮਰਾਹ ਦੀਆਂ ਸ਼ੁਰੂਆਤੀ ਸਫਲਤਾਵਾਂ ਨੇ ਸੁਰ ਤੈਅ ਕੀਤਾ, ਅਤੇ ਪਟੇਲ ਅਤੇ ਪੰਡਯਾ ਦੀ ਚਿੱਪਿੰਗ ਨਾਲ, ਦੱਖਣੀ ਅਫਰੀਕਾ ਦਾ ਪਿੱਛਾ ਪਟੜੀ ਤੋਂ ਉਤਰ ਗਿਆ। ਭਾਰਤ ਦੀ ਫੀਲਡਿੰਗ ਅਤੇ ਰਣਨੀਤਕ ਗੇਂਦਬਾਜ਼ੀ ਵਿੱਚ ਬਦਲਾਅ ਦੱਖਣੀ ਅਫਰੀਕਾ ਨੇ ਕਿਸੇ ਵੀ ਗਤੀ ਨੂੰ ਬਣਾਉਣ ਦੀ ਕੋਸ਼ਿਸ਼ ਕੀਤੀ ਸੀ।

ਇਸ ਜਿੱਤ ਨੇ ਨਾ ਸਿਰਫ਼ ਭਾਰਤ ਨੂੰ ਟੀ-20 ਵਿਸ਼ਵ ਕੱਪ ਚੈਂਪੀਅਨ ਬਣਾਇਆ ਸਗੋਂ ਟੀਮ ਦੀ ਡੂੰਘਾਈ ਅਤੇ ਲਚਕੀਲੇਪਣ ਨੂੰ ਵੀ ਉਜਾਗਰ ਕੀਤਾ। ਵਿਰਾਟ ਕੋਹਲੀ ਦੀ ਅਗਵਾਈ ਅਤੇ ਪ੍ਰਦਰਸ਼ਨ ਮਹੱਤਵਪੂਰਨ ਸੀ, ਅਤੇ ਬੱਲੇਬਾਜ਼ੀ ਅਤੇ ਗੇਂਦਬਾਜ਼ੀ ਦੋਵਾਂ ਇਕਾਈਆਂ ਦੇ ਸੰਤੁਲਿਤ ਯੋਗਦਾਨ ਨੇ ਵਿਸ਼ਵ ਪੱਧਰ 'ਤੇ ਭਾਰਤ ਲਈ ਯਾਦਗਾਰ ਜਿੱਤ ਯਕੀਨੀ ਬਣਾਈ।

ਜਿਥੇ ਕਿ ਤੇਜ਼ ਰਫ਼ਤਾਰ ਹਮਲੇ ਅਤੇ ਚਲਾਕ ਸਪਿਨਰਾਂ ਦੀ ਅਗਵਾਈ ਵਾਲੇ ਗੇਂਦਬਾਜ਼ਾਂ ਨੇ ਇਹ ਯਕੀਨੀ ਬਣਾਇਆ ਕਿ ਵਿਰੋਧੀ ਟੀਮਾਂ ਗਤੀ ਲੱਭਣ ਲਈ ਸੰਘਰਸ਼ ਕਰ ਰਹੀਆਂ ਹਨ। ਕਈ ਖਿਡਾਰੀ ਪੂਰੇ ਟੂਰਨਾਮੈਂਟ ਦੌਰਾਨ ਆਪਣੇ ਬੇਮਿਸਾਲ ਪ੍ਰਦਰਸ਼ਨ ਲਈ ਬਾਹਰ ਖੜ੍ਹੇ ਰਹੇ। ਕਪਤਾਨ ਦੀ ਅਗਵਾਈ ਮਹੱਤਵਪੂਰਨ ਸੀ, ਉਸਦੀ ਰਣਨੀਤਕ ਕੁਸ਼ਲਤਾ ਅਤੇ ਟੀਮ ਨੂੰ ਪ੍ਰੇਰਿਤ ਕਰਨ ਦੀ ਯੋਗਤਾ ਨੇ ਭਾਰਤ ਦੀ ਸਫਲਤਾ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਈ। ਇੱਕ ਅਨੁਭਵੀ ਤੇਜ਼ ਗੇਂਦਬਾਜ਼ ਜਸਪ੍ਰੀਤ ਬੁਮਰਾਹ ਦੀ ਅਗਵਾਈ ਵਾਲੀ ਗੇਂਦਬਾਜ਼ੀ ਯੂਨਿਟ ਅਸਲ ਵਿੱਚ ਪ੍ਰਭਾਵਸ਼ਾਲੀ ਸੀ। ਜਦੋਂ ਟੀਮ ਇੰਡੀਆ ਨੂੰ ਇਸਦੀ ਸਭ ਤੋਂ ਵੱਧ ਲੋੜ ਹੁੰਦੀ ਸੀ, ਤਾਂ ਗੇਂਦ ਨੂੰ ਦੋਵੇਂ ਤਰੀਕਿਆਂ ਨਾਲ ਸਵਿੰਗ ਕਰਨ ਅਤੇ ਮਹੱਤਵਪੂਰਨ ਵਿਕਟਾਂ ਲੈਣ ਦੀ ਉਸਦੀ ਯੋਗਤਾ। ਉਸ ਦਾ ਓਵਰ ਮੈਚ ਦਾ ਟਰਨਿੰਗ ਪੁਆਇੰਟ ਸੀ। ਟੀ-20 ਵਿਸ਼ਵ ਕੱਪ ਖਿਤਾਬ ਲਈ ਦੱਖਣੀ ਅਫ਼ਰੀਕਾ 'ਤੇ ਭਾਰਤ ਦੀ ਇਤਿਹਾਸਕ ਜਿੱਤ ਤੋਂ ਬਾਅਦ ਜਸ਼ਨਾਂ ਦਾ ਸਿਲਸਿਲਾ ਜਾਰੀ ਹੈ, ਇਹ ਇੱਕ ਮਾਮੂਲੀ ਪਲ ਹੈ ਕਿਉਂਕਿ ਭਾਰਤੀ ਕ੍ਰਿਕਟ ਦੇ ਦੋ ਦਿੱਗਜ ਖਿਡਾਰੀਆਂ ਵਿਰਾਟ ਕੋਹਲੀ ਅਤੇ ਰੋਹਿਤ ਸ਼ਰਮਾ ਨੇ ਟੀ-20 ਅੰਤਰਰਾਸ਼ਟਰੀ ਮੈਚਾਂ ਤੋਂ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ ਹੈ। ਜਿੱਤ ਨੇ ਸੱਚਮੁੱਚ ਉਨ੍ਹਾਂ ਲੋਕਾਂ ਦੇ ਹੌਸਲੇ ਬੁਲੰਦ ਕੀਤੇ ਹਨ, ਜਿਨ੍ਹਾਂ ਨੇ ਸੜਕਾਂ 'ਤੇ ਆ ਕੇ, ਪਟਾਕੇ ਚਲਾ ਕੇ ਅਤੇ ਤਿਰੰਗਾ ਲਹਿਰਾ ਕੇ ਆਪਣੇ ਹੀ ਅੰਦਾਜ਼ 'ਚ ਜਸ਼ਨ ਮਨਾਇਆ। ਇਹ ਜਿੱਤ ਸਿਰਫ਼ ਕ੍ਰਿਕਟ ਦੀ ਸਫ਼ਲਤਾ ਨਹੀਂ ਹੈ, ਸਗੋਂ ਰਾਸ਼ਟਰੀ ਮਾਣ ਦਾ ਪਲ ਹੈ, ਜੋ ਦੇਸ਼ ਨੂੰ ਖ਼ੁਸ਼ੀ ਅਤੇ ਜਸ਼ਨ ਵਿੱਚ ਜੋੜਦਾ ਹੈ। ਇਹ ਭਾਰਤੀ ਟੀਮ ਦੀ ਸਖ਼ਤ ਮਿਹਨਤ, ਲਗਨ ਅਤੇ ਕਦੇ ਨਾ ਭੁਲਣ ਵਾਲੇ ਰਵੱਈਏ ਦਾ ਪ੍ਰਮਾਣ ਹੈ। 13 ਸਾਲਾਂ ਦੇ ਅੰਤਰਾਲ ਤੋਂ ਬਾਅਦ ਭਾਰਤ ਦੀ ਟੀ-20 ਵਿਸ਼ਵ ਕੱਪ ਜਿੱਤ ਲਚਕੀਲੇਪਣ, ਪ੍ਰਤਿਭਾ ਅਤੇ ਦ੍ਰਿੜ ਇਰਾਦੇ ਦੀ ਕਹਾਣੀ ਹੈ। ਇਹ ਉਹ ਪਲ ਹੈ ਜੋ ਪੀੜ੍ਹੀਆਂ ਲਈ ਪਾਲਿਆ ਜਾਵੇਗਾ ਅਤੇ ਉਸ ਜਾਦੂ ਦੀ ਯਾਦ ਦਿਵਾਉਂਦਾ ਹੈ ਜੋ ਕ੍ਰਿਕਟ ਲੱਖਾਂ ਲੋਕਾਂ ਦੇ ਦਿਲਾਂ ਵਿੱਚ ਲਿਆ ਸਕਦਾ ਹੈ। ਸ਼ਾਬਾਸ਼ ਟੀਮ ਇੰਡੀਆ। ਲੱਗੇ ਰਹੋ !







E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
PT30
$20 MONTHLY
SUBSCRIPTION
Tracking
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

**Email: palfilms@yahoo.com, palfilms925@gmail.com, www.palfilms.com**

**4007 Railroad Ave
Pittsburgh, CA 94565**




ਸਮੁੱਚੀ ਲੋਕਾਈ ਨੂੰ ਸਾਂਝੀਵਾਲਤਾ ਦਾ ਉਪਦੇਸ਼ ਦੇਣ ਵਾਲੇ

# ਮਹਾਨ ਸੰਤ ਅਤੇ ਕਵੀ ਭਗਤ ਕਬੀਰ ਜੀ ਦੇ ਆਗਮਨ ਪੂਰਬ ਸੰਬੰਧੀ

ਸਰਬੱਤ ਦੇ ਭਲੇ ਲਈ

## ਸ੍ਰੀ ਅਖੰਡ ਪਾਠ ਸਾਹਿਬ ਅਤੇ ਕਥਾ -ਕੀਰਤਨ

09,10 ਅਤੇ 11 ਅਗਸਤ ਦਿਨ ਸ਼ੁੱਕਰ, ਸ਼ਨੀ ਅਤੇ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ

**ਸੰਗਤ ਤੇ ਸੇਵਾਦਾਰਾਂ ਦੇ ਪਰਿਵਾਰਾਂ ਵੱਲੋਂ ਸੇਵਾ**

**09 ਅਗਸਤ, 2024**
(ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ)

**11 ਅਗਸਤ, 2024**
(ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ)

ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵੀ ਕੀਰਤਨ ਦੀਵਾਨ ਸੱਜਣਗੇ ਤੇ ਸੰਗਤਾਂ ਨੂੰ ਮਹਾਨ ਕੀਰਤਨੀਆਂ ਤੇ ਰਾਗੀਆਂ ਵੱਲੋਂ ਨਿਹਾਲ ਕੀਤਾ ਜਾਵੇਗਾ ।

**ਸੇਵਾਦਾਰ ਪਰਿਵਾਰਾਂ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ |**

ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਪਹੁੰਚੋ ਤੇ ਆਪਣੀਆਂ ਹਾਜ਼ਰੀਆਂ ਲਗਵਾਓ ਜੀ

ਸਮੂਹ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਸਮਾਗਮ ਦੌਰਾਨ ਲੰਗਰ ਦੀ ਸੇਵਾ ਕਰਕੇ ਗੁਰੂ ਦੀਆਂ ਖੁਸ਼ੀਆਂ ਤੇ ਅਸ਼ੀਰਵਾਦ ਪ੍ਰਾਪਤ ਕਰੋ ਜੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : ਰਮੇਸ਼ ਸੁਮਨ : (925) 366 3618 | ਦਿਲਬਾਗ਼ ਸਿੰਘ (209) 834 4641 | ਵਿਨੋਦ ਕੁਮਾਰ : +1 (408) 718-2506

**SRI GURU RAVIDASS TEMPLE: 2150 CRESTVIEW DRIVE, PITTSBURG, CA 94565**



ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

# ਸਪੋਰਟਸ ਫਿਜ਼ੀਓਥੈਰੇਪਿਸਟ ਕਿਵੇਂ ਬਣਨਾ ਹੈ

ਸਪੋਰਟਸ ਫਿਜ਼ੀਓਥੈਰੇਪਿਸਟ ਉਹ ਪੇਸ਼ੇਵਰ ਹੁੰਦਾ ਹੈ ਜੋ ਖਿਡਾਰੀਆਂ ਨੂੰ ਵੱਖ-ਵੱਖ ਖੇਤਰਾਂ ਵਿੱਚ ਸਿਖਲਾਈ ਦੇਣ ਵਿੱਚ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ ਅਤੇ ਲੋੜ ਪੈਣ 'ਤੇ ਖੇਡਾਂ ਦੀਆਂ ਸੱਟਾਂ ਦਾ ਪ੍ਰਬੰਧਨ ਕਰਦਾ ਹੈ। ਸਪੋਰਟਸ ਫਿਜ਼ੀਓਥੈਰੇਪਿਸਟਾਂ ਨੂੰ ਖੇਡਾਂ ਦੀਆਂ ਸੱਟਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਦਾ ਇਲਾਜ ਕਰਨਾ ਹੁੰਦਾ ਹੈ ਇਸ ਲਈ ਸਪੋਰਟਸ ਫਿਜ਼ੀਕਲ ਥੈਰੇਪੀ ਵਿੱਚ ਮੁਹਾਰਤ ਦੀ ਲੋੜ ਹੁੰਦੀ ਹੈ। ਖੇਡਾਂ ਵਿੱਚ ਲਗਾਤਾਰ ਵੱਧਦੇ ਮੁਕਾਬਲੇ ਅਤੇ ਪੂਰੀ ਤਰ੍ਹਾਂ ਪੇਸ਼ੇਵਰਤਾ ਦੇ ਨਾਲ, ਵੱਡੀ ਗਿਣਤੀ ਵਿੱਚ ਖਿਡਾਰੀਆਂ ਨੂੰ ਪ੍ਰਭਾਵਿਤ ਕਰਨ ਵਾਲੀਆਂ ਸੱਟਾਂ ਵਿੱਚ ਵਾਧਾ ਹੋਇਆ ਹੈ ਜਿਸ ਨਾਲ ਅੱਜ ਦੇ ਸੰਦਰਭ ਵਿੱਚ ਇੱਕ ਖੇਡ ਫਿਜ਼ੀਓਥੈਰੇਪਿਸਟ ਦੀ ਭੂਮਿਕਾ ਹੋਰ ਵੀ ਮਹੱਤਵਪੂਰਨ ਹੋ ਗਈ ਹੈ। ਸਪੋਰਟਸ ਫਿਜ਼ੀਓਥੈਰੇਪਿਸਟ ਯੋਗਤਾ ਵਿੱਦਿਅਕ ਯੋਗਤਾ ਸਪੋਰਟਸ ਫਿਜ਼ੀਓਥੈਰੇਪਿਸਟ ਬਣਨ ਲਈ ਘੱਟੋ-ਘੱਟ ਯੋਗਤਾ 12ਵੀਂ ਪਾਸ ਜਾਂ ਇਸ ਦੇ ਬਰਾਬਰ ਦੀ ਪ੍ਰੀਖਿਆ ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਜੀਵ ਵਿਗਿਆਨ ਅਤੇ ਅੰਗਰੇਜ਼ੀ ਮੁੱਖ ਵਿਸ਼ਿਆਂ ਦੇ ਰੂਪ ਵਿੱਚ ਹੈ। ਸਪੋਰਟਸ ਫਿਜ਼ੀਓਥੈਰੇਪਿਸਟ ਲੋੜੀਂਦੇ ਹੁਨਰ ਸਪੋਰਟਸ ਫਿਜ਼ੀਓਥੈਰੇਪਿਸਟ ਲਾਜ਼ਮੀ ਤੌਰ 'ਤੇ ਆਪਣੇ ਕਲਾਇੰਟਸ ਯਾਨੀ ਖਿਡਾਰੀਆਂ ਨਾਲ ਤਾਲਮੇਲ ਬਣਾਉਣ ਅਤੇ ਟੀਮ ਪ੍ਰਬੰਧਨ ਦੇ ਨਾਲ-ਨਾਲ ਹੋਰ ਸਿਹਤ ਸੰਭਾਲ ਪੇਸ਼ੇਵਰਾਂ, ਜਿਵੇਂ ਕਿ ਆਕੂਪੇਸ਼ਨਲ ਥੈਰੇਪਿਸਟ ਆਦਿ ਨਾਲ ਸੰਚਾਰ ਕਾਇਮ ਰੱਖਣ ਦੇ ਯੋਗ ਹੋਣਾ ਚਾਹੀਦਾ ਹੈ। ਉਨ੍ਹਾਂ ਨੂੰ ਸਹਿਣਸ਼ੀਲ, ਧੀਰਜਵਾਨ, ਟੀਮ ਦੇ ਖਿਡਾਰੀ ਅਤੇ ਹਮਦਰਦ ਵੀ ਹੋਣਾ ਚਾਹੀਦਾ ਹੈ; ਪੱਧਰੀ, ਵਿਹਾਰਕ ਅਤੇ ਚੰਗੇ ਸੰਚਾਰ ਹੁਨਰ ਹੋਣ ਕਿਉਂਕਿ ਉਹਨਾਂ ਨੂੰ ਲੰਬੇ ਸਮੇਂ ਲਈ ਅਤੇ ਆਪਣੇ ਘਰ ਤੋਂ ਦੂਰ ਲੰਬੇ ਸਮੇਂ ਲਈ ਕੰਮ ਕਰਨਾ ਪੈਂਦਾ ਹੈ। ਸਪੋਰਟਸ ਫਿਜ਼ੀਓਥੈਰੇਪਿਸਟ ਕਿਵੇਂ ਬਣਨਾ ਹੈ? ਸਪੋਰਟਸ ਸਾਈਕੋਥੈਰੇਪਿਸਟ ਬਣਨ ਲਈ ਇੱਕ ਸਪੋਰਟਸ ਫਿਜ਼ੀਓਥੈਰੇਪਿਸਟ ਬਣਨ ਲਈ ਹੇਠਾਂ ਦਿੱਤੇ ਕਦਮਾਂ ਵਿੱਚੋਂ ਲੰਘਣਾ ਪੈਂਦਾ ਹੈ: ਕਦਮ 1 ਫਿਜ਼ਿਕਸ, ਕੈਮਿਸਟਰੀ ਅਤੇ ਬਾਇਓਲੋਜੀ ਨਾਲ +2 ਪੂਰੀ ਕਰਨ ਤੋਂ ਬਾਅਦ ਚਾਹਵਾਨ ਸਪੋਰਟਸ ਫਿਜ਼ੀਓਥੈਰੇਪਿਸਟ ਨੂੰ ਫਿਜ਼ੀਓਥੈਰੇਪੀ ਜਾਂ ਬੈਚਲਰ ਆਫ਼ ਫਿਜ਼ੀਓਥੈਰੇਪੀ/ਬੀ.ਐਸ.ਸੀ. (ਫਿਜ਼ੀਓਥੈਰੇਪੀ) ਕੋਰਸ ਵਿੱਚ ਡਿਪਲੋਮਾ ਵਿੱਚ ਦਾਖਲਾ ਲੈਣ ਦੀ ਲੋੜ ਹੁੰਦੀ ਹੈ। ਇਹ ਕੋਰਸ ਇੰਸਟੀਚਿਊਟ ਦੇ ਆਧਾਰ 'ਤੇ 3 ਜਾਂ 4 ਸਾਲਾਂ ਦਾ ਹੈ। ਭਾਰਤ ਦੇ ਕੁਝ ਨਾਮਵਰ ਸੰਸਥਾਨਾਂ ਵਿੱਚ ਇਸ ਕੋਰਸ ਵਿੱਚ ਦਾਖਲਾ ਭਾਰਤੀ ਰੀਹੈਬਲੀਟੇਸ਼ਨ ਕੌਂਸਲ ਦੁਆਰਾ ਕਰਵਾਈ ਗਈ ਸਾਂਝੀ ਦਾਖਲਾ ਪ੍ਰੀਖਿਆ ਵਿੱਚ ਰੈਂਕ ਦੇ ਆਧਾਰ 'ਤੇ ਦਿੱਤਾ ਜਾਂਦਾ ਹੈ।

ਇਹ ਪ੍ਰੀਖਿਆਵਾਂ ਆਮ ਤੌਰ 'ਤੇ ਮਈ-ਜੂਨ ਦੇ ਮਹੀਨੇ ਵਿੱਚ ਹੁੰਦੀਆਂ ਹਨ ਅਤੇ ਅੰਗਰੇਜ਼ੀ, ਭੌਤਿਕ ਵਿਗਿਆਨ, ਰਸਾਇਣ ਵਿਗਿਆਨ ਦੇ ਵਿਸ਼ੇ 'ਤੇ ਉਦੇਸ਼ ਕਿਸਮ ਦੇ ਪ੍ਰਸ਼ਨ ਹੁੰਦੇ ਹਨ; ਕਈ ਪ੍ਰਸ਼ਨਾਂ ਅਤੇ ਪੈਟਰਨ ਦੁਆਰਾ ਜੀਵ ਵਿਗਿਆਨ ਟੈਸਟ ਤੋਂ ਟੈਸਟ ਤੱਕ ਵੱਖੋ-ਵੱਖ ਹੋ ਸਕਦਾ ਹੈ। ਇਹਨਾਂ ਪ੍ਰੀਖਿਆਵਾਂ ਦੇ ਨਤੀਜੇ ਆਮ ਤੌਰ 'ਤੇ ਜੂਨ/ਜੁਲਾਈ ਤੱਕ ਆ ਜਾਂਦੇ ਹਨ। ਕਦਮ 2 ਇਸ ਤਿੰਨ ਜਾਂ ਚਾਰ ਸਾਲਾਂ ਦੇ ਬੀਪੀਟੀ ਡਿਗਰੀ ਕੋਰਸ ਅਤੇ ਛੇ ਮਹੀਨਿਆਂ ਦੀ ਲਾਜ਼ਮੀ ਸਿਖਲਾਈ ਨੂੰ ਪੂਰਾ ਕਰਨ ਤੋਂ ਬਾਅਦ ਕੋਈ ਵੀ ਚੋਣ ਕਰ ਸਕਦਾ ਹੈ। ਕੁਝ ਨੌਕਰੀਆਂ ਲਈ ਪ੍ਰਾਈਵੇਟ ਜਾਂ ਸਰਕਾਰੀ ਖੇਡ ਐਸੋਸੀਏਸ਼ਨਾਂ ਜਾਂ ਅਕੈਡਮੀਆਂ ਹਨ। ਜਿਹੜੇ ਲੋਕ ਸਬੰਧਤ ਖੇਤਰ ਵਿੱਚ ਖੋਜ ਵਿੱਚ ਸ਼ਾਮਲ ਹੋਣਾ ਚਾਹੁੰਦੇ ਹਨ, ਉਹ ਉੱਚ ਸਿੱਖਿਆ ਲਈ ਜਾ ਸਕਦੇ ਹਨ ਭਾਵ ਫਿਜ਼ੀਓਥੈਰੇਪੀ ਵਿੱਚ ਮਾਸਟਰ ਆਦਿ। ਫਿਜ਼ੀਓਥੈਰੇਪਿਸਟ ਨਾਲ ਸਬੰਧਤ ਕੋਰਸ ਪ੍ਰਦਾਨ ਕਰਨ ਵਾਲੀਆਂ ਸੰਸਥਾਵਾਂ ਦੀ ਸੂਚੀ। ਇੰਸਟੀਚਿਊਟ ਆਫ ਫਿਜ਼ੀਕਲ ਹੈਂਡੀਕੈਪਡ, ਨਵੀਂ ਦਿੱਲੀ ਲਕਸ਼ਮੀਬਾਈ ਨੈਸ਼ਨਲ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ, ਗਵਾਲੀਅਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਬਿਹਾਰ ਕਾਲਜ ਆਫ਼ ਫਿਜ਼ੀਓਥੈਰੇਪੀ ਅਤੇ ਆਕੂਪੇਸ਼ਨਲ ਥੈਰੇਪੀ, ਪਟਨਾ ਗੁਰੂ ਜੰਬੇਸ਼ਵਰ ਯੂਨੀਵਰਸਿਟੀ, ਹਿਸਾਰ ਇੰਦਰਾ ਗਾਂਧੀ ਸਰੀਰਕ ਸਿੱਖਿਆ ਅਤੇ ਖੇਡ ਵਿਗਿਆਨ ਸੰਸਥਾਨ, ਨਵੀਂ ਦਿੱਲੀ ਅਮਰ ਜੋਤੀ ਇੰਸਟੀਚਿਊਟ ਆਫ ਫਿਜ਼ੀਓਥੈਰੇਪੀ, ਨਵੀਂ ਦਿੱਲੀ ਜਾਮੀਆ ਹਮਦਰਦ ਯੂਨੀਵਰਸਿਟੀ, ਨਵੀਂ ਦਿੱਲੀ ਪੀਜੀਆਈਐਮਆਰ, ਚੰਡੀਗੜ੍ਹ ਸਪੋਰਟਸ ਫਿਜ਼ੀਓਥੈਰੇਪਿਸਟ ਨੌਕਰੀ ਦਾ ਵੇਰਵਾ ਸਪੋਰਟਸ ਫਿਜ਼ੀਓਥੈਰੇਪਿਸਟ ਨੌਕਰੀ ਦੇ ਵੇਰਵੇ ਵਿੱਚ ਖਿਡਾਰੀਆਂ ਨੂੰ ਸਿਖਲਾਈ ਦੇਣਾ ਅਤੇ ਉਹਨਾਂ ਦੇ ਤਰੀਕੇ ਨਾਲ ਆਉਣ ਵਾਲੀਆਂ ਕਈ ਕਿਸਮਾਂ ਦੀਆਂ ਖੇਡਾਂ ਦੀਆਂ ਸੱਟਾਂ ਦਾ ਪ੍ਰਬੰਧਨ ਕਰਨਾ ਸ਼ਾਮਲ ਹੈ। ਉਹ ਵੱਖ-ਵੱਖ ਤਰ੍ਹਾਂ ਦੇ ਇਲਾਜਾਂ ਦੀ ਵਰਤੋਂ ਕਰਕੇ ਫ੍ਰੈਕਚਰ, ਡਿਸਲੋਕੇਸ਼ਨ, ਨਸਾਂ ਦੀਆਂ ਸੱਟਾਂ ਵਰਗੇ ਮਾਮਲਿਆਂ ਦਾ ਇਲਾਜ ਕਰਦੇ ਹਨ। ਇਹ ਕਸਰਤ ਥੈਰੇਪੀ ਅਤੇ ਗਰਮੀ ਦੇ ਰੇਡੀਏਸ਼ਨ, ਬਿਜਲੀ, ਆਵਾਜ਼, ਪਾਣੀ ਅਤੇ ਮਸਾਜ ਸਮੇਤ ਹੋਰ ਉਪਚਾਰਕ ਏਜੰਟਾਂ ਰਾਹੀਂ ਜ਼ਖਮੀ ਖਿਡਾਰੀਆਂ ਦਾ ਇਲਾਜ ਕਰ ਸਕਦਾ ਹੈ।

ਸਪੋਰਟਸ ਫਿਜ਼ੀਓਥੈਰੇਪਿਸਟ ਕਮਜ਼ੋਰ ਮਾਸਪੇਸ਼ੀਆਂ ਨੂੰ ਵੀ ਠੀਕ ਕਰਦੇ ਹਨ,ਮੋਢੇ ਅਤੇ ਗੋਡਿਆਂ ਦੇ ਜੋੜਾਂ ਦੀ ਗਤੀਸ਼ੀਲਤਾ ਦੀਆਂ ਸੀਮਾਵਾਂ ਅਤੇ ਹੋਰ ਅਜਿਹੇ ਵਿਕਾਰ ਜੋ ਕਸਰਤ ਜਾਂ ਖੇਡ ਦੇ ਦੌਰਾਨ ਹੋ ਸਕਦੇ ਹਨ। ਸਪੋਰਟਸ ਫਿਜ਼ੀਓਥੈਰੇਪਿਸਟ ਕਰੀਅਰ ਦੀਆਂ ਸੰਭਾਵਨਾਵਾਂ ਮੌਜੂਦਾ ਹਾਲਾਤ ਵਿੱਚ ਸਪੋਰਟਸ ਫਿਜ਼ੀਓਥੈਰੇਪਿਸਟ ਨੂੰ ਕੈਰੀਅਰ ਵਜੋਂ ਲੈ ਰਹੇ ਲੋਕਾਂ ਲਈ ਬਹੁਤ ਗੁੰਜਾਇਸ਼ ਹੈ। ਕਿਉਂਕਿ ਜ਼ਿਆਦਾਤਰ ਖੇਡ ਐਸੋਸੀਏਸ਼ਨਾਂ ਅਤੇ ਸੰਸਥਾਵਾਂ ਅਥਲੀਟਾਂ ਅਤੇ ਖਿਡਾਰੀਆਂ ਦੀ ਮਦਦ ਕਰਨ ਲਈ ਫਿਜ਼ੀਓਥੈਰੇਪਿਸਟਾਂ ਨੂੰ ਨਿਯੁਕਤ ਕਰਦੀਆਂ ਹਨ। ਬਹੁਤ ਸਾਰੇ ਉੱਚ-ਪੱਧਰ ਦੇ ਖਿਡਾਰੀ ਆਪਣੇ ਵਿਅਕਤੀਗਤ ਫਿਜ਼ੀਓਥੈਰੇਪਿਸਟ ਨੂੰ ਸਲਾਹ ਦੇਣ ਅਤੇ ਉਹਨਾਂ ਦੀ ਸਰਵੋਤਮ ਸਰੀਰਕ ਤੰਦਰੁਸਤੀ ਬਣਾਈ ਰੱਖਣ ਵਿੱਚ ਮਦਦ ਕਰਨ ਲਈ ਨਿਯੁਕਤ ਕਰਦੇ ਹਨ।

ਵਧਦੀ ਸਿਹਤ ਚੇਤਨਾ ਦੇ ਨਾਲ, ਸਿਹਤ ਕਲੱਬ ਜਾਂ ਫਿਟਨੈਸ ਸੈਂਟਰਾਂ ਵਿੱਚ ਸਪੋਰਟਸ ਫਿਜ਼ੀਓਥੈਰੇਪਿਸਟਾਂ ਦੀ ਵੀ ਬਹੁਤ ਮੰਗ ਹੈ ਜੋ ਆਸਣ ਅਤੇ ਕਸਰਤ ਦੇ ਤਰੀਕਿਆਂ ਦੇ ਰੂਪ ਵਿੱਚ ਮਦਦ ਕਰ ਸਕਦੇ ਹਨ। ਸਪੋਰਟਸ ਫਿਜ਼ੀਓਥੈਰੇਪਿਸਟ ਦੀ ਤਨਖਾਹ ਸਪੋਰਟਸ ਫਿਜ਼ੀਓਥੈਰੇਪਿਸਟ ਸ਼ੁਰੂਆਤ ਕਰਨ ਲਈ 25,000 ਤੋਂ 30,000 ਰੁਪਏ ਪ੍ਰਤੀ ਮਹੀਨਾ ਪ੍ਰਾਪਤ ਕਰਨ ਦੀ ਉਮੀਦ ਕਰ ਸਕਦਾ ਹੈ ਹਾਲਾਂਕਿ ਵਿਅਕਤੀਗਤ ਪੇਸ਼ੇਵਰਾਂ ਦੀ ਯੋਗਤਾ 'ਤੇ ਨਿਰਭਰ ਕਰਦਾ ਹੈ। ਪ੍ਰਾਈਵੇਟ ਸਪੋਰਟਸ ਕਲੱਬਾਂ ਵਿੱਚ ਬਹੁਤ ਸਾਰਾ ਪੈਸਾ ਹੈ ਅਤੇ ਇਹ ਸਿਰਫ ਉਮੀਦਵਾਰਾਂ ਲਈ ਬਿਹਤਰ ਹੁੰਦਾ ਹੈ ਕਿਉਂਕਿ ਉਹ ਆਪਣੇ ਗਾਹਕਾਂ ਦਾ ਵਿਸ਼ਵਾਸ ਜਿੱਤਦੇ ਹਨ ਅਤੇ ਵਧੇਰੇ ਗਾਹਕਾਂ ਨੂੰ ਆਕਰਸ਼ਿਤ ਕਰਨ ਲਈ ਮੂੰਹੋਂ ਬੋਲ ਕੇ ਸਦਭਾਵਨਾ ਫੈਲਾਈ ਜਾਂਦੀ ਹੈ। ਕੁਝ ਸਾਲਾਂ ਦੇ ਸਮਰਪਿਤ ਕੰਮ ਅਤੇ ਮਾਸਟਰ ਡਿਗਰੀ ਦੇ ਨਾਲ ਕੁਝ ਤਜਰਬੇ ਨਾਲ ਇੱਕ ਸਪੋਰਟਸ ਫਿਜ਼ੀਓਥੈਰੇਪਿਸਟ ਪ੍ਰਤੀ ਮਹੀਨਾ 50,000 ਰੁਪਏ ਤੱਕ ਦੀ ਕਮਾਈ ਕਰ ਸਕਦਾ ਹੈ।




A One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354

# SUNLIGHT ADULT DAY HEALTH CARE CENTRE

ਬੁਢਾਪੇ ਨੂੰ ਖ਼ੁਸ਼ਹਾਲ ਤੇ ਰੰਗੀਨ ਬਣਾਓ
ਨਵੀਆਂ-ਨਵੀਆਂ communities ਦੇ
ਲੋਕਾਂ ਨਾਲ ਬਿਤਾਓ ਸਮਾਂ



**ਸੋਮਵਾਰ ਤੋਂ ਸ਼ੁਕਰਵਾਰ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ**




Bus Pickup & Drop
ਸਾਫ਼- ਸੁਥਰਾ ਮਾਹੌਲ
Health Care Facility

Physical, Occupational & Speech Therapy
Dietition ਦੁਆਰਾ ਤਿਆਰ Nutritional Diet
ਮੈਡੀਕਲ ਸਹੂਲਤਾਂ Entertainment ਲਈ GAMES

**ਅਸੀਂ ਤੁਹਾਡਾ ਮਨਪਸੰਦ 'ਇੰਡੀਅਨ ਖਾਣਾ' ਵੀ provide ਕਰਦੇ ਹਾਂ**



**ਅਗਰ ਤੁਹਾਡੇ ਕੋਲ ਮੈਡੀਕਲ ਹੈ ਤਾਂ ਸੈਂਟਰ ਵੱਲੋਂ ਤੁਹਾਨੂੰ ਸਾਰੀਆਂ ਸੇਵਾਵਾਂ ਮੁਫ਼ਤ ਮਿਲਣਗੀਆਂ**

ADDRESS:1581 Cummins Drive Suite 100, Modesto, CA 95358

**CALL TODAY AT - (209) 408-0019**

Email : sunlightadhc@yahoo.com

**ਅਸੀਂ ਹਰ ਸਮੇਂ ਤੁਹਾਡੀ ਮਦਦ ਲਈ ਤਿਆਰ-ਬਰ -ਤਿਆਰ ਹਾਂ**

# ਫਲ ਖਾਓ



ਖੱਟੇ ਮਿੱਠੇ ਫਲ ਖਾਓ,
ਮਿੱਠੇ-ਮਿੱਠੇ ਫਲ ਖਾਓ,
ਆਪਣੀ ਸਿਹਤ ਬਣਾਓ,
ਖੱਟੇ-ਮਿਠੇ ਫਲ ਖਾਓ,
ਆਪਣੀ ਤਾਕਤ ਹੋਰ ਵਧਾਓ,
ਖੱਟੇ -ਮਿੱਠੇ ਫਲ ਖਾਵਾਂਗੇ,
ਚੰਗੇ-ਚੰਗੇ ਫਲ ਖਾਵਾਂਗੇ,
ਫਲ ਖਾ ਕੇ ਕਦੀ ਬਿਮਾਰ ਨਹੀਂ ਹੋਵਾਂਗੇ।



**ਹਰਸਾਹਿਬ ਸਿੰਘ, ਜਮਾਤ-ਤੀਸਰੀ**
**ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਗੰਭੀਰਪੁਰ ਲੋਅਰ, ਜਿਲ੍ਹਾ ਰੂਪਨਗਰ,**
**ਗਾਈਡ ਅਧਿਆਪਕ**
**ਮਾਸਟਰ ਸੰਜੀਵ ਧਰਮਾਣੀ**
9478561356

# ਹਕੀਕਤ

*-ਅਬਦਾਲੀ ਦੇ ਸਮੇਂ ਭਾਰਤ ਦੀ ਇੱਜ਼ਤ ਦੀ ਕੀਮਤ ਇਕ ਟਕਾ ਸੀ ਤੇ ਸਿੰਘਾਂ ਦੇ ਸਿਰ ਦੀ ਕੀਮਤ 80 ਰੁਪਏ ਸੀ ਫਰਕ ਸਮਝੋ।

*-ਮਜ਼ਬੂਤ ਦਿਮਾਗ ਵਿਚਾਰਾਂ ਤੇ ਚਰਚਾ ਕਰਦਾ, ਔਸਤ ਦਿਮਾਗ ਘਟਨਾਵਾਂ ਤੇ, ਕਮਜ਼ੋਰ ਦਿਮਾਗ ਲੋਕਾਂ ਉੱਤੇ ਚਰਚਾ ਕਰਦਾ।

*-ਪੁਸਤਕਾਂ ਵੀ ਰੌਸ਼ਨੀ ਦਾ ਦਰਵਾਜਾ ਹੁੰਦੀਆਂ ਹਨ।

*-ਪਹਿਲਾਂ ਕਹਿਣਗੇ ਤੇਰੇ ਵਰਗਾ ਚੰਗਾ ਕੋਈ ਨਹੀਂ ਤੇ ਜਦੋਂ ਮਤਲਬ ਨਿਕਲ ਜਾਵੇ ਤਾਂ ਫੇਰ ਕਹਿਣਗੇ ਤੇਰੇ ਵਰਗਾ ਤਾਂ ਮਾੜਾ ਕੋਈ ਨਹੀਂ।

*-ਸਮੱਸਿਆ ਚਾਹੇ ਕਿੰਨੀ ਵੀ ਵੱਡੀ ਕਿਉਂ ਨਾ ਹੋਵੇ, ਜੇ ਤੁਹਾਡੇ ਕੋਲ ਦਿਮਾਗ ਹੈ ਤਾਂ ਤੁਹਾਡਾ ਕੁਝ ਵੀ ਨਹੀਂ ਵਿਗੜੇਗਾ।

*-ਲੋਕ ਕੀ ਕਹਿਣਗੇ? ਪਹਿਲੇ ਦਿਨ ਹੱਸਣਗੇ, ਦੂਜੇ ਦਿਨ ਮਜ਼ਾਕ ਉਡਾਉਣਗੇ, ਤੀਜੇ ਦਿਨ ਚੁੱਪ ਕਰ ਜਾਣਗੇ, ਚੌਥੇ ਦਿਨ ਭੁੱਲ ਜਾਣਗੇ। ਇਸ ਲਈ ਲੋਕਾਂ ਦੀ ਪ੍ਰਵਾਹ ਨਾ ਕਰੋ, ਉਹ ਕਰੋ ਜੋ ਤੁਹਾਨੂੰ ਸਹੀ ਲੱਗਦਾ ਹੈ। ਜੋ ਤੁਸੀਂ ਕਰਨਾ ਚਾਹੁੰਦੇ ਹੋ ਤੇ ਜਿਸ ਨਾਲ ਤੁਹਾਨੂੰ ਖੁਸ਼ੀ ਮਿਲਦੀ ਹੈ। ਯਾਦ ਰੱਖਣਾ ਜਿੰਦਗੀ ਤੁਹਾਡੀ ਹੈ, ਲੋਕਾਂ ਦੀ ਨਹੀਂ!

*-ਜੋ ਚਾਹੁਣ ਨਾਲ ਮਿਲੇ, ਉਸ ਨੂੰ ਚਾਹਤ ਕਹਿੰਦੇ ਹਨ। ਜੋ ਮੰਗਣ ਨਾਲ ਮਿਲੇ, ਉਸ ਨੂੰ ਮੰਨਤ ਕਹਿੰਦੇ ਹਨ। ਜੋ ਬਿਨਾਂ ਚਾਹੇ-ਬਿਨਾਂ ਮੰਗੇ ਮਿਲੇ, ਉਸ ਨੂੰ ਗੁਰੂ ਦੀ ਰਹਿਮਤ ਕਹਿੰਦੇ ਹਨ।

*-ਇਮਾਨਦਾਰੀ ਭਾਵੇਂ ਪੈਸਾ ਘੱਟ ਕਮਾਉਂਦੀ ਹੈ ਪਰ ਵਿਸ਼ਵਾਸ਼, ਇੱਜ਼ਤ ਅਤੇ ਲੋਕ ਕਮਾਉਣ ਵਿਚ ਕਾਮਯਾਬ ਰਹਿੰਦੀ ਹੈ।

*-ਅੱਤਵਾਦੀ-ਨਾ ਛੇੜ ਦਿੱਲੀਏ ਜੱਟਾਂ ਨੂੰ, ਅਸੀਂ ਲੈਣਾ ਜਾਣਦੇ ਹੱਕਾਂ ਨੂੰ, ਨੱਪੀਏ ਰੋਜ ਪੈਰਾਂ ਥੱਲੇ ਸੱਪਾਂ ਨੂੰ। ਨੱਪ ਤੇਰਾ ਵੀ ਅਸੀਂ ਤਖ਼ਤ ਤਾਜ ਲਵਾਂਗੇ, ਚੱਕ ਲਏ ਜੇ ਹਥਿਆਰ ਅਸੀਂ ਫਿਰ ਇਕੱਲਾ ਅੱਜ ਦਾ ਨਹੀਂ, 70 ਸਾਲਾਂ ਦਾ ਹਿਸਾਬ ਲਵਾਂਗੇ।

*-ਲੋਕ ਸ਼ਰਾਬ ਪਤਾ ਨਹੀਂ ਕਿਵੇਂ ਛੱਡ ਦਿੰਦੇ ਨੇ, ਏਥੇ ਸਾਲੀ ਚਾਹ ਨਹੀਂ ਛੱਡੀ ਜਾਂਦੀ।

*-ਗਰੀਬ ਦੇ ਬੂਹੇ ਤੇ ਰੱਬ ਤੋਂ ਬਿਨ੍ਹਾਂ ਕਦੇ ਕੋਈ ਨਹੀਂ ਜਾਂਦਾ।



**Paramjit Singh Sekhon (Dakha)**
President, Dal Khalsa Alliance
1700 Shattuck Ave, # 303 Berkeley CA 94709. (510)774 5909.
*A Nonprofit Organization Dedicated to Public Awareness*

LARRY T. NIERMEYER



Attorney at Law

OFFERING SERVICES IN THE FOLLOWING AREAS



1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation

PHONE: (209) 574-9447

1420 F STREET ST_ 2ND FLOOR MODESTO, CA 95354
Email : ltniermeyer@aol.com

ਸਾਂਝੀ ਸੋਚ HD

SANJHI SOCH TV & DAILY NEWSPAPER

TO EXPAND YOUR BUSINESS IN INDIAN COMMUNITY

Through Newspaper & T.V, Advertise with us just as low as $100 PER MONTH.

TV NEWS

NEWS

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com | Sanjhi Soch TV NRI

SANJHI SOCH HD

# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

SANJHI SOCH HD

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260